Designer & Customized WEDDING CARDS & BOXES
Shagun Envelopes & Saha Chithi
More Than 500 Designs of Wedding Cards & Boxes
More info Call us or Whatsapp: +91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 50 Chief Editor : Chowdhary Prabhjit Singh, Editor : Chhatarpal Singh 98146-32807, Wednuesday 5 August 2026 Price : 2 Rs. Page : 6


## ਮੌਨਸੂਨ ਇਜਲਾਸ : ਲੋਕ ਸਭਾ ਦੀ ਕਾਰਵਾਈ ਅੱਜ 11 ਵਜੇ ਤੱਕ ਲਈ ਮੁਲਤਵੀ

**ਨਵੀਂ ਦਿੱਲੀ, 4 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਵਿਰੋਧੀ ਪਾਰਟੀਆਂ ਦੇ ਵਿਆਪਕ ਹੰਗਾਮੇ ਅਤੇ ਵਿਰੋਧ ਕਾਰਨ ਸੰਸਦ ਦੇ ਮੌਨਸੂਨ ਇਜਲਾਸ ਦੌਰਾਨ ਲੋਕ ਸਭਾ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ। ਸਦਨ ਦੀ ਅਗਲੀ ਬੈਠਕ ਹੁਣ 5 ਅਗਸਤ, 2026 ਨੂੰ ਸਵੇਰੇ 11:00 ਵਜੇ ਲਈ ਮੁਲਤਵੀ ਕਰ ਦਿੱਤੀ ਗਈ ਹੈ।

ਲੋਕ ਸਭਾ ਵਿਚ ਅਯੁੱਧਿਆ ਰਾਮ ਮੰਦਰ ਕਥਿਤ ਚੜ੍ਹਾਵਾ ਚੋਰੀ ਅਤੇ ਦਿੱਲੀ ਵਿੱਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਪੁਲਸ ਕਾਰਵਾਈ ਦੇ ਮੁੱਦੇ ’ਤੇ ਕਾਂਗਰਸ ਅਤੇ ਸਮਾਜਵਾਦੀ ਪਾਰਟੀ ਸਮੇਤ ਵਿਰੋਧੀ ਧਿਰ ਦੇ ਮੈਂਬਰਾਂ ਨੇ ਮੰਗਲਵਾਰ ਨੂੰ ਹੰਗਾਮਾ ਕੀਤਾ, ਜਿਸ ਤੋਂ ਬਾਅਦ ਸਦਮ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਵਿਰੋਧੀ ਮੈਂਬਰਾਂ ਦੇ ਹੰਗਾਮੇ ਵਿਚਕਾਰ ਸਦਨ ਨੇ ਬਿਨਾਂ ਚਰਚਾ ਦੇ, ਧੁਨੀ ਵੋਟ ਦੁਆਰਾ ਵਿਨਿਯੋਜਨ (ਨੰਬਰ 3) ਬਿੱਲ, 2026 ਨੂੰ ਪਾਸ ਕਰ ਦਿੱਤਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸਦਨ ਵਿੱਚ ਹੰਗਾਮੇ ਦੌਰਾਨ ਟੈਕਸੇਸ਼ਨ ਅਤੇ ਹੋਰ ਕਾਨੂੰਨ (ਸੋਧ) ਬਿੱਲ, 2026 ਵੀ ਸਦਨ ਵਿੱਚ ਪੇਸ਼ ਕੀਤਾ ਗਿਆ।

ਇਸ ਤੋਂ ਪਹਿਲਾਂ ਜਦੋਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਵੇਰੇ 11 ਵਜੇ ਪ੍ਰਸ਼ਨ ਕਾਲ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ। ਉਹ ਅਯੁੱਧਿਆ ਦੇ ਰਾਮ ਮੰਦਰ ਵਿੱਚ ਭੇਟਾਂ ਦੀ ਕਥਿਤ ਚੋਰੀ ਦਾ ਮੁੱਦਾ ਉਠਾ ਰਹੇ ਸਨ ਅਤੇ ਦਿੱਲੀ ਵਿੱਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਪੁਲਸ ਕਾਰਵਾਈ ਬਾਰੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਬਿਆਨ ਦੀ ਮੰਗ ਕਰ ਰਹੇ ਸਨ। ਬਿਰਲਾ ਨੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੂੰ ਪ੍ਰਸ਼ਨ ਕਾਲ ਜਾਰੀ ਰੱਖਣ ਦੀ ਅਪੀਲ ਕਰਦਿਆਂ ਕਿਹਾ, ਮੈਂ ਤੁਹਾਨੂੰ ਸਾਰਿਆਂ ਨੂੰ ਬੋਲਣ ਦਾ ਮੌਕਾ ਦੇਵਾਂਗਾ ਪਰ ਪ੍ਰਸ਼ਨ ਕਾਲ ਸਿਰਫ਼ ਸਵਾਲਾਂ ਅਤੇ ਜਵਾਬਾਂ ਦਾ ਹੁੰਦਾ ਹੈ ਅਤੇ ਸਾਰਿਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕਾਰਵਾਈ ਚਲਾਉਣ ਵਿੱਚ ਸਹਿਯੋਗ ਕਰਨ।

ਉਨ੍ਹਾਂ ਕਿਹਾ, ਮੈਂ ਕੱਲ੍ਹ ਬੀਏਸੀ (ਕਾਰੋਬਾਰੀ ਸਲਾਹਕਾਰ ਕਮੇਟੀ) ਦੀ ਮੀਟਿੰਗ ਵਿੱਚ ਸਾਰੀਆਂ ਪਾਰਟੀਆਂ ਨੂੰ ਇਹ ਬੇਨਤੀ ਕੀਤੀ ਸੀ। ਸੰਸਦ ਲੋਕਤੰਤਰ ਦਾ ਸਭ ਤੋਂ ਉੱਚਾ ਮੰਚ ਹੈ ਅਤੇ ਚਰਚਾ ਅਤੇ ਗੱਲਬਾਤ ਲਈ ਹੈ। ਇਹ ਨਾਅਰੇਬਾਜ਼ੀ ਅਤੇ ਤਖ਼ਤੀਆਂ ਚੁੱਕਣ ਦਾ ਪਲੇਟਫਾਰਮ ਨਹੀਂ ਹੈ। ਹੰਗਾਮਾ ਜਾਰੀ ਰਹਿਣ ਕਾਰਨ ਸਪੀਕਰ ਨੇ ਸਦਨ ਨੂੰ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤਾ। ਥੋੜ੍ਹੀ ਦੇਰ ਲਈ ਮੁਲਤਵੀ ਕਰਨ ਤੋਂ ਬਾਅਦ ਸਦਨ ਦੁਪਹਿਰ 2 ਵਜੇ ਮੁੜ ਸ਼ੁਰੂ ਹੋਇਆ ਅਤੇ ਪ੍ਰਧਾਨਗੀ ਚੇਅਰਮੈਨ ਦਿਲੀਪ ਸੈਕੀਆ ਨੇ ਜ਼ਰੂਰੀ ਕਾਗਜ਼ਾਤ ਮੇਜ਼ ’ਤੇ ਰੱਖੇ। ਇਸ ਦੌਰਾਨ ਵਿਰੋਧੀ ਧਿਰ ਦੇ ਮੈਂਬਰ ਪਹਿਲਾਂ ਵਾਂਗ ਹੀ ਹੰਗਾਮਾ ਕਰਦੇ ਰਹੇ। ਹੰਗਾਮੇ ਦੇ ਵਿਚਕਾਰ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਟੈਕਸੇਸ਼ਨ ਅਤੇ ਹੋਰ ਕਾਨੂੰਨ (ਸੋਧ) ਬਿੱਲ, 2026 ਪੇਸ਼ ਕੀਤਾ।

ਸੈਕੀਆ ਨੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਆਪਣੀਆਂ ਸੀਟਾਂ ’ਤੇ ਵਾਪਸ ਜਾਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਇਹ ਇੱਕ ਮਹੱਤਵਪੂਰਨ ਬਿੱਲ ਹੈ ਅਤੇ ਸਾਰਿਆਂ ਨੂੰ ਸਹਿਯੋਗ ਕਰਨਾ ਚਾਹੀਦਾ ਹੈ। ਇਸ ਦੌਰਾਨ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਵਿਚਾਰ-ਵਟਾਂਦਰੇ ਅਤੇ ਪਾਸ ਹੋਣ ਲਈ ਵਿਨਿਯੋਜਨ (ਨੰਬਰ 3) ਬਿੱਲ ਪੇਸ਼ ਕੀਤਾ। ਵਿਰੋਧੀ ਧਿਰ ਦੇ ਹੰਗਾਮੇ ਦੇ ਵਿਚਕਾਰ, ਸਦਨ ਨੇ ਬਿੱਲ ਨੂੰ ਬਿਨਾਂ ਚਰਚਾ ਦੇ ਜ਼ੁਬਾਨੀ ਵੋਟ ਨਾਲ ਪਾਸ ਕਰ ਦਿੱਤਾ।

ਸੈਕੀਆ ਨੇ ਨਾਅਰੇਬਾਜ਼ੀ ਕਰਨ ਵਾਲੇ ਵਿਰੋਧੀ ਸੰਸਦ ਮੈਂਬਰਾਂ ਨੂੰ ਕਿਹਾ ਕਿ ਬੈਨਰਾਂ ਅਤੇ ਪੋਸਟਰਾਂ ਨਾਲ ਵਾਰ-ਵਾਰ ਸਦਨ ਵਿੱਚ ਆਉਣਾ ਸੰਸਦੀ ਪਰੰਪਰਾ ਦੇ ਅਨੁਸਾਰ ਨਹੀਂ ਹੈ। ਪ੍ਰਧਾਨਗੀ ਮੰਡਲ ਵੱਲੋਂ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ ਰੌਲਾ ਨਹੀਂ ਰੁਕਿਆ ਅਤੇ ਸਦਨ ਨੂੰ ਦੁਪਹਿਰ 2:17 ਵਜੇ ਦਿਨ ਭਰ ਲਈ ਮੁਲਤਵੀ ਕਰ ਦਿੱਤਾ ਗਿਆ।

## ਸੀ.ਆਰ.ਪੀ.ਐਫ. ਅਧਿਕਾਰੀ ਨੇ ਦੋ ਸਾਥੀ ਜਵਾਨਾਂ ਨੂੰ ਮਾਰ ਕੇ ਖੁਦ ਨੂੰ ਵੀ ਮਾਰੀ ਗੋਲੀ

**ਨਾਗਾਓ ਅਸਾਮ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਸਾਮ ਦੇ ਨਾਗਾਓਂ ਜ਼ਿਲ੍ਹੇ ਵਿੱਚ ਮੰਗਲਵਾਰ ਨੂੰ ਸੀ.ਆਰ.ਪੀ.ਐੱਫ. ਦੇ ਇੱਕ ਅਧਿਕਾਰੀ ਨੇ ਆਪਣੇ ਦੋ ਸਾਥੀਆਂ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਇੱਕ ਹੋਰ ਨੂੰ ਜ਼ਖ਼ਮੀ ਕਰਨ ਤੋਂ ਬਾਅਦ ਖੁਦਕੁਸ਼ੀ ਕਰ ਲਈ। ਪੁਲੀਸ ਨੇ ਇਹ ਜਾਣਕਾਰੀ ਦਿੱਤੀ ਹੈ।

ਨਾਗਾਓਂ ਦੀ ਉਪ ਪੁਲੀਸ ਕਮਸ਼ਨਰ (ਹੈੱਡਕੁਆਰਟਰ) ਪਾਰਮਿਤਾ ਸਰਕਾਰ ਨੇ ਪੀ.ਟੀ.ਆਈ. ਨੂੰ ਦੱਸਿਆ ਕਿ ਇਹ ਘਟਨਾ ਕਾਟੀਮਾਰੀ ਵਿਖੇ 34 ਬਟਾਲੀਅਨ ਕੈਂਪ ਵਿੱਚ ਸਵੇਰੇ ਕਰੀਬ 7 ਵਜੇ ਵਾਪਰੀ, ਜਦੋਂ ਮੁੱਖ ਗੇਟ ’ਤੇ ਡਿਊਟੀ ਕਰ ਰਹੇ ਏ.ਐੱਸ.ਆਈ./ਜੀ.ਡੀ. ਬੱਲਾਨੀ ਪ੍ਰੇਮਾਬਾਰਮ ਨੇ ਆਪਣੇ ਸਾਥੀਆਂ ’ਤੇ ਗੋਲੀਆਂ ਚਲਾ ਦਿੱਤੀਆਂ। ਡੀ.ਐੱਸ.ਪੀ. ਨੇ ਦੱਸਿਆ ਕਿ ਇਸ ਤੋਂ ਬਾਅਦ ਏ.ਐੱਸ.ਆਈ. ਨੇ ਖ਼ੁਦ ਨੂੰ ਵੀ ਗੋਲੀ ਮਾਰ ਲਈ ਅਤੇ ਮੌਕੇ ’ਤੇ ਹੀ ਉਸ ਦੀ ਮੌਤ ਹੋ ਗਈ।

**ਦੋ ਜਣਿਆਂ ਦੀ ਮੌਕੇ ’ਤੇ ਮੌਤ ਅਤੇ ਇੱਕ ਜ਼ਖ਼ਮੀ**

ਸਰਕਾਰ ਨੇ ਦੱਸਿਆ, ਦੋ ਜਵਾਨਾਂ, ਹੈੱਡ ਕਾਂਸਟੇਬਲ/ਜੀ.ਡੀ. ਵਿਸ਼ਨੂੰ ਪ੍ਰਸਾਦ ਬਘੇਲ ਅਤੇ ਸਬ-ਇੰਸਪੈਕਟਰ/ਜੀ.ਡੀ. ਰਾਮਨਵਾਲ ਸਿੰਘ ਯਾਦਵ ਦੀ ਮੌਕੇ ’ਤੇ ਹੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਇਸ ਘਟਨਾ ਵਿੱਚ ਸੀ.ਆਰ.ਪੀ.ਐੱਫ. ਦਾ ਇੱਕ ਹੋਰ ਜਵਾਨ ਏ.ਐੱਸ.ਆਈ./ਮਾਨੇ ਗੋਵਿੰਦ ਸ਼੍ਰੀਪੁਲ ਜ਼ਖ਼ਮੀ ਹੋ ਗਿਆ, ਜਿਸ ਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਡੀ.ਐੱਸ.ਪੀ. ਨੇ ਅੱਗੇ ਦੱਸਿਆ ਕਿ ਬਾਅਦ ਵਿੱਚ ਜ਼ਖ਼ਮੀ ਜਵਾਨ ਨੂੰ ਗੁਹਾਟੀ ਮੈਡੀਕਲ ਕਾਲਜ ਅਤੇ ਹਸਪਤਾਲ ਰੈਫ਼ਰ ਕਰ ਦਿੱਤਾ ਗਿਆ। ਸੀ.ਆਰ.ਪੀ.ਐੱਫ. ਅਤੇ ਪੁਲੀਸ ਦੇ ਸੀਨੀਅਰ ਅਧਿਕਾਰੀ ਤੁਰੰਤ ਕੈਂਪ ਵਿੱਚ ਪਹੁੰਚੇ ਅਤੇ ਇਸ ਘਟਨਾ ਦੀ ਜਾਂਚ ਦੇ ਹੁਕਮ ਦੇ ਦਿੱਤੇ ਗਏ ਹਨ।

ਘਟਨਾ ਬਾਰੇ ਵਿਸਥਾਰ ਨਾਲ ਦੱਸਦਿਆਂ ਨਾਗਾਓਂ ਦੇ ਸੀਨੀਅਰ ਪੁਲੀਸ ਕਮਿਸ਼ਨਰ ਪਾਰਥ ਪ੍ਰੋਤਿਮ ਦਾਸ ਨੇ ਕਿਹਾ ਕਿ ਆਂਧਰਾ ਪ੍ਰਦੇਸ਼ ਦੇ ਰਹਿਣ ਵਾਲੇ ਏ.ਐੱਸ.ਆਈ. ਪ੍ਰੇਮਾਬਾਰਮ ਨੂੰ ਅੱਜ ਸਵੇਰੇ ਸੀ.ਆਰ.ਪੀ.ਐੱਫ. ਕੈਂਪ ਦੇ ਮੁੱਖ ਗੇਟ ’ਤੇ ਡਿਊਟੀ ਦੌਰਾਨ ਉਸ ਦਾ ਨਿਰਧਾਰਤ ਹਥਿਆਰ ਨਹੀਂ ਮਿਲਿਆ ਸੀ। ਦਾਸ ਨੇ ਪੀ.ਟੀ.ਆਈ. ਨੂੰ ਦੱਸਿਆ, ਉਸ ਨੇ ਇਸ ਤੋਂ ਬਾਅਦ ਗਾਰਡ ਰੂਮ ਤੋਂ ਇੱਕ ਇਨਸਾਸ ਰਾਈਫਲ ਲਈ ਅਤੇ ਕੁਆਰਟਰ ਗਾਰਡ ਦੇ ਪਿਛਲੇ ਹਿੱਸੇ ਵੱਲ ਗਿਆ, ਜਿੱਥੇ ਉਸ ਨੇ ਬਘੇਲ ’ਤੇ ਗੋਲੀ ਚਲਾ ਦਿੱਤੀ, ਜਿਸ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ।






## ਪੰਜਾਬ ਵਿਧਾਨ ਸਭਾ ’ਚ 5-20 ਪੈਟਰੋਲ ਬਾਰੇ ਮਤਾ ਪਾਸ, ਵਿਰੋਧੀ ਧਿਰ ਨੇ ਵੀ ਰੱਖੀ ਆਪਣੀ ਰਾਏ

**ਚੰਡੀਗੜ੍ਹ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਧਾਨ ਸਭਾ ’ਚ ਅੱਜ ਈ-20 ਪੈਟਰੋਲ ਨੂੰ ਲੈ ਕੇ ਵਿੱਤ ਮੰਤਰੀ ਵਲੋਂ ਮਤਾ ਪੇਸ਼ ਕੀਤਾ ਗਿਆ। ਇਸ ਮਤੇ ’ਚ ਕੇਂਦਰ ਸਰਕਾਰ ਵਲੋਂ ਈ-20 ਦੀ ਲਾਜ਼ਮੀ ਸਪਲਾਈ ਲਾਗੂ ਕਰਨ ਦੇ ਫ਼ੈਸਲੇ ’ਤੇ ਚਿੰਤਾ ਪ੍ਰਗਟ ਕੀਤੀ ਗਈ। ਇਸ ਮਤੇ ਨੂੰ ਲੈ ਕੇ ਸੱਤਾਧਿਰ ਅਤੇ ਵਿਰੋਧੀ ਧਿਰ ਦੇ ਆਗੂਆਂ ਵਲੋਂ ਵੱਖ-ਵੱਖ ਪ੍ਰਤੀਕਿਰਿਆਵਾਂ ਪੇਸ਼ ਕੀਤੀਆਂ ਗਈਆਂ, ਜਿਸ ਤੋਂ ਬਾਅਦ ਇਸ ਮਤੇ ਨੂੰ ਵਿਧਾਨ ਸਭਾ ’ਚ ਪਾਸ ਕਰ ਦਿੱਤਾ ਗਿਆ। ਵਿਧਾਨ ਸਭਾ ’ਚ ਮੰਗ ਕੀਤੀ ਗਈ ਕਿ ਜਦੋਂ ਤੱਕ ਵਾਹਨ ਅਨੁਕੂਲਤਾ ਸਣੇ ਸਾਰੀਆਂ ਚਿੰਤਾਵਾਂ ਦਾ ਨਿਬੇੜਾ ਨਹੀਂ ਹੁੰਦਾ, ਉਦੋਂ ਤੱਕ ਈ-20 ਦੀ ਲਾਜ਼ਮੀ ਸਪਲਾਈ ਦੇ ਫ਼ੈਸਲੇ ਨੂੰ ਮੁਅੱਤਲ ਕੀਤਾ ਜਾਵੇ। ਇਸ ਦੇ ਨਾਲ ਹੀ ਖ਼ਪਤਕਾਰਾਂ ਨੂੰ ਈ-20 ਅਤੇ ਬਿਨਾਂ ਬਲੈਂਡਿੰਗ ਵਾਲੇ ਪੈਟਰੋਲ ’ਚ ਚੋਣ ਕਰਨ ਦਾ ਹੱਕ ਦੇਣ ਦੀ ਵੀ ਮੰਗ ਕੀਤੀ ਗਈ। ਵਿਧਾਇਕ ਪਰਗਟ ਸਿੰਘ ਵਲੋਂ ਆਲ ਪਾਰਟੀ ਮੀਟਿੰਗ ਬੁਲਾਉਣ ਦੀ ਮੰਗ ਕਾਂਗਰਸੀ ਵਿਧਾਇਕ ਪਰਗਟ ਸਿੰਘ ਨੇ ਕਿਹਾ ਕਿ ਇਸ ਮੁੱਦੇ ’ਤੇ ਸਿਰਫ਼ ਮਤਾ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜਣਾ ਕਾਫ਼ੀ ਨਹੀਂ ਹੈ। ਇਸ ਦੀ ਬਜਾਏ ਪੰਜਾਬ ਸਰਕਾਰ ਨੂੰ ਸਾਰੀਆਂ ਸਿਆਸੀ ਪਾਰਟੀਆਂ, ਮਾਹਿਰਾਂ ਅਤੇ ਕਿਸਾਨ ਜੱਥੇਬੰਦੀਆਂ ਦੀ ਆਲ ਪਾਰਟੀ ਮੀਟਿੰਗ ਬੁਲਾ ਕੇ ਵਿਸਥਾਰ ਨਾਲ ਚਰਚਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੰਕਟ ਦੇ ਸਮੇਂ ਕਈ ਵਾਰ ਨਵੇਂ ਮੌਕੇ ਵੀ ਪੈਦਾ ਹੁੰਦੇ ਹਨ ਅਤੇ ਸੰਭਵ ਹੈ ਕਿ ਈਥਾਨੋਲ ਨੀਤੀ ਰਾਹੀਂ ਫ਼ਸਲੀ ਵਿਭਿੰਨਤਾ ਨੂੰ ਵੀ ਉਤਸ਼ਾਹ ਮਿਲ ਸਕੇ।



ਸਦਨ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ E20 ਪੈਟਰੋਲ ਦਾ ਮਾਮਲਾ ਕਿਸੇ ਇੱਕ ਸਿਆਸੀ ਧਿਰ ਜਾਂ ਪਾਰਟੀ ਤੱਕ ਸੀਮਤ ਨਹੀਂ ਹੈ। ਇਹ ਮੁੱਦਾ ਦੇਸ਼ ਦੇ ਕਰੋੜਾਂ ਵਾਹਨ ਮਾਲਕਾਂ, ਮੱਧਮ ਵਰਗ ਅਤੇ ਆਮ ਨਾਗਰਿਕਾਂ ਦੀਆਂ ਜੇਬਾਂ ਨਾਲ ਸਿੱਧਾ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪੁਰਾਣੇ ਵਾਹਨਾਂ ਦੇ ਇੰਜਣ 520 ਪੈਟਰੋਲ ਦੇ ਅਨੁਕੂਲ ਨਹੀਂ ਹਨ, ਜਿਸ ਨਾਲ ਵਾਹਨਾਂ ਵਿੱਚ ਤਕਨੀਕੀ ਖ਼ਰਾਬੀਆਂ ਆ ਰਹੀਆਂ ਹਨ ਅਤੇ ਇੰਜਣਾਂ ਦੀ ਉਮਰ ਘੱਟ ਰਹੀ ਹੈ। ਕੇਂਦਰ ਸਰਕਾਰ ਲੋਕਾਂ ਦੀਆਂ ਇਨ੍ਹਾਂ ਵਾਜਬ ਚਿੰਤਾਵਾਂ ਅਤੇ ਸਮੱਸਿਆਵਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਕੇ ਉਨ੍ਹਾਂ ਨਾਲ ਵੱਡੀ ਬੇਇਨਸਾਫ਼ੀ ਕਰ ਰਹੀ ਹੈ।

ਆਪਣੇ ਭਾਸ਼ਣ ਦੌਰਾਨ ਮੁੱਖ ਮੰਤਰੀ ਨੇ ਕੇਂਦਰ ਸਰਕਾਰ ਦੇ ਨੀਤੀਗਤ ਫ਼ੈਸਲਿਆਂ ’ਤੇ ਗੰਭੀਰ ਸਵਾਲ ਚੁੱਕਦਿਆਂ ਅੰਤਰਰਾਸ਼ਟਰੀ ਪ੍ਰਭਾਵਾਂ ਦਾ ਜ਼ਿਕਰ ਕੀਤਾ। ਮਾਨ ਨੇ ਦਾਅਵਾ ਕੀਤਾ ਕਿ ਭਾਰਤ ਸਰਕਾਰ ਦੇ ਕਈ ਮਹੱਤਵਪੂਰਨ ਆਰਥਿਕ ਅਤੇ ਊਰਜਾ ਸੰਬੰਧੀ ਫ਼ੈਸਲਿਆਂ ਵਿੱਚ ਵਿਦੇਸ਼ੀ ਦਬਾਅ ਜਾਂ ਪ੍ਰਭਾਵ ਸਾਫ਼ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਨੇ ਅਮਰੀਕਾ ਨਾਲ ਲਗਭਗ 100 ਬਿਲੀਅਨ ਡਾਲਰ ਦੀ ਵੱਡੀ ਡੀਲ ਕੀਤੀ ਹੈ, ਅਤੇ ਇਸ ਤਰ੍ਹਾਂ ਦੇ ਸਮਝੌਤਿਆਂ ਦੇ ਪ੍ਰਭਾਵ ਹੇਠ ਹੀ ਅਜਿਹੀਆਂ ਨੀਤੀਆਂ ਬਣਾਈਆਂ ਜਾ ਰਹੀਆਂ ਹਨ, ਜੋ ਦੇਸ਼ ਦੇ ਅੰਦਰੂਨੀ ਨਾਗਰਿਕਾਂ ’ਤੇ ਬੋਝ ਪਾਉਂਦੀਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਦੇਸ਼ ਦੇ ਆਮ ਨਾਗਰਿਕਾਂ ਦੇ ਹਿੱਤਾਂ ਦੀ ਕੀਮਤ ’ਤੇ ਅਜਿਹੇ ਫ਼ੈਸਲੇ ਕਿਉਂ ਠੋਸੇ ਜਾ ਰਹੇ ਹਨ?

ਮੁੱਖ ਮੰਤਰੀ ਨੇ ਕੇਂਦਰ ਸਰਕਾਰ ਨੂੰ ਸਪੱਸ਼ਟ ਸ਼ਬਦਾਂ ਵਿੱਚ ਅਪੀਲ ਕੀਤੀ ਕਿ ਇਸ ਮੁੱਦੇ ਨੂੰ ਸਿਆਸੀ ਰੰਗਤ ਦੇਣ ਦੀ ਬਜਾਏ ਲੋਕ ਹਿੱਤ ਵਿੱਚ ਦੇਖਿਆ ਜਾਵੇ। ਉਨ੍ਹਾਂ ਕਿਹਾ ਕਿ, E20 ਪੈਟਰੋਲ ਨਾਲ ਵਾਹਨਾਂ ਦੀ ਮਾਈਲੇਜ ਵਿੱਚ ਗਿਰਾਵਟ ਆਉਂਦੀ ਹੈ, ਜਿਸ ਨਾਲ ਆਮ ਆਦਮੀ ਦਾ ਬਲਦਣ ਦਾ ਖ਼ਰਚਾ ਵਧ ਜਾਂਦਾ ਹੈ। ਜਿਹੜੇ ਵਾਹਨ 520 ਅਨੁਕੂਲ (E20-compliant) ਨਹੀਂ ਹਨ, ਉਨ੍ਹਾਂ ਦੇ ਫਿਊਲ ਪਾਈਪਾਂ, ਇੰਜਣ ਅਤੇ ਹੋਰ ਪਾਰਟਸ ਜਲਦੀ ਖ਼ਰਾਬ ਹੋ ਰਹੇ ਹਨ, ਜਿਸ ਨਾਲ ਲੋਕਾਂ ਨੂੰ ਭਾਰੀ ਮੁਰੰਮਤ ਖ਼ਰਚਾ ਚੁੱਕਣਾ ਪੈ ਰਿਹਾ ਹੈ। ਕੇਂਦਰ ਸਰਕਾਰ ਨੂੰ ਦੇਸ਼ ਦੇ ਨਾਗਰਿਕਾਂ ਦੀਆਂ ਆਰਥਿਕ ਅਤੇ ਵਿਵਹਾਰਕ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ 520 ਪੈਟਰੋਲ ਨੀਤੀ ’ਤੇ ਤੁਰੰਤ ਮੁੜ ਵਿਚਾਰ (Review) ਕਰਨਾ ਚਾਹੀਦਾ ਹੈ।

ਪੰਜਾਬ ਵਿਧਾਨ ਸਭਾ ਵਿੱਚ ਚਰਚਾ ਤੋਂ ਬਾਅਦ, 520 ਪੈਟਰੋਲ ਨੀਤੀ ਦੇ ਵਿਰੋਧ ਵਿੱਚ ਪੇਸ਼ ਕੀਤੇ ਗਏ ਮਤੇ ਨੂੰ ਸਦਨ ਵਲੋਂ ਪਾਸ ਕਰ ਦਿੱਤਾ ਗਿਆ। ਇਸ ਮਤੇ ਰਾਹੀਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਪੁਰਾਣੇ ਵਾਹਨਾਂ ਲਈ ਸਾਧਾਰਨ ਪੈਟਰੋਲ ਦੀ ਉਪਲਬਧਤਾ ਬਣਾਏ ਰੱਖੀ ਜਾਵੇ ਜਾਂ ਇਸ ਨੀਤੀ ਵਿੱਚ ਜ਼ਰੂਰੀ ਸੁਧਾਰ ਕੀਤੇ ਜਾਣ ਤਾਂ ਜੋ ਆਮ ਜਨਤਾ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਚੰਡੀਗੜ੍ਹ ਵਿੱਚ ਮਨਜ਼ੂਰਸ਼ੁਦਾ ਤਾਕਤ ਨਾਲੋਂ ਵੱਧ IAS ਅਤੇ IPS ਅਧਿਕਾਰੀ ਤਾਇਨਾਤ: ਕੇਂਦਰ ਸਰਕਾਰ

**ਚੰਡੀਗੜ੍ਹ, 4 ਅਗਸਤ**
**-ਮਨੋਜ ਵਰਮਾ-**

ਕੇਂਦਰ ਸਰਕਾਰ ਨੇ ਸੰਸਦ ਵਿੱਚ ਸਵੀਕਾਰ ਕੀਤਾ ਹੈ ਕਿ ਚੰਡੀਗੜ੍ਹ ਵਿੱਚ ਇਸ ਸਮੇਂ ਮਨਜ਼ੂਰਸ਼ੁਦਾ ਤਾਕਤ ਨਾਲੋਂ ਵੱਧ ਆਈ.ਏ.ਐੱਸ. (IAS) ਅਤੇ ਆਈ.ਪੀ.ਐੱਸ. (IPS) ਅਧਿਕਾਰੀ ਤਾਇਨਾਤ ਹਨ। ਇਸ ਖੁਲਾਸੇ ਨੇ ਕੇਂਦਰ ਸ਼ਾਸਤ ਪ੍ਰਦੇਸ਼ (ਯੂ.ਟੀ.) ਦੇ ਭਾਰੀ-ਭਰਕਮ ਪ੍ਰਸ਼ਾਸਨਿਕ ਢਾਂਚੇ ਨੂੰ ਲੈ ਕੇ ਬਹਿਸ ਨੂੰ ਮੁੜ ਛੇੜ ਦਿੱਤਾ ਹੈ। ਲੋਕ ਸਭਾ ਵਿੱਚ ਚੰਡੀਗੜ੍ਹ ਤੋਂ ਸੰਸਦ ਮੈਂਬਰ ਮਨੀਸ਼ ਤਿਵਾੜੀ ਵੱਲੋਂ ਪੁੱਛੇ ਗਏ ਇੱਕ ਲਿਖਤ ਸਵਾਲ ਦੇ ਜਵਾਬ ਵਿੱਚ ਕੇਂਦਰੀ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਦੱਸਿਆ ਕਿ 11 ਆਈ.ਏ.ਐੱਸ. ਅਤੇ 7 ਆਈ.ਪੀ.ਐੱਸ. ਅਧਿਕਾਰੀਆਂ ਦੀ ਮਨਜ਼ੂਰਸ਼ੁਦਾ ਤਾਕਤ ਦੇ ਮੁਕਾਬਲੇ, ਯੂ.ਟੀ. ਵਿੱਚ ਇਸ ਸਮੇਂ 12 ਆਈ.ਏ.ਐੱਸ. ਅਤੇ 9 ਆਈ.ਪੀ.ਐੱਸ. ਅਧਿਕਾਰੀ ਤਾਇਨਾਤ ਹਨ—ਜੋ ਕਿ ਮਨਜ਼ੂਰਸ਼ੁਦਾ ਕੇਡਰ ਤਾਕਤ ਤੋਂ ਇੱਕ ਆਈ.ਏ.ਐੱਸ. ਅਤੇ



ਦੋ ਆਈ.ਪੀ.ਐੱਸ. ਅਧਿਕਾਰੀ ਵੱਧ ਹਨ। ਮੰਤਰੀ ਨੇ ਦੱਸਿਆ ਕਿ ਇਨ੍ਹਾਂ ਵਿੱਚੋਂ ਪੰਜ ਆਈ.ਏ.ਐੱਸ. ਅਤੇ ਦੋ ਆਈ.ਪੀ.ਐੱਸ. ਅਧਿਕਾਰੀ ਪੰਜਾਬ ਅਤੇ ਹਰਿਆਣਾ ਕੇਡਰ ਤੋਂ ਡੈਪੂਟੇਸ਼ਨ ’ਤੇ ਹਨ। ਤਿੰਨ ਆਈ.ਏ.ਐੱਸ. ਅਤੇ ਇੱਕ ਆਈ.ਪੀ.ਐੱਸ. ਅਧਿਕਾਰੀ ਪੰਜਾਬ ਤੋਂ, ਜਦੋਂ ਕਿ ਦੋ ਆਈ.ਏ.ਐੱਸ. ਅਤੇ ਇੱਕ ਆਈ.ਪੀ.ਐੱਸ. ਅਧਿਕਾਰੀ ਹਰਿਆਣਾ ਤੋਂ ਡੈਪੂਟੇਸ਼ਨ ’ਤੇ ਹਨ।

ਮਹਿਜ਼ 114 ਵਰਗ ਕਿਲੋਮੀਟਰ ਵਿੱਚ ਫੈਲੇ ਇਸ ਸ਼ਹਿਰ ਵਿੱਚ ਸੀਨੀਅਰ ਅਧਿਕਾਰੀਆਂ ਦੀ ਇੰਨੀ ਵੱਡੀ ਗਿਣਤੀ ਰੱਖਣ ਦੇ ਕਾਰਨਾਂ ਬਾਰੇ ਪੁੱਛੇ ਗਏ ਸਵਾਲ ’ਤੇ, ਮੰਤਰੀ ਨੇ ਤਿਵਾੜੀ ਵੱਲੋਂ ਗੁਆਂਢੀ ਜ਼ਿਲ੍ਹਿਆਂ ਮੋਹਾਲੀ ਅਤੇ ਪੰਚਕੂਲਾ ਨਾਲ ਕੀਤੀ ਗਈ ਤੁਲਨਾ ਨੂੰ ਟਾਲ ਦਿੱਤਾ। ਉਨ੍ਹਾਂ ਸਿਰਫ਼ ਇੰਨਾ ਕਿਹਾ ਕਿ ਅਧਿਕਾਰੀਆਂ ਦੀ ਗਿਣਤੀ ਕੰਮਕਾਜੀ ਲੋੜਾਂ ਦੇ ਆਧਾਰ ’ਤੇ ਤੈਅ ਕੀਤੀ ਜਾਂਦੀ ਹੈ ਅਤੇ ਇਹ ਇੱਕ ਗਤੀਸ਼ੀਲ ਪ੍ਰਕਿਰਿਆ ਹੈ। ਇਹ ਪੁੱਛੇ ਜਾਣ ’ਤੇ ਕਿ ਕੀ ਸਰਕਾਰ ਪ੍ਰਸ਼ਾਸਨਿਕ ਢਾਂਚੇ ਦੀ ਸਮੀਖਿਆ ਜਾਂ ਤਰਕਸੰਗਤ ਬਣਾਉਣ ਦਾ ਪ੍ਰਸਤਾਵ ਰੱਖਦੀ ਹੈ, ਤਾਂ ਜਵਾਬ ਬਿਲਕੁਲ ਸਪੱਸ਼ਟ ਸੀ: ਫਿਲਹਾਲ, ਗ੍ਰਹਿ ਮੰਤਰਾਲੇ ਵਿੱਚ ਚੰਡੀਗੜ੍ਹ ਸਮੇਤ ਏ.ਜੀ.ਐੱਮ.ਯੂ.ਟੀ. (17$˝˝˝) ਕੇਡਰ ਦੀ ਤਾਕਤ ਅਤੇ ਬਣਤਰ ਦੀ ਸਮੀਖਿਆ ਜਾਂ ਤਰਕਸੰਗਤ ਬਣਾਉਣ ਦਾ ਕੋਈ ਵੀ ਪ੍ਰਸਤਾਵ ਵਿਚਾਰਧੀਨ ਨਹੀਂ ਹੈ।

## ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਦੂਜੇ ਪੜਾਅ ਤਹਿਤ 1.91 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 63.24 ਕਰੋੜ ਦੀ ਰਕਮ ਜਾਰੀ-ਡੀ.ਪੀ.ਓ.

**ਪਟਿਆਲਾ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਜੁਲਾਈ, ਅਗਸਤ ਅਤੇ ਸਤੰਬਰ ਮਹੀਨਿਆਂ ਦੀਆਂ ਕਿਸ਼ਤਾਂ ਦਾ ਭੁਗਤਾਨ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧਾ ਟਰਾਂਸਫਰ (ਡੀ.ਬੀ.ਟੀ.) ਰਾਹੀਂ ਕਰਨ ਦਾ ਕੰਮ ਲਗਾਤਾਰ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ (ਡੀ.ਪੀ.ਓ.), ਪਟਿਆਲਾ, ਪਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਯੋਜਨਾ ਦੇ ਦੂਜੇ ਪੜਾਅ ਅਧੀਨ ਜ਼ਿਲ੍ਹਾ ਪਟਿਆਲਾ ਦੇ 1,52,446 ਜਨਰਲ ਵਰਗ ਦੇ ਲਾਭਪਾਤਰੀਆਂ ਨੂੰ 45,73,38,000/- ਅਤੇ 38,905 ਅਨੁਸੂਚਿਤ ਜਾਤੀ (ਐਸ.ਸੀ.) ਵਰਗ ਦੇ ਲਾਭਪਾਤਰੀਆਂ ਨੂੰ 17,50,72,500/- ਦੀ ਰਕਮ ਸਿੱਧੇ (ਡੀ.ਬੀ.ਟੀ.) ਰਾਹੀਂ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਗਈ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਲੋਕ-ਭਲਾਈ ਯੋਜਨਾ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਸ੍ਰੀ ਪਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਲਾਭ ਕੇਵਲ ਉਹਨਾਂ ਮਹਿਲਾਵਾਂ ਨੂੰ ਦਿੱਤਾ ਜਾਂਦਾ ਹੈ ਜੋ ਸਰਕਾਰ ਵੱਲੋਂ ਨਿਰਧਾਰਿਤ ਯੋਗਤਾ ਸ਼ਰਤਾਂ ਨੂੰ ਪੂਰਾ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੋਣੀ ਲਾਜ਼ਮੀ ਹੈ। ਇਸ ਤੋਂ ਇਲਾਵਾ, ਲਾਭਪਾਤਰੀ ਕਿਸੇ ਵੀ ਸਰਕਾਰੀ ਵਿਭਾਗ, ਬੋਰਡ, ਨਿਗਮ ਜਾਂ ਹੋਰ ਸਰਕਾਰੀ ਅਦਾਰੇ ਵਿੱਚ ਸੇਵਾ-ਮੁਕਤ ਸਰਕਾਰੀ ਪੈਨਸ਼ਨਰ ਨਹੀਂ ਹੋਣੀ ਚਾਹੀਦੀ।

ਲਾਭਪਾਤਰੀ ਨੇ ਪਿਛਲੇ ਵਿੱਤੀ ਸਾਲ ਦੌਰਾਨ ਆਮਦਨ ਕਰ ਦਾ ਭੁਗਤਾਨ ਨਾ ਕੀਤਾ ਹੋਵੇ।

## ਕਾਂਗਰਸ ਦਾ ਮੋਦੀ ਸਰਕਾਰ ’ਤੇ ਰੁਜ਼ਗਾਰ ਸੰਕਟ ਨੂੰ ਲੈ ਕੇ ਹਮਲਾ

**ਨਵੀਂ ਦਿੱਲੀ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ’ਤੇ ਦੇਸ਼ ਦੀ ਅਰਥ ਵਿਵਸਥਾ ਨੂੰ ਗੰਭੀਰ ਰੁਜ਼ਗਾਰ ਸੰਕਟ ਵਿੱਚ ਧੱਕਣ ਦਾ ਦੋਸ਼ ਲਾਇਆ ਹੈ। ਸੀਨੀਅਰ ਪਾਰਟੀ ਆਗੂ ਜੈਰਾਮ ਰਮੇਸ਼ ਨੇ ਦੋਸ਼ ਲਾਇਆ ਕਿ ਸਰਕਾਰ ਦੀਆਂ ਆਰਥਿਕ ਨੀਤੀਆਂ ਨੇ ਭਾਰਤ ਦੇ ਨੌਜਵਾਨਾਂ ਨੂੰ ਸਭ ਤੋਂ ਵੱਡਾ ਝਟਕਾ ਦਿੱਤਾ ਹੈ ਅਤੇ ਉਨ੍ਹਾਂ ਤੋਂ ਰੁਜ਼ਗਾਰ ਦੇ ਮੌਕੇ ਖੋਹ ਲਏ ਹਨ।

ਕਾਂਗਰਸ ਦੇ ਰਾਜ ਸਭਾ ਮੈਂਬਰ ਰਮੇਸ਼ ਨੇ ਕਿਹਾ ਕਿ ਸਰਕਾਰ ਨੇ ਲਗਾਤਾਰ ਵਧ ਰਹੀ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਮੰਨਣ ਤੋਂ ਇਨਕਾਰ ਕੀਤਾ ਹੈ ਅਤੇ ਇਸ ਦੀ ਬਜਾਏ ਹੈੱਡਲਾਈਨ ਮੈਨੇਜਮੈਂਟ ਅਤੇ ਧਿਆਨ ਭਟਕਾਉਣ ਵਾਲੀ ਸਿਆਸਤ ’ਤੇ ਧਿਆਨ ਕੇਂਦਰਿਤ ਕੀਤਾ ਹੋਇਆ ਹੈ। ਉਨ੍ਹਾਂ ਦੀਆਂ ਇਹ ਟਿੱਪਣੀਆਂ ਇੱਕ ਮੀਡੀਆ ਰਿਪੋਰਟ ਦੇ ਸਾਹਮਣੇ ਆਉਣ ਤੋਂ ਬਾਅਦ ਆਈਆਂ ਹਨ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਭਾਰਤ ਦੀਆਂ ਸਿਖਰਲੀਆਂ 11 ਸੂਚੀਬੱਧ ਕੰਪਨੀਆਂ ਵਿੱਚੋਂ 9 ਵਿੱਚ ਤਾਜ਼ਾ ਭਰਤੀ ਪਿਛਲੇ ਵਿੱਤੀ ਸਾਲ ਦੇ ਮੁਕਾਬਲੇ 2025-26 ਵਿੱਚ 27 ਫੀਸਦੀ ਘੱਟ ਗਈ ਹੈ।

## 15 ਅਗਸਤ ਮੌਕੇ ਐਵਾਰਡਾਂ ਲਈ ਫਾਰਮ 10 ਅਗਸਤ ਤੱਕ ਜਮ੍ਹਾਂ ਕਰਵਾਉਣ ਦੇ ਨਿਰਦੇਸ਼ : ਡਾ ਹਿਮਾਂਸ਼ੂ ਅਗਰਵਾਲ



**ਪਟਿਆਲਾ, 4 ਅਗਸਤ**
**-ਛਤਰਪਾਲ ਸਿੰਘ-**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ 15 ਅਗਸਤ ਸੁਤੰਤਰਤਾ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਹਦਾਇਤ ਕੀਤੀ ਕਿ ਸੁਤੰਤਰਤਾ ਦਿਵਸ ਮੌਕੇ ਸਨਮਾਨਿਤ ਕੀਤੀਆਂ ਜਾਣ ਵਾਲੀਆਂ ਸ਼ਖ਼ਸੀਅਤਾਂ ਦੇ ਐਵਾਰਡਾਂ ਸਬੰਧੀ ਸਾਰੇ ਫਾਰਮ 10 ਅਗਸਤ ਤੱਕ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਲਾਜ਼ਮੀ ਤੌਰ ’ਤੇ ਜਮ੍ਹਾਂ ਕਰਵਾਏ ਜਾਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਗਮ ਵਿੱਚ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ।

ਉਨ੍ਹਾਂ ਦੱਸਿਆ ਕਿ ਝੰਡਾ ਲਹਿਰਾਉਣ ਉਪਰੰਤ ਕੈਬਨਿਟ ਮੰਤਰੀ ਪੰਜਾਬ ਪੁਲਿਸ, ਹੋਮ ਗਾਰਡ, ਐਨ.ਸੀ.ਸੀ. ਅਤੇ ਸਕਾਊਟਸ ਦੀਆਂ ਟੁਕੜੀਆਂ ਵੱਲੋਂ ਕੀਤੀ ਜਾਣ ਵਾਲੀ ਪਰੇਡ ਦਾ ਨਿਰੀਖਣ ਕਰਨਗੇ, ਪੰਜਾਬ ਵਾਸੀਆਂ ਦੇ ਨਾਮ ਆਪਣਾ ਸੰਦੇਸ਼ ਦੇਣਗੇ ਅਤੇ ਮਾਰਚ ਪਾਸਟ ਤੋਂ ਸਲਾਮੀ ਲੈਣਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਅਤੇ ਸੁਤੰਤਰਤਾ ਸੈਨਾਨੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਵੱਲੋਂ ਲੋੜਵੰਦਾਂ ਨੂੰ ਟਰਾਈ ਸਾਈਕਲਾਂ ਅਤੇ ਸਿਲਾਈ ਮਸ਼ੀਨਾਂ ਵੀ ਵੰਡੀਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਸਮਾਗਮ ਨੂੰ ਰੰਗਾਰੰਗ ਬਣਾਉਣ ਲਈ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਅਤੇ ਦੇਸ਼ ਭਗਤੀ ਦੇ ਗੀਤਾਂ ’ਤੇ ਆਧਾਰਿਤ ਕੋਰੀਓਗ੍ਰਾਫੀ ਪੇਸ਼ ਕੀਤੀ ਜਾਵੇਗੀ। ਮੀਟਿੰਗ ਦੌਰਾਨ ਕਮਿਸ਼ਨਰ ਨਗਰ ਨਿਗਮ ਪੂਜਾ ਸਿਆਲ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਪੰਜਾਬ ’ਚ ਭਾਰੀ ਮੀਂਹ ਨਾਲ ਗਰਮੀ ਤੋਂ ਮਿਲੀ ਰਾਹਤ

### ਮੀਂਹ ਕਰਕੇ ਸ਼ਹਿਰਾਂ ਦੀਆਂ ਸੜਕਾਂ ਪਾਣੀ ਵਿੱਚ ਡੁੱਬੀਆਂ, ਲੋਕ ਪਰੇਸ਼ਾਨ



ਪਟਿਆਲਾ ਵਿੱਚ ਭਾਰੀ ਮੀਂਹ ਤੋਂ ਬਾਅਦ ਸੜਕਾਂ ਪਾਣੀ ਨਾਲ ਭਰ ਗਈਆਂ

**ਪਟਿਆਲਾ, 4 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਵਿੱਚ ਅੱਜ ਤੜਕੇ ਤੋਂ ਹੀ ਭਾਰੀ ਮੀਂਹ ਪੈ ਰਿਹਾ ਹੈ। ਮੀਂਹ ਨੇ ਪੰਜਾਬ ਦੇ ਲਗਭਗ ਸਾਰੇ ਸ਼ਹਿਰਾਂ ਨੂੰ ਜਲ-ਥਲ ਕਰਕੇ ਰੱਖ ਦਿੱਤਾ ਹੈ, ਜਿਸ ਕਰਕੇ ਰਾਹਗੀਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੂਜੇ ਪਾਸੇ ਭਾਰੀ ਮੀਂਹ ਨੂੰ ਵੇਖ ਕੇ ਕਿਸਾਨਾਂ ਦੇ ਚਿਹਰੇ ਖਿੜ ਗਏ ਹਨ, ਕਿਉਂਕਿ ਇਹ ਮੀਂਹ ਝੋਨੇ ਦੀ ਫ਼ਸਲ ਲਈ ਵਧੇਰੇ ਲਾਹੇਵੰਦ ਸਾਬਤ ਹੋਵੇਗਾ। ਮੌਸਮ ਵਿਭਾਗ ਨੇ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਮੀਂਹ ਪੈਣ ਲਈ ਰੈੱਡ ਅਤੇ ਕਈ ਸ਼ਹਿਰਾਂ ਵਿੱਚ ਔਰੇਂਜ ਅਲਰਟ ਜਾਰੀ ਕੀਤਾ ਹੈ।

ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਅੱਜ ਸਵੇਰੇ 8:30 ਵਜੇ ਤੱਕ ਪਟਿਆਲਾ ਵਿੱਚ 143 ਐੱਮ.ਐੱਮ., ਚੰਡੀਗੜ੍ਹ ਵਿੱਚ 4 ਐੱਮ.ਐੱਮ., ਅੰਮ੍ਰਿਤਸਰ ਵਿੱਚ 32 ਐੱਮ.ਐੱਮ., ਲੁਧਿਆਣਾ ਵਿਖੇ 28 ਐੱਮ.ਐੱਮ., ਬਠਿੰਡਾ ਵਿਖੇ 5 ਐੱਮ.ਐੱਮ., ਬਰਨਾਲਾ ਵਿਖੇ 38 ਐੱਮ.ਐੱਮ., ਫ਼ਰੀਦਕੋਟ ਵਿੱਚ 12 ਐੱਮ.ਐੱਮ., ਹੁਸ਼ਿਆਰਪੁਰ ਵਿੱਚ 53 ਐੱਮ.ਐੱਮ., ਕਪੂਰਥਲਾ ਵਿੱਚ 23 ਐੱਮ.ਐੱਮ. ਅਤੇ ਮੁਹਾਲੀ ਵਿੱਚ 17 ਐੱਮ.ਐੱਮ. ਮੀਂਹ ਪਿਆ।

## ਪੰਜਾਬ ’ਚ 15 ਅਗਸਤ ਤੋਂ ਪਹਿਲਾਂ ਅੱਤਵਾਦੀ ਹਮਲਾ ਟਲਿਆ, 2 ਵੱਡੇ ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ 9 ਮੁਲਜ਼ਮ ਗ੍ਰਿਫ਼ਤਾਰ




**ਅੰਮ੍ਰਿਤਸਰ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ। ਪੰਜਾਬ ’ਚ ISI ਨਾਲ ਜੁੜੇ ਨੈੱਟਵਰਕ ਖਿਲਾਫ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਅੱਜ ਇੱਕ ਵਾਰ ਫਿਰ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਦੋ ISI-ਸਮਰਥਿਤ ਸਰਹੱਦ ਪਾਰ ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਅਤੇ ਚਾਰ ਨਾਬਾਲਗਾਂ ਸਮੇਤ ਕੁੱਲ 9 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਦੌਰਾਨ ਇਨ੍ਹਾਂ ਮੁਲਜ਼ਮਾਂ ਕੋਲੋਂ 3 ਗੈਰ-ਕਾਨੂੰਨੀ ਪਿਸਤੌਲ, 4 ਪੈਟਰੋਲ ਬੋਤਲ ਬੰਬ ਅਤੇ 9 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਇਸ ਦੀ ਜਾਣਕਾਰੀ ਪੰਜਾਬ ਪੁਲਸ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਐਕਸ ’ਤੇ ਸਾਂਝੀ ਕੀਤੀ ਹੈ।

ਡੀ. ਜੀ. ਪੀ. ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਦੋਸ਼ੀ ਵਿਦੇਸ਼ੀ-ਅਧਾਰਤ ISI ਹੈਂਡਲਰਾਂ ਦੇ ਇਸ਼ਾਰੇ ’ਤੇ ਕੰਮ ਕਰ ਰਹੇ ਸਨ, ਜੋ ਸਥਾਨਕ ਨੌਜਵਾਨਾਂ ਨੂੰ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ, ਸੁਰੱਖਿਆ ਏਜੰਸੀਆਂ ਦੀ ਨਿਗਰਾਨੀ ਕਰਨ, ਗੈਰ-ਕਾਨੂੰਨੀ ਹਥਿਆਰ ਪ੍ਰਾਪਤ ਕਰਨ ਅਤੇ ਜਨਤਕ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰ ਰਹੇ ਸਨ। ਜਾਂਚ ਵਿੱਚ ਰੇਲਵੇ ਪਟੜੀਆਂ ਦੇ ਨੇੜੇ ਨਿਗਰਾਨੀ ਕੈਮਰੇ ਲਗਾਉਣ ਦਾ ਵੀ ਖੁਲਾਸਾ ਹੋਇਆ ਹੈ, ਜਿਸਦੀ ਫੁਟੇਜ ਕਥਿਤ ਤੌਰ ’ਤੇ ਵਿਦੇਸ਼ੀ ਹੈਂਡਲਰਾਂ ਨਾਲ ਸਾਂਝੀ ਕੀਤੀ ਗਈ ਹੈ।

ਡੀ. ਜੀ. ਪੀ. ਨੇ ਅੱਗੇ ਦੱਸਿਆ ਕਿ ਮੁਲਜ਼ਮਾਂ ਖਿਲਾਫ਼ ਪੁਲਸ ਸਟੇਸ਼ਨ ਮੋਹਕਮਪੁਰਾ, ਹਵਾਈ ਅੱਡਾ ਅਤੇ ਸੀ-ਡਿਵੀਜ਼ਨ, ਅੰਮ੍ਰਿਤਸਰ ਵਿਖੇ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ISI-ਸਮਰਥਿਤ ਨੈੱਟਵਰਕ ਦੇ ਬਾਕੀ ਮੈਂਬਰਾਂ ਦੀ ਪਛਾਣ ਕਰਨ, ਇਸਦੇ ਅਗਲੇ ਅਤੇ ਪਿਛਲੇ ਸਬੰਧ ਸਥਾਪਤ ਕਰਨ, ਵਿੱਤੀ ਟ੍ਰੇਲ ਦਾ ਪਤਾ ਲਗਾਉਣ ਅਤੇ ਹੋਰ ਅੱਤਵਾਦੀ ਗਤੀਵਿਧੀਆਂ ਵਿੱਚ ਕਿਸੇ ਵੀ ਸ਼ਮੂਲੀਅਤ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

## ਸੰਪਾਦਕੀ

### ਪੰਜਾਬ ਦੀ ਪਰਵਾਸੀ ਸਿਆਸਤ: ਬਦਲਦੇ ਵੋਟ ਬੈਂਕ ਅਤੇ ਨਵੇਂ ਰਾਜਨੀਤਿਕ ਸਮੀਕਰਨ

ਪੰਜਾਬ ਦੀ ਰਾਜਨੀਤੀ ਹੁਣ ਸਿਰਫ਼ ਰਵਾਇਤੀ ਜਾਤੀ, ਖੇਤਰੀ ਜਾਂ ਪੰਥਕ ਸਮੀਕਰਨਾਂ ਤੱਕ ਸੀਮਤ ਨਹੀਂ ਰਹੀ। ਪਿਛਲੇ ਦੋ ਦਹਾਕਿਆਂ ਵਿੱਚ ਸੂਬੇ ਦੇ ਜਨਸੰਖਿਆਕ ਢਾਂਚੇ ਵਿੱਚ ਆਈਆਂ ਤਬਦੀਲੀਆਂ ਨੇ ਚੋਣੀ ਰਾਜਨੀਤੀ ਨੂੰ ਵੀ ਨਵਾਂ ਰੂਪ ਦੇਣਾ ਸ਼ੁਰੂ ਕਰ ਦਿੱਤਾ ਹੈ। ਇੱਕ ਪਾਸੇ ਦੂਜੇ ਰਾਜਾਂ ਤੋਂ ਆਏ ਲੱਖਾਂ ਮਜ਼ਦੂਰ ਪੰਜਾਬ ਦੀ ਆਰਥਿਕਤਾ ਦਾ ਅਟੁੱਟ ਹਿੱਸਾ ਬਣ ਚੁੱਕੇ ਹਨ, ਜਦਕਿ ਦੂਜੇ ਪਾਸੇ ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਵੀ ਆਰਥਿਕ, ਸਮਾਜਿਕ ਅਤੇ ਵਿਚਾਰਧਾਰਕ ਪੱਧਰ 'ਤੇ ਸੂਬੇ ਦੀ ਰਾਜਨੀਤੀ ਉੱਤੇ ਆਪਣਾ ਪ੍ਰਭਾਵ ਬਣਾਈ ਰੱਖਿਆ ਹੋਇਆ ਹੈ।

ਅੱਜ ਪੰਜਾਬ ਦੇ ਕਈ ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਵਿੱਚ ਬਾਹਰਲੇ ਰਾਜਾਂ ਤੋਂ ਆਏ ਲੋਕ ਲੰਬੇ ਸਮੇਂ ਤੋਂ ਰਹਿ ਰਹੇ ਹਨ। ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਿਨ੍ਹਾਂ ਲੋਕਾਂ ਨੇ ਆਪਣਾ ਸਥਾਈ ਨਿਵਾਸ ਅਤੇ ਵੋਟਰ ਰਜਿਸਟ੍ਰੇਸ਼ਨ ਪੰਜਾਬ ਵਿੱਚ ਕਰਵਾਈ ਹੈ, ਉਹ ਚੋਣ ਪ੍ਰਕਿਰਿਆ ਦਾ ਹਿੱਸਾ ਹਨ। ਇਸ ਕਾਰਨ ਕਈ ਵਿਧਾਨ ਸਭਾ ਅਤੇ ਨਗਰ ਨਿਗਮ ਹਲਕਿਆਂ ਵਿੱਚ ਇਹ ਵਰਗ ਇੱਕ ਪ੍ਰਭਾਵਸ਼ਾਲੀ ਵੋਟ ਬੈਂਕ ਵਜੋਂ ਉੱਭਰ ਰਿਹਾ ਹੈ। ਰਾਜਨੀਤਿਕ ਪਾਰਟੀਆਂ ਵੀ ਹੁਣ ਇਸ ਵਰਗ ਤੱਕ ਪਹੁੰਚ ਬਣਾਉਣ ਲਈ ਆਪਣੀਆਂ ਰਣਨੀਤੀਆਂ, ਚੋਣੀ ਵਾਅਦਿਆਂ ਅਤੇ ਜਨ-ਸੰਪਰਕ ਮੁਹਿੰਮਾਂ ਨੂੰ ਨਵੇਂ ਸਿਰੇ ਨਾਲ ਤਿਆਰ ਕਰ ਰਹੀਆਂ ਹਨ।

ਦੂਜੇ ਪਾਸੇ, ਵਿਦੇਸ਼ਾਂ ਵਿੱਚ ਵੱਸਦੇ ਲੱਖਾਂ ਪੰਜਾਬੀ ਵੀ ਸੂਬੇ ਦੀ ਰਾਜਨੀਤੀ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਹਨ। ਉਹ ਆਪਣੇ ਪਿੰਡਾਂ, ਪਰਿਵਾਰਾਂ ਅਤੇ ਸਮਾਜਿਕ ਸੰਸਥਾਵਾਂ ਨਾਲ ਜੁੜੇ ਰਹਿੰਦੇ ਹਨ। ਚੋਣਾਂ ਦੌਰਾਨ ਕਈ ਪ੍ਰਵਾਸੀ ਪੰਜਾਬੀ ਵੱਖ-ਵੱਖ ਰਾਜਨੀਤਿਕ ਪਾਰਟੀਆਂ ਜਾਂ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਦੇ ਹਨ, ਸਮਾਜਿਕ ਮੁਹਿੰਮਾਂ ਨੂੰ ਸਹਿਯੋਗ ਦਿੰਦੇ ਹਨ ਅਤੇ ਆਪਣੇ ਪਰਿਵਾਰਾਂ ਅਤੇ ਸਮਰਥਕਾਂ ਰਾਹੀਂ ਲੋਕ ਰਾਇ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਸ ਤਰ੍ਹਾਂ ਪੰਜਾਬ ਦੀ ਰਾਜਨੀਤੀ ਦਾ ਇੱਕ ਪੱਖ ਹੁਣ ਸੂਬੇ ਦੀਆਂ ਸਰਹੱਦਾਂ ਤੋਂ ਬਾਹਰ ਵੀ ਫੈਲ ਚੁੱਕਾ ਹੈ।

ਹਾਲਾਂਕਿ, ਇਸ ਬਦਲਦੇ ਰਾਜਨੀਤਿਕ ਦ੍ਰਿਸ਼ ਨਾਲ ਕੁਝ ਚੁਣੌਤੀਆਂ ਵੀ ਜੁੜੀਆਂ ਹੋਈਆਂ ਹਨ। ਰੁਜ਼ਗਾਰ, ਸ਼ਹਿਰੀਕਰਨ, ਜਨਸੰਖਿਆਕ ਤਬਦੀਲੀਆਂ, ਬਦਲਦੇ ਅਪਰਾਧਿਕ ਢੰਡ ਅਤੇ ਸਰਕਾਰੀ ਸਰੋਤਾਂ ਉੱਤੇ ਵਧਦੇ ਦਬਾਅ ਨੂੰ ਲੈ ਕੇ ਕਈ ਵਾਰ ਸਥਾਨਕ ਲੋਕਾਂ ਵਿੱਚ ਚਿੰਤਾ / ਤਲਖ਼ੀ ਦੇ ਸੁਰ ਸੁਣਾਈ ਦਿੰਦੇ ਹਨ। ਦੂਜੇ ਪਾਸੇ ਰਾਜਨੀਤਿਕ ਪਾਰਟੀਆਂ ਵੀ ਇਨ੍ਹਾਂ ਮੁੱਦਿਆਂ ਨੂੰ ਆਪਣੇ-ਆਪਣੇ ਨਜ਼ਰੀਏ ਨਾਲ ਪੇਸ਼ ਕਰਦੀਆਂ ਹਨ, ਜਿਸ ਕਾਰਨ ਕਈ ਵਾਰ ਜਨਤਕ ਬਹਿਸ ਤੱਥਾਂ ਦੀ ਬਜਾਏ ਭਾਵਨਾਵਾਂ ਵੱਲ ਮੁੜ ਜਾਂਦੀ ਹੈ।

ਪੰਜਾਬ ਦਾ ਪਰਵਾਸ ਅਤੇ ਵੋਟ ਬੈਂਕ ਦੀ ਰਾਜਨੀਤੀ ਨੂੰ ਸੰਵਿਧਾਨਕ ਅਧਿਕਾਰਾਂ, ਭਰੋਸੇਯੋਗ ਅੰਕੜਿਆਂ ਅਤੇ ਲੰਬੇ ਸਮੇਂ ਦੀਆਂ ਪੰਜਾਬ ਪੱਖੀ ਠੋਸ ਨੀਤੀਆਂ ਦੇ ਅਪਗ੍ਰੇਡਿਡ ਪ੍ਰਸੰਗ ਵਿੱਚ ਸਮਝਣ ਦੀ ਲੋੜ ਹੈ। ਪੰਜਾਬ ਦੀ ਰਾਜਨੀਤੀ ਦਾ ਕੇਂਦਰ ਸੱਭਿਆਚਾਰ ਦੀ ਪਛਾਣ, ਰੁਜ਼ਗਾਰ, ਉਦਯੋਗ, ਸਿੱਖਿਆ, ਕਾਨੂੰਨ-ਵਿਵਸਥਾ ਅਤੇ ਸਮਾਜਿਕ ਸਦਭਾਵ ਹੋਣਾ ਚਾਹੀਦਾ ਹੈ।

ਆਉਣ ਵਾਲੀਆਂ ਚੋਣਾਂ ਵਿੱਚ ਇਹ ਸਪੱਸ਼ਟ ਹੋਵੇਗਾ ਕਿ ਕੀ ਬਦਲਦੇ ਜਨਸੰਖਿਆਕ ਸਮੀਕਰਨ ਪੰਜਾਬ ਦੀ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੰਦੇ ਹਨ ਜਾਂ ਲੋਕ ਆਖ਼ਿਰਕਾਰ ਉਹਨਾਂ ਪਾਰਟੀਆਂ ਨੂੰ ਤਰਜੀਹ ਦਿੰਦੇ ਹਨ ਜੋ ਵਿਕਾਸ, ਸੁਸ਼ਾਸਨ ਅਤੇ ਪੰਜਾਬ ਦੇ ਲੰਬੇ ਸਮੇਂ ਦੇ ਹਿੱਤਾਂ ਲਈ ਭਰੋਸੇਯੋਗ ਰੋਡਮੈਪ ਪੇਸ਼ ਕਰਦੀਆਂ ਹਨ। **-ਛੱਤਰਪਾਲ ਸਿੰਘ**

# ਉਜਰਤ ਜਾਂ ਐਕਸਟਰਸ਼ਨ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ਼.
9855221193

ਪੰਜਾਬ ਵਿੱਚ ਪ੍ਰਵਾਸੀ ਮਜ਼ਦੂਰਾਂ ਨੇ ਆਪਣੀ ਮਿਹਨਤ ਨਾਲ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਦੂਜੇ ਪਾਸੇ, ਪੰਜਾਬ ਦੇ ਲੋਕ ਵੀ ਉਨ੍ਹਾਂ ਨੂੰ ਰੋਜ਼ਗਾਰ ਦੇ ਕੇ ਆਪਣੇ ਘਰਾਂ ਅਤੇ ਕਾਰੋਬਾਰਾਂ ਵਿੱਚ ਸ਼ਾਮਲ ਕਰਦੇ ਹਨ। ਇਹ ਰਿਸ਼ਤਾ ਆਪਸੀ ਭਰੋਸੇ, ਇਮਾਨਦਾਰੀ ਅਤੇ ਪੇਸ਼ੇਵਰ ਨੈਤਿਕਤਾ 'ਤੇ ਟਿਕਿਆ ਹੋਇਆ ਹੈ। ਪਰ ਜਦੋਂ ਇਹ ਭਰੋਸਾ ਟੁੱਟਦਾ ਹੈ, ਤਾਂ ਨੁਕਸਾਨ ਸਿਰਫ਼ ਆਰਥਿਕ ਨਹੀਂ, ਸਗੋਂ ਸਮਾਜਿਕ ਅਤੇ ਮਨੋਵਿਗਿਆਨਕ ਵੀ ਹੁੰਦਾ ਹੈ।

ਅਜਿਹਾ ਹੀ ਇੱਕ ਮਾਮਲਾ ਸਾਹਮਣੇ ਆਇਆ, ਜਿੱਥੇ ਇੱਕ ਪ੍ਰਵਾਸੀ ਪੇਂਟਰ, ਜੋ ਪਹਿਲਾਂ ਰੰਗ-ਰੋਗਨ ਦਾ ਕੰਮ ਕਰਦਾ ਸੀ ਅਤੇ ਜਿਸ ਨੇ ਆਪਣਾ ਨਾਮ ਬਦਲ ਕੇ ਧਰਮਿੰਦਰ ਸਿੰਘ ਰੱਖ ਲਿਆ ਸੀ, ਨੂੰ ਇੱਕ ਪੰਜਾਬੀ ਪਰਿਵਾਰ ਨੇ ਆਪਣੇ ਘਰ ਵਿੱਚ ਪੇਂਟ ਦਾ ਕੰਮ ਕਰਨ ਲਈ ਬੁਲਾਇਆ।

ਘਰ ਦਾ ਜਾਇਜ਼ਾ ਲੈਣ ਤੋਂ ਬਾਅਦ ਪੇਂਟਰ ਨੇ ਪਲਾਸਟਿਕ ਪੇਂਟ, ਪੁੱਟੀ, ਚਾਕ ਮਿੱਟੀ, ਪੇਂਟ ਬੁਰਸ਼, ਪੱਤੇ ਅਤੇ ਹੋਰ ਸਮਾਨ ਦੀ ਇੱਕ ਲੰਬੀ ਸੂਚੀ ਤਿਆਰ ਕੀਤੀ। ਉਸ ਨੇ ਖਾਸ ਤੌਰ 'ਤੇ ਇੱਕ ਨਿਰਧਾਰਤ ਦੁਕਾਨ ਤੋਂ ਇਹ ਸਮਾਨ ਖਰੀਦਣ ਦੀ ਸਿਫ਼ਾਰਸ਼ ਕਰਦਿਆਂ ਦੱਸਿਆ ਕਿ ਇਸ 'ਤੇ ਲਗਭਗ ?25,000 ਦਾ ਖਰਚ ਆਵੇਗਾ।

ਇਹ ਰਕਮ ਸੁਣ ਕੇ ਘਰ ਦੇ ਮਾਲਕ ਨੂੰ ਸ਼ੱਕ ਹੋਇਆ। ਉਸ ਨੇ ਪਹਿਲਾਂ ਖੁੱਲ੍ਹੇ ਬਾਜ਼ਾਰ ਵਿੱਚ ਉਸੇ ਸੂਚੀ ਅਨੁਸਾਰ ਸਮਾਨ ਦੀ ਕੀਮਤ ਦੀ ਜਾਂਚ ਕਰਵਾਈ। ਹੈਰਾਨੀ ਦੀ ਗੱਲ ਇਹ ਸੀ ਕਿ ਉਹੀ ਸਮਾਨ ਲਗਭਗ ?12,000 ਵਿੱਚ ਉਪਲਬਧ ਸੀ। ਇਸ ਤੋਂ ਬਾਅਦ ਮਾਲਕ ਨੇ ਬਾਜ਼ਾਰ ਤੋਂ ਹੀ ਸਮਾਨ ਖਰੀਦ ਲਿਆ।

ਅਗਲੇ ਦਿਨ ਪੇਂਟਰ ਨੇ ਫ਼ੋਨ ਕਰਕੇ ਪੁੱਛਿਆ ਕਿ ਕੀ ਸਿਫ਼ਾਰਸ਼ ਕੀਤੀ ਦੁਕਾਨ ਤੋਂ ਸਮਾਨ ਖਰੀਦਿਆ ਗਿਆ ਹੈ। ਜਦੋਂ ਮਾਲਕ ਨੇ ਦੱਸਿਆ ਕਿ ਉਹ ਬਾਜ਼ਾਰ ਤੋਂ ਸਮਾਨ ਲੈ ਆਇਆ ਹੈ, ਤਾਂ ਪੇਂਟਰ ਨੇ ਬਿਨਾਂ ਸਮਾਨ ਦੇਖੇ ਹੀ ਉਸ ਵਿੱਚ ਅਨੇਕਾਂ ਕਮੀਆਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਅਗਲੇ ਦਿਨ ਉਹ ਆਪਣੇ ਨਾਲ ਇੱਕ ਹੋਰ ਪੇਂਟਰ ਲੈ ਕੇ ਆਇਆ ਅਤੇ ਦੋਵਾਂ ਨੇ ਮਿਲ ਕੇ ਸਮਾਨ ਵਿੱਚ ਖਾਮੀਆਂ ਦੱਸਦਿਆਂ ਪੂਰੀ ਕੋਸ਼ਿਸ਼ ਕੀਤੀ ਕਿ ਖਰੀਦਿਆ ਗਿਆ ਸਮਾਨ ਵਾਪਸ ਕਰਵਾ ਕੇ ਸਿਫ਼ਾਰਸ਼ ਕੀਤੀ ਦੁਕਾਨ ਤੋਂ ਹੀ ਦੁਬਾਰਾ ਖਰੀਦਿਆ ਜਾਵੇ।

ਪਰ ਮਾਲਕ ਆਪਣੇ ਫ਼ੈਸਲੇ 'ਤੇ ਕਾਇਮ ਰਿਹਾ ਅਤੇ ਪੇਂਟ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ।

ਕੰਮ ਕੁੱਲ 23 ਦਿਨ ਚੱਲਿਆ। ਇਸ ਦੌਰਾਨ ਮੁੱਖ ਪੇਂਟਰ ਕਦੇ-ਕਦੇ ਹੀ ਆਇਆ, ਜਦਕਿ ਵੱਖ-ਵੱਖ ਦਿਨਾਂ ਵਿੱਚ ਦੋ ਜਾਂ ਤਿੰਨ ਦਿਹਾੜੀਦਾਰ ਪੇਂਟਰਾਂ ਰਾਹੀਂ ਕੰਮ ਕਰਵਾਇਆ ਗਿਆ। ਕੰਮ ਦੌਰਾਨ ਚਾਰ ਵਾਰ ਵਾਧੂ ਸਮਾਨ ਵੀ ਮੰਗਵਾਇਆ ਗਿਆ। ਇਸੇ ਸਮੇਂ ਘਰ ਦੇ ਮਾਲਕ ਨੇ ਕਈ ਥਾਵਾਂ 'ਤੇ ਕੀਤੀ ਗਈ ਲਾਪਰਵਾਹੀ, ਜਲਦਬਾਜ਼ੀ ਅਤੇ ਘਟੀਆ ਫਿਨਿਸ਼ਿੰਗ ਵੱਲ ਇਸ਼ਾਰਾ ਕਰਦਿਆਂ ਉਹ ਕੰਮ ਦੁਬਾਰਾ ਠੀਕ ਵੀ ਕਰਵਾਇਆ।

ਭੁਗਤਾਨ ਦੇ ਮਾਮਲੇ ਵਿੱਚ ਮਾਲਕ ਨੇ ਦੋ ਵਾਰ ਦਿਹਾੜੀਦਾਰ ਪੇਂਟਰਾਂ ਨੂੰ ਅਤੇ ਦੋ ਵਾਰ ਮੁੱਖ ਪੇਂਟਰ ਨੂੰ ਮਿਲਾ ਕੇ 16,000 ਅਦਾ ਕਰ ਦਿੱਤੇ। ਉਸ ਦੇ ਹਿਸਾਬ ਅਨੁਸਾਰ ਕੇਵਲ ?7,100 ਬਕਾਇਆ ਰਹਿੰਦੇ ਸਨ।

ਕੰਮ ਦੇ ਅੰਤ ਵਿੱਚ ਮਾਲਕ ਨੇ ਇੱਕ ਦੀਵਾਰ 'ਤੇ ਖਰਾਬ ਹੋਏ ਪੇਂਟ ਦੀ ਹਾਲਤ ਪੇਂਟਰ ਨੂੰ ਦਿਖਾਈ। ਮਾਲਕ ਦੇ ਅਨੁਸਾਰ ਪੇਂਟਰ ਨੇ ਗਲਤੀ ਮੰਨਦੇ ਹੋਏ ਇਸ ਨੂੰ ਠੀਕ ਕਰਨ ਦਾ ਭਰੋਸਾ ਦਿੱਤਾ, ਪਰ ਨਾਲ ਹੀ ਬਕਾਇਆ ?7,100 ਦੀ ਮੰਗ ਵੀ ਕੀਤੀ। ਇਸ 'ਤੇ ਮਾਲਕ ਨੇ ਕਿਹਾ ਕਿ ਪਹਿਲਾਂ ਆਪਣੀ ਗਲਤੀ ਠੀਕ ਕੀਤੀ ਜਾਵੇ, ਖਰਾਬ ਕੀਤਾ ਗਿਆ ਸਮਾਨ ਆਪਣੇ ਖਰਚ 'ਤੇ ਲਿਆਂਦਾ ਜਾਵੇ ਅਤੇ ਉਸ ਤੋਂ ਬਾਅਦ ਬਣਦੀ ਰਕਮ ਅਦਾ ਕਰ ਦਿੱਤੀ ਜਾਵੇਗੀ।

ਮਾਲਕ ਦਾ ਦੋਸ਼ ਹੈ ਕਿ ਇਸ ਤੋਂ ਬਾਅਦ ਪੇਂਟਰ ਕੁਝ ਵਿਅਕਤੀਆਂ ਨੂੰ ਨਾਲ ਲੈ ਕੇ ਆਇਆ, ਬਹਿਸਬਾਜ਼ੀ ਕੀਤੀ ਅਤੇ ਬਕਾਇਆ ਰਕਮ ਤੋਂ ਵੱਧ ਪੈਸਿਆਂ ਦੀ ਮੰਗ ਕਰਨ ਲੱਗ ਪਿਆ ਪੰਜਾਬੀ ਮਾਲਕ ਨੇ ਉਸ ਨਾਲ ਹਲੀਮੀ ਅਤੇ ਸਹਿਜਤਾ ਨਾਲ ਹਿਸਾਬ ਅਤੇ ਬਕਾਇਆ ਕੰਮ ਤਹਿਤ ਕਿਸੇ ਤਣ ਪੱਤਣ ਮੁੱਦੇ ਨੂੰ ਲਗਾਉਣ ਲਈ ਕੋਸ਼ਿਸ਼ਾਂ ਕੀਤੀਆਂ ਪਰ ਅੰਤ ਵਿੱਚ ਮਾਲਕ ਨੇ ਉਸ ਨੂੰ ਕਿਹਾ ਕਿ ਜੇਕਰ ਕੋਈ ਗੱਲਬਾਤ ਕਰਨੀ ਹੈ ਤਾਂ ਕਿਸੇ ਸਮਝਦਾਰ ਅਤੇ ਨਿਰਪੱਖ ਵਿਅਕਤੀ ਨੂੰ ਨਾਲ ਲੈ ਕੇ ਆਵੇ। ਕੁਝ ਸਮੇਂ ਬਾਅਦ ਉਹ ਮੁੜ ਦੋ ਵਿਅਕਤੀਆਂ ਨੂੰ ਨਾਲ ਲੈ ਕੇ ਆਇਆ, ਅਤੇ ਗੁੰਡੇ ਬਦਮਾਸ਼ਾਂ ਦੀ ਤਰ੍ਹਾਂ ਬਕਵਾਸ ਬਾਜ਼ੀ ਕਰਕੇ ਮਾਹੌਲ ਬਣਾਇਆ, ਹਾਲਤ ਵੱਸ ਵਿਚੋਂ ਬਾਹਰ ਜਾਂਦੇ ਵੇਖ ਮਾਲਕ ਨੇ ਉਨ੍ਹਾਂ ਨੂੰ ਘਰ ਤੋਂ ਬਾਹਰ ਜਾਣ ਲਈ ਕਹਿ ਦਿੱਤਾ ਅਤੇ ਦੁਬਾਰਾ ਇਹੀ ਗੱਲ ਦੁਹਰਾਈ ਕਿ ਕਿਸੇ ਸਿਆਣੇ ਵਿਅਕਤੀ ਦੀ ਮੌਜੂਦਗੀ ਵਿੱਚ ਹੀ ਗੱਲਬਾਤ ਹੋਵੇਗੀ।

ਲਗਭਗ 25 ਦਿਨਾਂ ਬਾਅਦ ਪੇਂਟਰ ਨੇ ਕਿਰਤ ਵਿਭਾਗ ਵਿੱਚ ਉਜਰਤ ਨਾ ਮਿਲਣ ਦੀ ਸ਼ਿਕਾਇਤ ਕਰ ਦਿੱਤੀ। ਨੋਟਿਸ ਜਾਰੀ ਹੋਣ ਉਪਰੰਤ ਦੋਵੇਂ ਧਿਰਾਂ ਕਿਰਤ ਵਿਭਾਗ, ਪਟਿਆਲਾ ਵਿਖੇ ਪੇਸ਼ ਹੋਈਆਂ।

ਮਾਲਕ ਦਾ ਦਾਅਵਾ ਹੈ ਕਿ ਕਿਰਤ ਵਿਭਾਗ ਵਿੱਚ ਉਸ ਵੱਲੋਂ ਪੇਸ਼ ਕੀਤੀਆਂ ਸ਼ਿਕਾਇਤਾਂ, ਖਰਾਬ ਹੋਏ ਮਹਿੰਗੇ ਪੇਂਟ, ਕੰਮ ਦੀਆਂ ਖਾਮੀਆਂ ਅਤੇ ਆਪਣੇ ਹੋਏ ਆਰਥਿਕ ਨੁਕਸਾਨ ਬਾਰੇ ਕੋਈ ਗੰਭੀਰ ਸੁਣਵਾਈ ਨਹੀਂ ਕੀਤੀ ਗਈ। ਉਸ ਦੇ ਅਨੁਸਾਰ ਸਿਰਫ਼ ਬਕਾਇਆ ?7,100 ਪੇਂਟਰ ਨੂੰ ਅਦਾ ਕਰਨ ਲਈ ਦਬਾਅ ਬਣਾਇਆ ਗਿਆ, ਜਦਕਿ ਉਸ ਵੱਲੋਂ ਉਠਾਏ ਗਏ ਨੁਕਸਾਨ ਅਤੇ ਮੁਆਵਜ਼ੇ ਦੇ ਮੁੱਦਿਆਂ 'ਤੇ ਕੋਈ ਵਿਚਾਰ ਨਹੀਂ ਕੀਤਾ ਗਿਆ।

ਮਾਲਕ ਦਾ ਕਹਿਣਾ ਹੈ ਕਿ ਜੇਕਰ ਕਿਸੇ ਮਜ਼ਦੂਰ ਦੀ ਮਿਹਨਤ ਦੀ ਕਮਾਈ ਸੁਰੱਖਿਅਤ ਹੋਣੀ ਚਾਹੀਦੀ ਹੈ ਤਾਂ ਕਿਸੇ ਮਾਲਕ ਦੀ ਸੰਪਤੀ, ਉਸ ਦੇ ਖਰੀਦੇ ਮਹਿੰਗੇ ਸਮਾਨ ਅਤੇ ਉਸ ਨਾਲ ਹੋਏ ਸੰਭਾਵਿਤ ਨੁਕਸਾਨ ਨੂੰ ਵੀ ਬਰਾਬਰ ਮਹੱਤਵ ਮਿਲਣਾ ਚਾਹੀਦਾ ਹੈ। ਉਸ ਦੇ ਅਨੁਸਾਰ, ਕਿਸੇ ਵੀ ਵਿਵਾਦ ਵਿੱਚ ਇੱਕ ਪੱਖ ਦੀ ਗੱਲ ਸੁਣ ਕੇ ਫ਼ੈਸਲਾ ਕਰਨਾ ਨਿਆਂ ਦੇ ਮੂਲ ਸਿਧਾਂਤਾਂ ਨਾਲ ਮੇਲ ਨਹੀਂ ਖਾਂਦਾ।

ਇਹ ਮਾਮਲਾ ਸਿਰਫ਼ ਇੱਕ ਪੇਂਟਰ ਅਤੇ ਇੱਕ ਮਾਲਕ ਵਿਚਕਾਰ ਪੈਸਿਆਂ ਦਾ ਵਿਵਾਦ ਨਹੀਂ, ਸਗੋਂ ਇਹ ਸਵਾਲ ਵੀ ਖੜ੍ਹਾ ਕਰਦਾ ਹੈ ਕਿ ਕੀ ਅਜਿਹੇ ਮਾਮਲਿਆਂ ਵਿੱਚ ਦੋਵੇਂ ਧਿਰਾਂ ਦੀਆਂ ਸ਼ਿਕਾਇਤਾਂ ਨੂੰ ਇੱਕੋ ਜਿਹੀ ਗੰਭੀਰਤਾ ਨਾਲ ਸੁਣਿਆ ਜਾਂਦਾ ਹੈ ? ਕੀ ਜੇਕਰ ਕਿਸੇ ਮਜ਼ਦੂਰ ਨੂੰ ਆਪਣੀ ਮਿਹਨਤਾਨੇ ਦਾ ਅਧਿਕਾਰ ਹੈ ਤਾਂ ਮਾਲਕ ਨੂੰ ਵੀ ਆਪਣੇ ਆਰਥਿਕ ਨੁਕਸਾਨ ਲਈ ਉਚਿਤ ਇਲਾਜ ਅਤੇ ਮੁਆਵਜ਼ਾ ਮਿਲਣ ਦਾ ਅਧਿਕਾਰ ਨਹੀਂ ਹੋਣਾ ਚਾਹੀਦਾ ? ਨਿਆਂ ਦੀ ਬੁਨਿਆਦ ਸੰਤੁਲਨ, ਨਿਰਪੱਖਤਾ ਅਤੇ ਦੋਵੇਂ ਧਿਰਾਂ ਨੂੰ ਬਰਾਬਰ ਮੌਕਾ ਦੇਣ ਵਿੱਚ ਹੈ। ਜਦੋਂ ਕਿਸੇ ਇੱਕ ਪੱਖ ਦੀ ਗੱਲ ਹੀ ਪ੍ਰਮੁੱਖ ਬਣ ਜਾਵੇ ਅਤੇ ਦੂਜੇ ਪੱਖ ਦੀਆਂ ਸ਼ਿਕਾਇਤਾਂ ਅਣਸੁਣੀਆਂ ਰਹਿ ਜਾਣ, ਤਾਂ ਅਜਿਹੇ ਫ਼ੈਸਲੇ ਨਿਆਂ ਪ੍ਰਣਾਲੀ 'ਤੇ ਲੋਕਾਂ ਦੇ ਭਰੋਸੇ ਨੂੰ ਕਮਜ਼ੋਰ ਕਰ ਸਕਦੇ ਹਨ। ਪਹਿਲਾਂ ਪਰਵਾਸੀ ਪੇਂਟਰ ਨੇ ਨਿਰਧਾਰਿਤ ਉਜਰਤ ਤੋਂ ਵੱਧ ਵਸੂਲੀ ਦੀ ਕੋਸ਼ਿਸ਼ ਵਿੱਚ ਗੁੰਡਾ ਅਨਸਰ ਦਾ ਸਹਾਰਾ ਲਿਆ ਅਤੇ ਬਾਅਦ ਵਿੱਚ ਝੂਠੀ ਸ਼ਿਕਾਇਤ ਦਰਜ ਕਰਵਾ ਕੇ ਕਿਰਤ ਵਿਭਾਗ ਰਾਹੀਂ ਵਸੂਲੀ ਕੀਤੀ। ਇਹੀ ਕਾਰਨ ਹੈ ਕਿ ਅਜਿਹੇ ਹਰ ਮਾਮਲੇ ਵਿੱਚ ਪੂਰੇ ਤੱਥਾਂ, ਸਬੂਤਾਂ ਅਤੇ ਦੋਵੇਂ ਧਿਰਾਂ ਦੀ ਗੱਲ ਸੁਣ ਕੇ ਹੀ ਨਿਰਪੱਖ ਨਤੀਜੇ 'ਤੇ ਪਹੁੰਚਣਾ ਸਮੇਂ ਦੀ ਲੋੜ ਹੈ।

## ਓ.ਐਸ.ਡੀ ਸੁਖਵੀਰ ਸਿੰਘ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਪਿੰਡ ਰੁਲਦੂ ਸਿੰਘ ਵਾਲਾ ਅਤੇ ਬੰਗਾਂਵਾਲੀ ਵਿਖੇ 'ਲੋਕ ਮਿਲਣੀ'



**ਧੂਰੀ 4 ਅਗਸਤ**
**-ਜਤਿੰਦਰ ਗਰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਮਾਂਬੱਧ ਅਤੇ ਤਰਜੀਹੀ ਆਧਾਰ 'ਤੇ ਹੱਲ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ 'ਲੋਕ ਮਿਲਣੀ' ਮੁਹਿੰਮ ਤਹਿਤ ਪਿੰਡ ਰੁਲਦੂ ਸਿੰਘ ਵਾਲਾ ਅਤੇ ਬੰਗਾਂਵਾਲੀ ਵਿਖੇ ਲੋਕ ਮਿਲਣੀ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਅਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੀ ਕਾਰਵਾਈ ਕਰਨ ਅਤੇ ਬਾਕੀ ਮਾਮਲਿਆਂ ਦਾ ਜਲਦ ਨਿਪਟਾਰਾ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ।

ਇਸ ਮੌਕੇ ਸੰਬੋਧਨ ਕਰਦਿਆਂ ਸੁਖਵੀਰ ਸਿੰਘ ਅਤੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਨੂੰ ਭ੍ਰਿਸ਼ਟਾਚਾਰ-ਮੁਕਤ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਨੂੰ ਆਪਣੀ ਪਹਿਲੀ ਤਰਜੀਹ ਬਣਾਇਆ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਦਾ ਮਕਸਦ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਉਣ ਦੀ ਬਜਾਏ ਸਰਕਾਰ ਨੂੰ ਲੋਕਾਂ ਦੇ ਬੂਹੇ ਤੱਕ ਲੈ ਕੇ ਜਾਣਾ ਹੈ ਤਾਂ ਜੋ ਹਰ ਨਾਗਰਿਕ ਨੂੰ ਸਮੇਂ ਸਿਰ ਇਨਸਾਫ਼ ਅਤੇ ਸਰਕਾਰੀ ਸੇਵਾਵਾਂ ਮਿਲ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਅਨੇਕਾਂ ਇਤਿਹਾਸਕ ਪਹਿਲਕਦਮੀਆਂ ਨੂੰ ਸਫ਼ਲਤਾਪੂਰਵਕ ਲਾਗੂ ਕਰ ਰਹੀ ਹੈ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਦਕਿ ਜ਼ੀਰੋ ਬਿਜਲੀ ਬਿੱਲ ਦੀ ਸਕੀਮ ਤਹਿਤ ਲੱਖਾਂ ਪਰਿਵਾਰਾਂ ਨੂੰ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸੂਬੇ ਭਰ ਵਿੱਚ ਸਥਾਪਤ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ, ਮੁਫ਼ਤ ਦਵਾਈਆਂ ਅਤੇ ਲੈਬ ਟੈਸਟ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਉਪਲਬਧ ਕਰਵਾਏ ਜਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਆਧੁਨਿਕ ਖੇਡ ਮੈਦਾਨਾਂ ਅਤੇ ਖੇਡ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਿੱਖਿਆ, ਸਿਹਤ, ਰੋਜ਼ਗਾਰ, ਬੁਨਿਆਦੀ ਢਾਂਚੇ ਅਤੇ ਕਿਸਾਨ ਭਲਾਈ ਦੇ ਖੇਤਰ ਵਿੱਚ ਵੀ ਸਰਕਾਰ ਵੱਲੋਂ ਲਗਾਤਾਰ ਲੋਕ-ਪੱਖੀ ਫ਼ੈਸਲੇ ਲਏ ਜਾ ਰਹੇ ਹਨ, ਜਿਨ੍ਹਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਖੇਤਰ ਦੇ ਵਿਕਾਸ ਲਈ ਸਰਕਾਰ ਨਾਲ ਸਰਗਰਮ ਭਾਈਵਾਲ ਬਣਨ।

ਇਸ ਮੌਕੇ ਡਾ. ਅਨਵਰ ਭਸੌੜ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀ ਚੇਅਰਮੈਨ ਚਰਨ ਸਿੰਘ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਸਰਪੰਚ ਅਮ੍ਰਿਤਪਾਲ ਸਿੰਘ (ਘਨੌਰੀ ਕਲਾਂ), ਸਰਪੰਚ ਮਨਪ੍ਰੀਤ ਸ਼ਰਮਾ (ਜਹਾਂਗੀਰ) ਅਤੇ ਹੋਰ ਪਤਵੰਤੇ ਹਾਜ਼ਰ ਸਨ।

## 14 ਅਗਸਤ ਨੂੰ ਦਰੇਸੀ ਗਰਾਊਂਡ ਵਿਖੇ ਹੋਵੇਗਾ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਸਮਾਗਮ

**ਲੁਧਿਆਣਾ, 4 ਅਗਸਤ/ਦੁੱਗਰੀ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਕਿ ਭਗਵਾਨ ਸ਼ਿਵ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਦਾ ਆਯੋਜਨ 14 ਅਗਸਤ ਨੂੰ ਸ਼ਾਮ 6 ਵਜੇ ਦਰੇਸੀ ਗਰਾਊਂਡ, ਲੁਧਿਆਣਾ ਵਿਖੇ ਕੀਤਾ ਜਾਵੇਗਾ। ਸਮਾਗਮ ਵਿੱਚ ਪ੍ਰਸਿੱਧ ਗਾਇਕ ਕੈਲਾਸ਼ ਖੇਰ ਆਪਣੀ ਭਗਤੀਮਈ ਪੇਸ਼ਕਾਰੀ ਨਾਲ ਸ਼ਰਧਾਲੂਆਂ ਨੂੰ ਨਿਹਾਲ ਕਰਨਗੇ। ਸਮਾਗਮ ਦੀਆਂ ਤਿਆਰੀਆਂ ਸਬੰਧੀ ਦੀਪਕ ਬਾਲੀ ਨੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸੁਰੱਖਿਆ, ਆਵਾਜਾਈ, ਪਾਰਕਿੰਗ, ਸਫ਼ਾਈ, ਪੀਣ ਵਾਲੇ ਪਾਣੀ ਅਤੇ ਡਾਕਟਰੀ ਸਹੂਲਤਾਂ ਸਮੇਤ ਸਾਰੇ ਪ੍ਰਬੰਧਾਂ ਦਾ ਜਾਇਜ਼ਾ ਲਿਆ।

## ਬਰਸਾਤ ਮਗਰੋਂ ਐਕਸ਼ਨ ਮੋਡ 'ਚ ਨਗਰ ਨਿਗਮ: ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਖ਼ੁਦ ਸੰਭਾਲੀ ਕਮਾਨ

### ਪਟਿਆਲਾ ਨੂੰ ਬਰਸਾਤੀ ਪਾਣੀ ਤੋਂ ਰਾਹਤ ਦਵਾਉਣ ਲਈ ਸਵੇਰੇ 6 ਵਜੇ ਤੋਂ ਸ਼ਹਿਰ ਦੇ ਦੌਰੇ 'ਤੇ ਨਿਕਲੇ ਮੇਅਰ ਤੇ ਕਮਿਸ਼ਨਰ



**ਪਟਿਆਲਾ, 4 ਅਗਸਤ**
**-ਛਤਰਪਾਲ ਸਿੰਘ-**

ਸ਼ਾਹੀ ਸ਼ਹਿਰ ਪਟਿਆਲਾ ਵਿੱਚ ਅੱਜ ਸਵੇਰ ਤੋਂ ਹੀ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਤੋਂ ਬਾਅਦ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਨਗਰ ਨਿਗਮ ਪੂਰੀ ਤਰ੍ਹਾਂ ਐਕਸ਼ਨ ਮੋਡ ਵਿੱਚ ਆ ਗਿਆ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਸੁਚਾਰੂ ਬਣਾਉਣ ਅਤੇ ਸ਼ਹਿਰ ਵਾਸੀਆਂ ਨੂੰ ਜਲ ਭਰਾਅ ਦੀ ਸਮੱਸਿਆ ਤੋਂ ਨਿਜਾਤ ਦਵਾਉਣ ਦੇ ਮੰਤਵ ਨਾਲ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਅਤੇ ਨਿਗਮ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਵੱਲੋਂ ਸਵੇਰੇ 6 ਵਜੇ ਤੋਂ ਹੀ ਨਿਗਮ ਦੀਆਂ ਟੀਮਾਂ ਨੂੰ ਨਾਲ ਲੈ ਕੇ ਵਿਸ਼ੇਸ਼ ਦੌਰਾ ਕੀਤਾ ਗਿਆ। ਦੋਵਾਂ ਉੱਚ ਅਧਿਕਾਰੀਆਂ ਨੇ ਖ਼ੁਦ ਜ਼ਮੀਨੀ ਪੱਧਰ 'ਤੇ ਮੌਜੂਦ ਰਹਿ ਕੇ ਹਰ ਪ੍ਰਭਾਵਿਤ ਸਥਾਨ ਦੀ ਸਥਿਤੀ ਦਾ ਗੰਭੀਰਤਾ ਨਾਲ ਜਾਇਜ਼ਾ ਲਿਆ ਅਤੇ ਮੌਕੇ 'ਤੇ ਹੀ ਤੁਰੰਤ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਐਸ ਸੀ ਜੇ ਪੀ ਸਿੰਘ, ਐਕਸੀਅਨ ਕੁਲਜਿੰਦਰ ਸਿੰਘ, ਜੇ ਈ ਰਾਜੇਸ਼, ਪੀ ਏ ਕ੍ਰਿਸ਼ਨ ਕੁਮਾਰ ਤੋਂ ਇਲਾਵਾ ਹੋਰ ਨਿਗਮ ਅਧਿਕਾਰੀ ਵੀ ਮੌਜੂਦ ਸਨ.

ਨਿਰੀਖਣ ਦੌਰਾਨ ਮੇਅਰ ਅਤੇ ਕਮਿਸ਼ਨਰ ਵੱਲੋਂ ਸ਼ਹਿਰ ਦੇ ਨੀਵੇਂ ਅਤੇ ਸੰਵੇਦਨਸ਼ੀਲ ਖੇਤਰਾਂ ਜਿਵੇਂ ਕਿ ਫੁਲਕੀਆਂ ਇਨਕਲੇਵ, ਮਜੀਠੀਆ ਇਨਕਲੇਵ, ਚਾਂਦਨੀ ਚੌਕ, ਰਾਘੋ ਮਾਜਰਾ, ਜੈਕਬ ਡਰੇਨ ਅਤੇ ਐਸ.ਟੀ.ਪੀ. ਪਲਾਂਟ ਸਮੇਤ ਹੋਰ ਕਈ ਇਲਾਕਿਆਂ ਦਾ ਦੌਰਾ ਕੀਤਾ ਗਿਆ। ਜਿਨ੍ਹਾਂ ਵੀ ਥਾਵਾਂ 'ਤੇ ਮੀਂਹ ਦਾ ਪਾਣੀ ਖੜ੍ਹਾ ਮਿਲਿਆ, ਉੱਥੇ ਨਗਰ ਨਿਗਮ ਦੀਆਂ ਟੀਮਾਂ ਨੂੰ ਤੁਰੰਤ ਪ੍ਰਭਾਵ ਨਾਲ ਭਾਰੀ ਮਸ਼ੀਨਰੀ ਅਤੇ ਸਟਾਫ਼ ਲਗਾ ਕੇ ਪੰਪਾਂ ਰਾਹੀਂ ਪਾਣੀ ਦੀ ਨਿਕਾਸੀ ਸ਼ੁਰੂ ਕਰਨ ਦੇ ਹੁਕਮ ਦਿੱਤੇ ਗਏ।

ਦੌਰੇ ਦੌਰਾਨ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਪਾਣੀ ਦੀ ਨਿਕਾਸੀ ਦੇ ਕੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਜਿੱਥੇ ਵੀ ਸਥਿਤੀ ਗੰਭੀਰ ਮਹਿਸੂਸ ਹੋਈ, ਉੱਥੇ ਤੁਰੰਤ ਵਾਧੂ ਟੀਮਾਂ ਅਤੇ ਨਿਕਾਸੀ ਸਾਧਨ ਤਾਇਨਾਤ ਕੀਤੇ ਗਏ। ਮੇਅਰ ਅਤੇ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਵਾਸੀਆਂ ਨੂੰ ਬਰਸਾਤ ਦੌਰਾਨ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਾ ਆਵੇ, ਇਸ ਲਈ ਹਰ ਸ਼ਿਕਾਇਤ 'ਤੇ ਪਹਿਲ ਦੇ ਆਧਾਰ 'ਤੇ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ। ਮੇਅਰ ਅਤੇ ਕਮਿਸ਼ਨਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਬਾਰਿਸ਼ ਦੌਰਾਨ ਅਤੇ ਉਸ ਤੋਂ ਬਾਅਦ ਵੀ ਨਗਰ ਨਿਗਮ ਦੀਆਂ ਟੀਮਾਂ ਪੂਰੀ ਤਨਦੇਹੀ ਨਾਲ ਮੈਦਾਨ ਵਿੱਚ ਡਟੀਆਂ ਹੋਈਆਂ ਹਨ। ਕਮਿਸ਼ਨਰ ਪੂਜਾ ਸਿਆਲ ਗਰੇਵਾਲ ਨੇ ਦੱਸਿਆ ਕਿ ਸ਼ਹਿਰ ਦੇ ਸਾਰੇ ਨੀਵੇਂ ਅਤੇ ਪਾਣੀ ਦੀ ਮਾਰ ਹੇਠ ਆਉਣ ਵਾਲੇ ਪੁਆਇੰਟਾਂ 'ਤੇ ਲਗਾਤਾਰ 24 ਘੰਟੇ ਨਿਗਰਾਨੀ ਰੱਖੀ ਜਾ ਰਹੀ ਹੈ।

ਨਿਗਮ ਪ੍ਰਸ਼ਾਸਨ ਨੇ ਸ਼ਹਿਰ ਵਾਸੀਆਂ ਨੂੰ ਪੂਰਾ ਭਰੋਸਾ ਦਿਵਾਇਆ ਕਿ ਬਰਸਾਤੀ ਮੌਸਮ ਦੌਰਾਨ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਨਗਰ ਨਿਗਮ ਪੂਰੀ ਤਰ੍ਹਾਂ ਤਿਆਰ ਹੈ ਅਤੇ ਲੋਕਾਂ ਦੀ ਸੁਰੱਖਿਆ ਤੇ ਸਹੂਲਤ ਲਈ ਹਰ ਸੰਭਵ ਉਪਰਾਲੇ ਜਾਰੀ ਰਹਿਣਗੇ।

## ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ ਪੰਜਾਬ ਦਾ ਪਹਿਲਾ ISSN-ਮੰਜ਼ੂਰਸ਼ੁਦਾ 19 ਜਰਨਲ ਸ਼ੁਰੂ ਕੀਤਾ



**ਪਟਿਆਲਾ, 4 ਅਗਸਤ**
**-ਛਤਰਪਾਲ ਸਿੰਘ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨੇ ਇੱਕ ਮਹੱਤਵਪੂਰਨ ਮੀਲ ਪੱਥਰ ਹਾਸਲ ਕਰਦਿਆਂ ਪੰਜਾਬ ਦੀ ਪਹਿਲੀ ਯੂਨੀਵਰਸਿਟੀ ਬਣਨ ਦਾ ਮਾਣ ਪ੍ਰਾਪਤ ਕੀਤਾ ਹੈ ਜਿਸ ਨੇ ਆਰਟੀਫੀਸ਼ਲ ਇੰਟੈਲੀਜੈਂਸ ਲਈ ਜਰਨਲ ਸ਼ੁਰੂ ਕੀਤਾ ਹੈ। ਯੂਨੀਵਰਸਿਟੀ ਦੇ ਅਧਿਕਾਰਕ ਜਰਨਲ International Journal of AI in Practice (IJAiP) ਨੂੰ ISSN: CACI-EHEF ਪ੍ਰਾਪਤ ਹੋਇਆ ਹੈ। ਇਸ ਪਹਿਲ ਨੂੰ ਡਾ. ਗੌਰਵ ਧੀਮਾਨ, ਅਸਿਸਟੈਂਟ ਪ੍ਰੋਫੈਸਰ ਵੱਲੋਂ ਸੋਚਿਆ ਅਤੇ ਸਫਲਤਾਪੂਰਵਕ ਅੱਗੇ ਵਧਾਇਆ ਗਿਆ।

ਉਨ੍ਹਾਂ ਦੀ ਦੂਰਦਰਸ਼ਤਾ ਅਤੇ ਮਿਹਨਤ ਨਾਲ International Journal of AI in Practice (IJAiP) ਦੀ ਸਥਾਪਨਾ ਅਤੇ ISSN ਪ੍ਰਾਪਤੀ ਸੰਭਵ ਹੋ ਸਕੀ। ਮਾਣਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਰੱਤਨ ਸਿੰਘ ਨੇ ਸਕੂਲ ਆਫ ਸਾਇੰਸਜ਼ ਐਂਡ ਇਮਰਜਿੰਗ ਟੈਕਨੋਲੋਜੀਜ਼ (SSET) ਦੀ ਪੂਰੀ ਟੀਮ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਯੂਨੀਵਰਸਿਟੀ ਦੇ ਰਿਸਰਚ ਇਕੋਸਿਸਟਮ ਨੂੰ ਮਜ਼ਬੂਤ ਕਰਨ ਅਤੇ ਉੱਚ ਅਕਾਦਮਿਕ ਪ੍ਰਕਾਸ਼ਨਾਂ ਨੂੰ ਪ੍ਰੋਤਸਾਹਿਤ ਕਰਨ ਲਈ ਟੀਮ ਦੀ ਪ੍ਰਸ਼ੰਸਾ ਕੀਤੀ। ਡਾ. ਕੁਲਦੀਪ ਵਾਲੀਆ, ਡਾਇਰੈਕਟਰ ਅਤੇ ਡਾ. ਅਮਿਤੋਜ ਸਿੰਘ, ਡੀਨ, ਅਕੈਡਮਿਕ ਅਫੇਅਰਜ਼ ਨੇ ਵੀ ਡਾ. ਗੌਰਵ ਧੀਮਾਨ ਅਤੇ SSET ਵਿਭਾਗ ਨੂੰ ਵਧਾਈ ਦਿੱਤੀ ਅਤੇ ਇਸ ਮਹੱਤਵਪੂਰਨ ਸਫਲਤਾ ਲਈ ਉਨ੍ਹਾਂ ਦੀ ਸਾਂਝੀ ਮਿਹਨਤ ਦੀ ਸਰਾਹਨਾ ਕੀਤੀ। ਇਸ ISSN-ਮੰਜ਼ੂਰਸ਼ੁਦਾ ਜਰਨਲ ਦੀ ਸ਼ੁਰੂਆਤ ਨਾਲ ਖੋਜਕਰਤਾਵਾਂ, ਅਕਾਦਮਿਕ ਵਿਦਵਾਨਾਂ ਅਤੇ ਉਦਯੋਗ ਵਿਸ਼ੇਸ਼ਗਿਆਨਾਂ ਲਈ ਆਰਟੀਫੀਸ਼ਲ ਇੰਟੈਲੀਜੈਂਸ ਅਤੇ ਇਸਦੇ ਵਿਹਾਰਕ ਉਪਯੋਗਾਂ ਵਿੱਚ ਯੋਗਦਾਨ ਪਾਉਣ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕੀਤਾ ਜਾਵੇਗਾ।



ਜਲ ਸਰੋਤ ਵਿਭਾਗ ਵਿਖੇ ਸ੍ਰੀ: ਅਸੀਸ (ਐਸ.ਡੀ.ਓ) ਨਿੱਜੀ ਸਹਾਇਕ ਟੂ ਨਿਗਰਾਨ ਇੰਜੀਨੀਅਰ, ਬੀ. ਐਮ. ਐਲ. ਸਰਕਲ, ਪਟਿਆਲਾ ਦੇ ਜਨਮ ਦਿਨ ਮੌਕੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦਿੰਦੇ ਹੋਏ, ਇੰਜੀ: ਰਮਨਦੀਪ ਸਿੰਘ ਬੈਂਸ (ਐਸ.ਈ), ਸਾਂਜਾ ਮੁਲਾਜ਼ਮ ਮੰਚ ਦੇ ਕਨਵੀਨਰ ਸ੍: ਬਚਿੱਤਰ ਸਿੰਘ ਅਤੇ ਸ੍ਰੀ ਖੁਸ਼ਵਿੰਦਰ ਕਪਿਲਾ, ਇਰੀਗੇਸ਼ਨ ਮਨਿਸਟੀਰੀਅਲ ਸਰਵਿਸਿਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਸ੍: ਅਰਮ ਬਹਾਦਰ ਸਿੰਘ (ਬਾਠ), ਸੂਬਾ ਪ੍ਰੈੱਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ, ਜਿਲ੍ਹਾ ਪਟਿਆਲਾ ਦੇ ਪ੍ਰਧਾਨ ਸ੍ਰੀ ਊਪਨੈਨ, ਅਤੇ ਉਪ ਮੰਡਲ ਅਫਸਰ ਸ੍ਰੀ ਕੂਨਾਲ ਅਤੇ ਸ੍ਰੀ ਅੰਕੂਰ । ਨਾਲ ਇਸ ਸ਼ੁਭ ਅਵਸਰ ਤੇ ਸ੍ਰੀ ਅਸੀਸ (ਐਸ.ਡੀ.ਓ) ਪਾਸੋਂ ਕੇਕ ਕਟਵਾ ਕੇ ਮੁਲਾਜ਼ਮ ਸਾਥੀਆਂ ਦਾ ਮੂੰਹ ਮਿਠਾ ਕਰਵਾਇਆ ਗਿਆ। ਫ਼ੋਟੋ ਤੇ ਵੇਰਵਾ : ਸ਼ਹੀਦ-ਏ-ਆਜ਼ਮ ਬਿਊਰੋ


Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807








Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੰਜਾਬ ਦੇ ਰਾਜਪਾਲ ਨੇ ਦ ਪ੍ਰਾਇਡ ਆਵ ਪੀਕੌਕ: ਗਲੋਰੀ ਆਵ ਇੰਡੀਆ ਜਾਰੀ ਕੀਤੀ



**ਚੰਡੀਗੜ੍ਹ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਆਪਣੀ ਧਰਮ-ਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਦੇ ਨਾਲ ਅੱਜ ਪੰਜਾਬ ਲੋਕ ਭਵਨ ਵਿਖੇ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰ ਸ਼੍ਰੀ ਹਰਪ੍ਰੀਤ ਸੰਧੂ ਦੁਆਰਾ ਸੰਕਲਿਤ ਕੌਫੀ-ਟੇਬਲ ਚਿੱਤਰਾਤਮਕ ਪ੍ਰਕਾਸ਼ਨ, ਦ ਪ੍ਰਾਇਡ ਆਵ? ਪੀਕੌਕ: ਗਲੋਰੀ ਆਵ? ਇੰਡੀਆ ਜਾਰੀ ਕੀਤਾ। ਸਾਵਣ: ਸਿੰਫਨੀ ਆਵ? ਦ ਮੌਨਸੂਨਸ ਥੀਮ ’ਤੇ ਅਧਾਰਿਤ ਇਹ ਪ੍ਰਕਾਸ਼ਨ ਵਾਤਾਵਰਣ ਜਾਗਰੂਕਤਾ, ਜੈਵ ਵਿਭਿੰਨਤਾ ਸੰਭਾਲ ਅਤੇ ਭਾਰਤ ਦੀ ਪ੍ਰਾਕ੍ਰਿਤਿਕ ਵਿਰਾਸਤ ਦੇ ਪ੍ਰਤੀ ਸਨਮਾਨ ਦਾ ਸੰਦੇਸ਼ ਦਿੰਦਾ ਹੈ। ਰਾਜਪਾਲ ਨੇ ਇਸ ਪ੍ਰਕਾਸ਼ਨ ਨੂੰ ਕਲਾ, ਪ੍ਰਕ੍ਰਿਤੀ ਅਤੇ ਸੰਭਾਲ਼ ਦਾ ਅਨੂਠਾ ਸੰਗਮ ਦੱਸਦੇ ਹੋਏ ਕਿਹਾ ਕਿ ਇਹ ਭਾਰਤ ਦੇ ਰਾਸ਼ਟਰੀ ਪੰਛੀ ਮੋਰ ਨੂੰ ਸਮਰਪਿਤ ਇੱਕ ਪ੍ਰੇਰਣਾਦਾਈ ਰਚਨਾ ਹੈ, ਜੋ ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਵਣਜੀਵਾਂ ਅਤੇ ਵਾਤਾਵਰਣ ਸੰਭਾਲ਼ ਲਈ ਪ੍ਰੇਰਿਤ ਕਰਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ, ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ਦਾ ਉਲੇਖ ਕਰਦੇ ਹੋਏ ਰਾਜਪਾਲ ਨੇ ਪ੍ਰਕ੍ਰਿਤੀ ਦੀ ਸੰਭਾਲ਼ ਅਤੇ ਸਨਮਾਨ ਦੀ ਜ਼ਰੂਰਤ ’ਤੇ ਬਲ ਦਿੱਤਾ। ਉਨ੍ਹਾਂ ਨੇ ਕਿਹਾ ਕਿ ਭਗਵਾਨ ਕਾਰਤੀਕੇਯ, ਮਾਂ ਸਰਸਵਤੀ ਅਤੇ ਭਗਵਾਨ ਕ੍ਰਿਸ਼ਨ ਦੇ ਮੋਰ ਦੇ ਖੰਭ ਨਾਲ ਜੁੜਾਅ ਦੇ ਕਾਰਨ ਮੋਰ ਭਾਰਤੀ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਵਿੱਚ ਵਿਸ਼ੇਸ਼ ਸਥਾਨ ਰੱਖਦਾ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਵਣਾਂ, ਵੈੱਟਲੈਂਡਸ ਅਤੇ ਪ੍ਰਾਕ੍ਰਿਤਿਕ ਆਵਾਸਾਂ ਦੀ ਰੱਖਿਆ ਕਰਕੇ ਜੈਵ ਵਿਵਿਧਤਾ ਦੀ ਸੰਭਾਲ਼ ਅਤੇ ਟਿਕਾਊ ਜੀਵਨਸ਼ੈਲੀ ਅਪਣਾਉਣ ਦਾ ਸੱਦਾ ਦਿੱਤਾ।

ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦੇ ਸ਼ਬਦ ਗਾਇਨ ਨਾਲ ਹੋਈ। ਪ੍ਰਕਾਸ਼ਨ ਵਿੱਚ ਮੋਰ ਦੀ ਸੁੰਦਰਤਾ ਨੂੰ ਚਿੱਤਰਾਂ ਅਤੇ ਕਲਾਕ੍ਰਿਤੀਆਂ ਦੇ ਜ਼ਰੀਏ ਪ੍ਰਸਤੁਤ ਕੀਤਾ ਗਿਆ ਹੈ। ਇਸ ਅਵਸਰ ’ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਟੂਰਿਜ਼ਮ ਵਿਭਾਗ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਤਿਆਰ ਮੋਰ ’ਤੇ ਅਧਾਰਿਤ ਇੱਕ ਦਸਤਾਵੇਜ਼ੀ ਫਿਲਮ ਦਾ ਵੀ ਪ੍ਰਦਰਸ਼ਨ ਕੀਤਾ ਗਿਆ।

ਇਸ ਅਵਸਰ ’ਤੇ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ, ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਚੰਡੀਗੜ੍ਹ ਪ੍ਰਸ਼ਾਸਨ ਦੇ ਸਕੱਤਰ, ਟੂਰਿਜ਼ਮ-ਅਤੇ-ਸੱਭਿਆਚਾਰ, ਡਾ. ਸਈਦ ਆਬਿਦ ਰਸ਼ੀਦ ਸ਼ਾਹ; ਡਾਇਰੈਕਟਰ, ਸੱਭਿਆਚਾਰਕ ਮਾਮਲੇ, ਸ਼੍ਰੀ ਨਵੀਨ ਅਤੇ ਪੰਜਾਬ ਤੇ ਚੰਡੀਗੜ੍ਹ ਦੀਆਂ ਅਨੇਕ ਪ੍ਰਮੁੱਖ ਹਸਤੀਆਂ ਵੀ ਉਪਸਥਿਤ ਸਨ।

# ਸ਼ਾਮਲਾਟ ਜ਼ਮੀਨ ’ਤੇ ਕਬਜ਼ੇ ਦੀ ਕਾਰਵਾਈ ਸਿਰੇ ਨਾ ਚੜ੍ਹੀ ਦੂਜੀ ਧਿਰ ਦੇ ਵਿਰੋਧ ਕਾਰਨ ਪ੍ਰਸ਼ਾਸਨ ਦੀ ਟੀਮ ਬੇਰੰਗ ਪਰਤੀ

**ਪਟਿਆਲਾ/ਡਕਾਲਾ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਬਲਾਕ ਦੇ ਪਿੰਡ ਬਠੋਈ ਵਿੱਚ ਸ਼ਾਮਲਾਟ ਜਮੀਨ ਦੇ ਕਬਜ਼ੇ ਲਈ ਪਿਛਲੇ ਸਮੇਂ ਤੋਂ ਜਾਰੀ ਵਿਵਾਦ ਅੱਜ ਵੀ ਹੱਲ ਨਾ ਹੋ ਸਕਿਆ। ਇੱਥੇ ਜਨਰਲ ਅਤੇ ਐੱਸ ਸੀ ਭਾਈਚਾਰੇ ਸ਼ਾਮਲਾਟ ਜ਼ਮੀਨ ਦੇ ਕਬਜ਼ੇ ਦਾ ਵਿਵਾਦ ਅਦਾਲਤ ਪਹੁੰਚ ਗਿਆ ਸੀ। ਅਦਾਲਤ ਨੇ ਐੱਸ ਸੀ ਭਾਈਚਾਰੇ ਦੇ ਸਬੰਧਿਤ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਹਿੱਸੇ ਦੀ ਬਣਦੀ ਸ਼ਾਮਲਾਟ ਜ਼ਮੀਨ ਦਾ ਕਬਜ਼ਾ ਦਿਵਾਉਣ ਦੀ ਤਾਕੀਦ ਕੀਤੀ ਸੀ, ਜਿਸ ਤਹਿਤ ਅੱਜ ਪ੍ਰਸ਼ਾਸਨਿਕ ਅਧਿਕਾਰੀ ਪੁਲੀਸ ਫੋਰਸ ਨਾਲ ਪਿੰਡ ਪੁੱਜੇ ਪਰ ਜਨਰਲ ਵਰਗ ਦੇ ਵਿਰੋਧ ਕਾਰਨ ਕਬਜ਼ਾ ਕਾਰਵਾਈ ਨੇਪਰੇ ਨਾ ਚੜ੍ਹ ਸਕੀ, ਜਿਨ੍ਹਾਂ ਦੇ ਹੱਕ ’ਚ ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਦੇ ਆਗੂ ਵੀ ਪੁੱਜੇ ਹੋਏ ਸਨ। ਵਿਰੋਧ ਮਗਰੋਂ ਬਿਨਾਂ ਕਿਸੇ ਸਿੱਟੇ ’ਤੇ ਪੁੱਜਿਆਂ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਟੀਮ ਬੇਰੰਗ ਪਰਤ ਆਈ। ਇਸ ਮੌਕੇ ਕਿਸਾਨ ਬੀਬੀਆਂ ਵੱਲੋਂ ਅਧਿਕਾਰੀ ਦੀ ਗੱਡੀ ਦਾ ਘਿਰਾਓ ਵੀ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬਠੋਈ ਕਲਾਂ ਵਿਚਲੀ 98 ਏਕੜ ਸ਼ਾਮਲਾਟ ਜ਼ਮੀਨ ’ਤੇ ਪਿੰਡ ਦੇ ਹੀ ਵੱਖ ਵੱਖ ਵਸਨੀਕ 50/60 ਸਾਲਾਂ ਤੋਂ ਕਾਬਜ਼ ਹਨ। ਦੂਜੇ ਪਾਸੇ ਪਿੰਡ ਦੇ ਹੀ ਐੱਸ ਸੀ ਭਾਈਚਾਰੇ ਨਾਲ ਸਬੰਧਿਤ ਪਰਿਵਾਰਾਂ ਵੱਲੋਂ ਬਣਦੇ ਨਿਯਮਾਂ ਤਹਿਤ ਪੰਚਾਇਤੀ ਜ਼ਮੀਨ ਵਿੱਚੋਂ ਕਾਸ਼ਤ ਕਰਨ ਲਈ ਬਣਦੇ ਹਿੱਸੇ ਦੀ ਜ਼ਮੀਨ ਦੇਣ ਦੀ ਮੰਗ ਕੀਤੀ ਜਾ ਰਹੀ ਹੈ।



ਐੱਸ ਸੀ ਭਾਈਚਾਰੇ ਦੇ ਮੈਂਬਰਾਂ ਮੁਤਾਬਕ 4 ਜੂਨ, 2025 ਨੂੰ ਬੀ ਡੀ ਪੀ ਓ ਦਫ਼ਤਰ ਪਟਿਆਲਾ ਵਿੱਚ ਹੋਈ ਨਿਲਾਮੀ ਦੌਰਾਨ ਉਨ੍ਹਾਂ ਵੱਲੋਂ ਆਪਣੇ ਹਿੱਸੇ ਦੀ ਜ਼ਮੀਨ ਚਕੋਤੇ ’ਤੇ ਲੈਣ ਲਈ ਬਣਦੀ ਫੀਸ ਵਜੋਂ 12 ਲੱਖ ਰੁਪਏ ਦੀ ਅਦਾਇਗੀ ਵੀ ਕੀਤੀ ਗਈ ਪਰ ਉਨ੍ਹਾਂ ?ਨੂੰ ਕਬਜ਼ਾ ਅਜੇ ਤੱਕ ਵੀ ਨਹੀਂ ਮਿਲਿਆ।

ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਬੀ ਡੀ ਪੀ ਓ ਪਟਿਆਲਾ ਨੂੰ ਕਬਜ਼ਾ ਦਿਵਾਉਣ ਲਈ ਆਖਿਆ ਹੋਇਆ ਹੈ ਪਰ ਪ੍ਰਸ਼ਾਸਨ ਅੱਜ ਵੀ ਉਨ੍ਹਾਂ ਨੂੰ ਕਬਜ਼ਾ ਨਹੀਂ ਦਿਵਾ ਸਕਿਆ। ਉਧਰ ਸੰਪਰਕ ਕਰਨ ’ਤੇ ਇੱਕ ਅਧਿਕਾਰੀ ਨੇ ਦੱਸਿਆ ਕਿ ਉਹ ਅਦਾਲਤੀ ਹੁਕਮਾਂ ਨੂੰ ਲਾਗੂ ਕਰਨ ਲਈ ਯਤਨ ਕਰ ਰਹੇ ਹਨ, ਜੇ ਅੱਜ ਨਹੀਂ ਹੋ ਸਕਿਆ ਤਾਂ ਅਗਲੇ ਦਿਨੀਂ ਇਸ ਕਾਰਵਾਈ ਨੂੰ ਅਮਲੀ ਜਾਮਾ ਜ਼ਰੂਰ ਪਹਿਨਾਇਆ ਜਾਵੇਗਾ।

# ਜਲਾਲਪੁਰ ਦੇ ਸਮਰਥਕਾਂ ਨੇ ਰਾਜਾ ਵੜਿੰਗ ਦਾ ਪੁਤਲਾ ਫੂਕਿਆ

**ਘਨੌਰ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਕਾਂਗਰਸ ਅੰਦਰ ਚੱਲ ਰਹੀ ਅੰਦਰੂਨੀ ਖਾਨਾਜੰਗੀ ਉਸ ਸਮੇਂ ਚਰਮ ਸੀਮਾ ’ਤੇ ਪਹੁੰਚ ਗਈ, ਜਦੋਂ ਮੁਅੱਤਲ ਕੀਤੇ ਗਏ ਆਗੂ ਮਦਨ ਲਾਲ ਜਲਾਲਪੁਰ ਦੇ ਸਮਰਥਕਾਂ ਨੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਪੁਤਲਾ ਫੂਕ ਦਿੱਤਾ। ਕਾਂਗਰਸ ਦੇ ਇਤਿਹਾਸ ਵਿੱਚ ਇਹ ਪਹਿਲੀ ਘਟਨਾ ਹੈ ਜਿੱਥੇ ਪਾਰਟੀ ਵਰਕਰਾਂ ਵੱਲੋਂ ਆਪਣੇ ਹੀ ਸੂਬਾਈ ਪ੍ਰਧਾਨ ਦਾ ਪੁਤਲਾ ਫੂਕਿਆ ਗਿਆ ਹੋਵੇ।



ਇਹ ਵਿਵਾਦ ਉਸ ਵੇਲੇ ਸ਼ੁਰੂ ਹੋਇਆ ਜਦੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਘਰ ਰਾਜਾ ਵੜਿੰਗ ਨੂੰ ਮੁੜ ਪ੍ਰਧਾਨ ਬਣਾਉਣ ਖ਼ਿਲਾਫ਼ ਮੀਟਿੰਗ ਹੋਈ, ਜਿਸ ਵਿੱਚ ਘਨੌਰ ਤੋਂ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਸਭ ਤੋਂ ਪਹਿਲਾਂ ਮੋਰਚਾ ਖੋਲ੍ਹਦਿਆਂ ਵੜਿੰਗ ਵਿਰੁੱਧ ਸਖ਼ਤ ਬਿਆਨ ਦਿੱਤੇ ਸਨ। ਚਰਨਜੀਤ ਚੰਨੀ ਅਤੇ ਜਲਾਲਪੁਰ 2007 ਤੋਂ ਆਜ਼ਾਦ ਵਿਧਾਇਕ ਬਣ ਕੇ ਕਾਂਗਰਸ ਵਿੱਚ ਸ਼ਾਮਲ ਹੋਏ ਸਨ ਅਤੇ ਉਦੋਂ ਤੋਂ ਹੀ ਆਪਸ ਵਿੱਚ ਡੂੰਘੀ ਸਾਂਝ ਰੱਖਦੇ ਹਨ। ਹਾਈਕਮਾਂਡ ਦੇ ਫ਼ੈਸਲੇ ’ਤੇ ਸਵਾਲ ਉਠਾਉਣ ਦੇ ਦੋਸ਼ ਹੇਠ ਜਲਾਲਪੁਰ ਨੂੰ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਚੰਨੀ ਸਣੇ ਕਈ ਆਗੂ ਉਨ੍ਹਾਂ ਦੇ ਹੱਕ ਵਿੱਚ ਡਟ ਗਏ।

ਘਨੌਰ ਵਿੱਚ ਵੜਿੰਗ ਸਮਰਥਕਾਂ ਵੱਲੋਂ ਜਲਾਲਪੁਰ ਦਾ ਪੁਤਲਾ ਫੂਕਣ ਖ਼ਿਲਾਫ਼ ਸਾਬਕਾ ਵਿਧਾਇਕ ਦੇ ਸਮਰਥਕ ਸਰਪੰਚ ਹਰਸੰਗਤ ਤਖ਼ਤੂਮਾਜਰਾ ਦੀ ਅਗਵਾਈ ਹੇਠ ਕਾਂਗਰਸ ਪ੍ਰਧਾਨ ਦਾ ਪੁਤਲਾ ਫੂਕਿਆ ਗਿਆ। ਪ੍ਰਦਰਸ਼ਨਕਾਰੀਆਂ ਨੇ ਸਪੱਸ਼ਟ ਕੀਤਾ ਕਿ ਉਹ ਹਾਈਕਮਾਂਡ ਅਤੇ ਚੰਨੀ, ਪ੍ਰਗਟ ਸਿੰਘ, ਰੰਧਾਵਾ, ਬਾਜਵਾ ਸਮੇਤ ਸਮੇਤ ਹੋਰ ਸੀਨੀਅਰ ਲੀਡਰਾਂ ਦਾ ਪੂਰਾ ਸਤਿਕਾਰ ਕਰਦੇ ਹਨ, ਪਰ ਉਹ ਕਿਸੇ ਵੀ ਕੀਮਤ ’ਤੇ ਰਾਜਾ ਵੜਿੰਗ ਨੂੰ ਆਪਣਾ ਪ੍ਰਧਾਨ ਨਹੀਂ ਮੰਨਣਗੇ। ਉਨ੍ਹਾਂ ਦੋਸ਼ ਲਾਇਆ ਕਿ ਜਲਾਲਪੁਰ ਵਰਗੇ ਨਿਧੜਕ ਆਗੂਆਂ ਨੂੰ ਬਾਹਰ ਕੱਢ ਕੇ ਪਾਰਟੀ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਦੂਜੇ ਮਦਨ ਲਾਲ ਜਲਾਲਪੁਰ ਪਹਿਲਾਂ ਹੀ ਰਾਜਾ ਵੜਿੰਗ ਨੂੰ ਪ੍ਰਧਾਨ ਮੰਨਣ ਤੋਂ ਇਨਕਾਰ ਕਰਦਿਆਂ ਉਨ੍ਹਾਂ ਨੂੰ ਘਨੌਰ ਤੋਂ ਚੋਣ ਲੜਨ ਦੀ ਖੁੱਲ੍ਹੀ ਚੁਣੌਤੀ ਦੇ ਚੁੱਕੇ ਹਨ।

**ਰਾਜਾ ਵੜਿੰਗ ਪ੍ਰਧਾਨਗੀ ਬਚਾਉਣ ਵੱਲ ਧਿਆਨ ਦੇਣ: ਜਲਾਲਪੁਰ**

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਵਿਚਕਾਰ ਚੱਲ ਰਿਹਾ ਵਿਵਾਦ ਭਖ਼ ਗਿਆ ਹੈ। ਪਟਿਆਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਲਾਲਪੁਰ ਨੇ ਰਾਜਾ ਵੜਿੰਗ ਨੂੰ ਸਿੱਧੀ ਚੁਣੌਤੀ ਦਿੰਦਿਆਂ ਕਿਹਾ ਕਿ ਉਹ ਆਪਣੀ ਪ੍ਰਧਾਨਗੀ ਬਚਾਉਣ ਵੱਲ ਧਿਆਨ ਦੇਣ ਅਤੇ ਉਨ੍ਹਾਂ ਬਾਰੇ ਸੋਚਣਾ ਬੰਦ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਲੜਾਈ ਆਰ-ਪਾਰ ਦੀ ਹੈ ਅਤੇ ਉਹ ਕਾਂਗਰਸ ਪਾਰਟੀ ਨੂੰ ਰਾਜਾ ਵੜਿੰਗ ਵਰਗੇ ਕਾਂਗਰਸ ਵਿਰੋਧੀ ਲੋਕਾਂ ਤੋਂ ਬਚਾਉਣ ਲਈ ਹਰ ਦਾਅ ’ਤੇ ਲਾਉਣਗੇ। ਜਲਾਲਪੁਰ ਨੇ ਦਾਅਵਾ ਕੀਤਾ ਕਿ ਕਾਂਗਰਸ ਨੇ ਵੜਿੰਗ ਨੂੰ ਬਣਾਇਆ ਹੈ ਨਾ ਕਿ ਵੜਿੰਗ ਨੇ ਕਾਂਗਰਸ ਨੂੰ। ਉਹ ਖ਼ੁਦ ਨੂੰ ਪਾਰਟੀ ਦਾ ਸੱਚਾ ਸਿਪਾਹੀ ਦੱਸਦਿਆਂ ਕਾਂਗਰਸ ਵਿੱਚ ਰਹਿ ਕੇ ਹੀ ਅਜਿਹੇ ਲੋਕਾਂ ਵਿਰੁੱਧ ਸੰਘਰਸ਼ ਜਾਰੀ ਰੱਖਣਗੇ। ਹਾਈਕਮਾਂਡ ਬਾਰੇ ਬੋਲਦਿਆਂ ਜਲਾਲਪੁਰ ਨੇ ਕਿਹਾ ਕਿ ਉਹ ਹਾਈਕਮਾਂਡ ਨਾਲ ਹਨ ਅਤੇ ਬੁਲਾਏ ਜਾਣ ’ਤੇ ਜ਼ਰੂਰ ਜਾਣਗੇ।

# ਕੇ.ਵੀ.ਕੇ. ਵਿਖੇ ਫੂਡ ਪ੍ਰੋਸੈਸਿੰਗ ਸਿਖਲਾਈ ਕੋਰਸ ਦਾ ਆਗਾਜ਼



**ਬਠਿੰਡਾ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.), ਬਠਿੰਡਾ ਵੱਲੋਂ 3 ਤੋਂ 11 ਅਗਸਤ (10 ਦਿਨਾਂ) ਤੱਕ ਫ਼ਲਾਂ, ਸਬਜ਼ੀਆਂ ਅਤੇ ਦੁੱਧ ਤੋਂ ਮੁੱਲ ਵਧਾਊ ਉਤਪਾਦ ਤਿਆਰ ਕਰਨ ਸੰਬੰਧੀ ਵਿਸ਼ੇਸ਼ ਸਿਖਲਾਈ ਕੋਰਸ ਸ਼ੁਰੂ ਕੀਤਾ ਗਿਆ। ਇਹ ਸਿਖਲਾਈ ਕੋਰਸ ਆਤਮਾ, ਬਠਿੰਡਾ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਿਖਲਾਈ ਪ੍ਰੋਗਰਾਮ ਵਿੱਚ 59 ਸਿੱਖਿਆਰਥੀਆਂ ਨੇ ਭਾਗ ਲਿਆ।

ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਨੇ ਕਿਹਾ ਕਿ ਖੇਤੀ ਉਤਪਾਦਾਂ ਦੀ ਪ੍ਰੋਸੈਸਿੰਗ ਅਤੇ ਸਵੈ-ਮੰਡੀਕਰਨ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਕ੍ਰਿਸ਼ੀ ਵਿਗਿਆਨ ਕੇਂਦਰ ਦਾ ਮੁੱਖ ਉਦੇਸ਼ ਕਿਸਾਨਾਂ ਅਤੇ ਕਿਸਾਨ ਬੀਬੀਆਂ ਦਾ ਹੁਨਰ ਵਿਕਾਸ ਕਰਕੇ ਉਨ੍ਹਾਂ ਨੂੰ ਸਵੈ-ਰੁਜ਼ਗਾਰ ਦੇ ਯੋਗ ਬਣਾਉਣਾ ਅਤੇ ਖੇਤੀ ਨੂੰ ਵਧੇਰੇ ਲਾਹੇਵੰਦ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਕੋਰਸ ਦਾ ਉਦੇਸ਼ ਸਿੱਖਿਆਰਥੀਆਂ ਨੂੰ ਖੇਤੀ ਅਤੇ ਪਸ਼ੂ ਪਾਲਣ ਨਾਲ ਸਬੰਧਤ ਉਤਪਾਦਾਂ ਦੀ ਪ੍ਰੋਸੈਸਿੰਗ ਰਾਹੀਂ ਉਨ੍ਹਾਂ ਦਾ ਮੁੱਲ ਵਧਾਉਣ, ਆਮਦਨ ਵਿੱਚ ਵਾਧਾ ਕਰਨ ਅਤੇ ਉੱਦਮਤਾ ਨੂੰ ਪ੍ਰੋਤਸਾਹਿਤ ਕਰਨ ਲਈ ਵਿਗਿਆਨਕ ਤਕਨੀਕਾਂ ਨਾਲ ਜਾਣੂ ਕਰਵਾਉਣਾ ਹੈ।

ਇਸ ਮੌਕੇ ਸ੍ਰੀਮਤੀ ਤੇਜਬੀਰ ਕੌਰ, ਡਾਇਰੈਕਟਰ, ਆਤਮਾ, ਬਠਿੰਡਾ ਨੇ ਸਿੱਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਤਮਾ ਵੱਲੋਂ ਕਿਸਾਨਾਂ ਅਤੇ ਕਿਸਾਨ ਬੀਬੀਆਂ ਦੀ ਭਲਾਈ ਲਈ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ, ਸਿਖਲਾਈਆਂ ਅਤੇ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਸਿੱਖਿਆਰਥੀਆਂ ਨੂੰ ਆਤਮਾ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਉਠਾਉਣ ਲਈ ਵੀ ਪ੍ਰੇਰਿਤ ਕੀਤਾ।

ਸਿਖਲਾਈ ਦੌਰਾਨ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜੀਨੀਅਰਿੰਗ), ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਨੇ ਫਲਾਂ, ਸਬਜ਼ੀਆਂ ਅਤੇ ਦੁੱਧ ਤੋਂ ਮੁੱਲ ਵਧਾਊ ਉਤਪਾਦ ਤਿਆਰ ਕਰਨ ਦੀਆਂ ਆਧੁਨਿਕ ਅਤੇ ਵਿਗਿਆਨਕ ਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਖੇਤੀ ਉਤਪਾਦਾਂ ਦੀ ਪ੍ਰੋਸੈਸਿੰਗ ਰਾਹੀਂ ਨਾ ਸਿਰਫ਼ ਉਤਪਾਦਾਂ ਦੀ ਸ਼ੈਲਫ਼ ਲਾਈਫ਼ ਵਿੱਚ ਵਾਧਾ ਹੁੰਦਾ ਹੈ, ਸਗੋਂ ਉਨ੍ਹਾਂ ਦੀ ਮਾਰਕੀਟ ਕੀਮਤ ਵੀ ਕਾਫ਼ੀ ਵੱਧ ਜਾਂਦੀ ਹੈ, ਜਿਸ ਨਾਲ ਕਿਸਾਨਾਂ, ਮਹਿਲਾਵਾਂ ਅਤੇ ਪੇਂਡੂ ਨੌਜਵਾਨਾਂ ਲਈ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੁੰਦੇ ਹਨ।

# ਪੰਜਾਬ ਸਰਕਾਰ ਵੱਲੋਂ ਭਗਵਾਨ ਰਾਮ ਜੀ ਦੇ ਜੀਵਨ ’ਤੇ ਅਧਾਰਤ ਹਮਾਰੇ ਰਾਮ ਪ੍ਰੋਗਰਾਮ 9 ਅਤੇ 24 ਅਗਸਤ ਨੂੰ

**ਬਠਿੰਡਾ, 4 ਅਗਸਤ**
**-ਗੁਰਤੇਜ ਅਤਲਾ-**

ਪੰਜਾਬ ਸਰਕਾਰ ਵੱਲੋਂ ਭਗਵਾਨ ਰਾਮ ਜੀ ਦੇ ਜੀਵਣ ’ਤੇ ਅਧਾਰਤ ਹਮਾਰੇ ਰਾਮ ਪ੍ਰੋਗਰਾਮ 9 ਅਤੇ 24 ਅਗਸਤ ਨੂੰ ਸਥਾਨਕ ਬਲਵੰਤ ਗਾਰਗੀ ਆਡੀਟੋਰੀਅਮ ਵਿਖੇ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨਰ ਬਠਿੰਡਾ ਨੇ ਦੱਸਿਆ ਕਿ ਇਸ ਤਹਿਤ 9 ਅਤੇ 24 ਨੂੰ 2-2 ਸ਼ੋ ਕਰਵਾਏ ਜਾਣਗੇ। ਪਹਿਲਾ ਸ਼ੋਅ ਦੁਪਹਿਰ 1:30 ਤੋਂ 5 ਵਜੇ ਅਤੇ ਦੂਜਾ ਸ਼ੋਅ ਸ਼ਾਮ 6 ਤੋਂ 9:30 ਵਜੇ ਤੱਕ ਕਰਵਾਏ ਜਾਣਗੇ। ਇਹ ਸ਼ੋਅ ਬਾਲੀਵੁੱਡ ਅਦਾਕਾਰ ਆਸ਼ੂਤੋਸ਼ ਰਾਣਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਜਾਵੇਗਾ। ਇਸ ਸ਼ੋਅ ‘ਚ ਰਾਹੁਲ ਆਰ ਭੁੱਚਰ ਵੱਲੋਂ ਭਗਵਾਨ ਰਾਮ ਦਾ ਰੋਲ ਅਤੇ ਆਸ਼ੂਤੋਸ਼ ਰਾਣਾ ਵੱਲੋਂ ਰਾਵਣ ਦਾ ਰੋਲ ਅਦਾ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸ਼ੋਅ ਲਈ ਕੋਈ ਟਿਕਟ ਨਹੀਂ ਹੈ ਅਤੇ ਇਹ ਆਮ ਜਨਤਾ ਨੂੰ ਮੁਫ਼ਤ ਵਿਖਾਇਆ ਜਾਵੇਗਾ।

# ਸਕੂਲ ’ਚ ਲੈਕਚਰਾਰਾਂ ਦੀ ਘਾਟ ਕਾਰਨ ਵਿਦਿਆਰਥਣਾਂ ਦਾ ਭਵਿੱਖ ਦਾਅ ’ਤੇ

**ਸਮਾਣਾ 4 ਅਗਸਤ**
**-ਵਿਸ਼ਾਲ ਗੁਪਤਾ-**

ਸਥਾਨਕ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਮਾਣਾ (ਕੰਨਿਆ) ਵਿੱਚ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੀਆਂ ਕਰੀਬ 200 ਵਿਦਿਆਰਥਣਾਂ ਨੂੰ ਪੜ੍ਹਾਉਣ ਲਈ ਪਿਛਲੇ ਚਾਰ ਮਹੀਨਿਆਂ ਤੋਂ ਅਧਿਆਪਕ ਨਾ ਹੋਣ ਕਾਰਨ ਉਨ੍ਹਾਂ ਦਾ ਭਵਿੱਖ ਧੁੰਦਲਾ ਨਜ਼ਰ ਆ ਰਿਹਾ ਹੈ। ਮਾਪਿਆਂ ਨੇ ਪਹਿਲਾਂ ਜ਼ੁਬਾਨੀ ਤੌਰ ’ਤੇ ਸਕੂਲ ਪ੍ਰਬੰਧਕਾਂ ਕੋਲ ਬੇਨਤੀ ਕੀਤੀ ਸੀ, ਪਰ ਕੋਈ ਨਤੀਜਾ ਨਾ ਨਿਕਲਣ ਕਾਰਨ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੇ ਦਾਅਵਿਆਂ ’ਤੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਵਿਦਿਆਰਥਣਾਂ ਦੇ ਮਾਪਿਆਂ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਕਰੀਬ 200 ਵਿਦਿਆਰਥਣਾਂ ਆਪਣੇ ਸਾਧਨਾਂ ਰਾਹੀਂ ਪੜ੍ਹਨ ਆਉਂਦੀਆਂ ਹਨ। ਪ੍ਰਿੰਸੀਪਲ, ਪੋਲੀਟੀਕਲ ਸਾਇੰਸ ਅਤੇ ਇਤਿਹਾਸ ਦੇ ਲੈਕਚਰਾਰਾਂ ਦੇ ਸੇਵਾਮੁਕਤ ਹੋਣ ਅਤੇ ਅੰਗਰੇਜ਼ੀ ਦੇ ਲੈਕਚਰਾਰ ਦੇ ਤਬਾਦਲੇ ਤੋਂ ਬਾਅਦ ਅਪਰੈਲ ਮਹੀਨੇ ਤੋਂ ਅੱਜ ਤੱਕ ਕਿਸੇ ਵੀ ਜ਼ਿੰਮੇਵਾਰ ਅਧਿਕਾਰੀ ਵੱਲੋਂ ਕੋਈ ਬਦਲਵਾਂ ਪ੍ਰਬੰਧ ਨਹੀਂ ਕੀਤਾ ਗਿਆ। ਸੀ ਪੀ ਆਈ (ਐੱਮ) ਦੇ ਤਹਿਸੀਲ ਸਕੱਤਰ ਕਾਮਰੇਡ ਗੁਰਬਖ਼ਸ਼ ਸਿੰਘ ਧਨੇਠਾ ਅਤੇ ਕਿਸਾਨ ਆਗੂ ਕਾਮਰੇਡ ਅਜੈਬ ਸਿੰਘ ਕੁਲਾਰਾਂ ਸਣੇ ਮਾਪਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਕੂਲ ਵਿੱਚ ਲੈਕਚਰਾਰਾਂ ਦੀ ਘਾਟ ਨੂੰ ਤੁਰੰਤ ਪੂਰਾ ਕੀਤਾ ਜਾਵੇ।

ਦੂਜੇ ਪਾਸੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼ਾਲੂ ਮਹਿਰਾ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਮਾਮਲੇ ਦੀ ਜਾਣਕਾਰੀ ਨਹੀਂ ਸੀ ਅਤੇ ਉਨ੍ਹਾਂ ਭਰੋਸਾ ਦਿੱਤਾ ਕਿ ਸੋਮਵਾਰ ਨੂੰ ਜਾਣਕਾਰੀ ਲੈ ਕੇ ਲੋੜੀਂਦੇ ਬਦਲਵੇਂ ਪ੍ਰਬੰਧ ਕਰ ਦਿੱਤੇ ਜਾਣਗੇ।

# 33 ਫੀਸਦੀ ਸਬਸਿਡੀ ’ਤੇ ਸਰੋਂ ਤੇ ਮੂੰਗਫਲੀ ਤੋਂ ਤੇਲ ਕੱਢਣ ਵਾਲੇ ਯੂਨਿਟ ਲਈ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਖੇਤੀਬਾੜੀ ਅਫ਼ਸਰ ਡਾ. ਦਪਿੰਦਰ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਐਨ.ਐਮ.ਈ.ਓ.-ਓ.ਐਸ. ਯੋਜਨਾ ਤਹਿਤ ਸਰੋਂ ਅਤੇ ਮੂੰਗਫਲੀ ਤੋਂ ਤੇਲ ਕੱਢਣ ਲਈ ਆਇਲ ਐਕਸਟ੍ਰੈਕਸ਼ਨ ਯੂਨਿਟਾਂ ਸਥਾਪਤ ਕੀਤੀਆਂ ਜਾਣੀਆਂ ਹਨ। ਇਸ ਲਈ ਯੋਗ ਸੰਸਥਾਵਾਂ ਤੋਂ 8 ਅਗਸਤ ਤੱਕ ਅਰਜ਼ੀਆਂ ਮੰਗੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਯੋਜਨਾ ਦੀਆਂ ਸ਼ਰਤਾਂ ਅਨੁਸਾਰ ਜ਼ਿਲ੍ਹੇ ਦੀ ਕੋਈ ਵੀ ਫਾਰਮ ਪ੍ਰੋਡਿਊਸਰ ਆਰਗੇਨਾਈਜ਼ੇਸ਼ਨ (ਐਫ.ਪੀ.ਓ.), ਸਹਿਕਾਰੀ ਸੰਸਥਾ, ਸਰਕਾਰੀ ਜਾਂ ਗੈਰ-ਸਰਕਾਰੀ ਉਦਯੋਗ, ਨਿਗਮ ਜਾਂ ਪਹਿਲਾਂ ਤੋਂ ਸਥਾਪਤ ਤੇਲ ਬੀਜ ਪ੍ਰੋਸੈਸਿੰਗ ਯੂਨਿਟ ਇਸ ਯੋਜਨਾ ਦਾ ਲਾਭ ਲੈਣ ਲਈ ਅਰਜ਼ੀ ਦੇ ਸਕਦੀ ਹੈ। ਚੁਣੀਆਂ ਗਈਆਂ ਇਕਾਈਆਂ ਨੂੰ ਪ੍ਰੋਜੈਕਟ ਲਾਗਤ ’ਤੇ 33 ਫੀਸਦੀ ਸਬਸਿਡੀ, ਵੱਧ ਤੋਂ ਵੱਧ 9.90 ਲੱਖ ਰੁਪਏ ਪ੍ਰਤੀ ਯੂਨਿਟ ਤੱਕ ਪ੍ਰਦਾਨ ਕੀਤੀ ਜਾਵੇਗੀ।

ਡਾ. ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਰੋਂ ਅਤੇ ਮੂੰਗਫਲੀ ਤੋਂ ਤੇਲ ਕੱਢਣ ਲਈ ਕੁੱਲ ਦੋ ਆਇਲ ਐਕਸਟ੍ਰੈਕਸ਼ਨ ਯੂਨਿਟ ਸਥਾਪਤ ਕੀਤੇ ਜਾਣਗੇ। ਇੱਛੁਕ ਬਿਨੈਕਾਰ 8 ਅਗਸਤ ਤੱਕ ਮੁੱਖ ਖੇਤੀਬਾੜੀ ਅਫ਼ਸਰ, ਹੁਸ਼ਿਆਰਪੁਰ ਦੇ ਦਫ਼ਤਰ ਵਿੱਚ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਜੇਕਰ ਨਿਰਧਾਰਤ ਗਿਣਤੀ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਚੋਣ ਬਾਰੇ ਅੰਤਿਮ ਫ਼ੈਸਲਾ ਆਇਲਸੀਡਜ਼ ਮਿਸ਼ਨ ਤਹਿਤ ਗਠਿਤ ਜ਼ਿਲ੍ਹਾ ਕਾਰਜਕਾਰੀ ਕਮੇਟੀ ਵੱਲੋਂ ਲਿਆ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ 8 ਅਗਸਤ ਤੋਂ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਅਰਜ਼ੀ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਇਸ ਲਈ ਯੋਗ ਸੰਸਥਾਵਾਂ ਸਮਾਂ-ਸੀਮਾ ਦੇ ਅੰਦਰ ਆਪਣੀਆਂ ਅਰਜ਼ੀਆਂ ਜ਼ਰੂਰ ਜਮ੍ਹਾਂ ਕਰਵਾਉਣ।

# ਡਿਪਟੀ ਕਮਿਸ਼ਨਰ ਨੇ ਪਰਿਸਰ ਵਿੱਚ ਵਕਸਿਤ ਕੀਤੇ ਗਏ ਰੈੱਡ ਕਰਾਸ ਪੰਛੀ ਬਸੇਰਾ ਦੇ ਵਿਸਤਾਰ ਕਾਰਜ ਦੀ ਕੀਤੀ ਸਮੀਖਿਆ

**ਚੰਡੀਗੜ੍ਹ 4 ਅਗਸਤ**
**-ਛਤਰਪਾਲ ਸਿੰਘ-**

ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ, ਡਿਪਟੀ ਕਮਿਸ਼ਨਰ-ਅਤੇ-ਚੇਅਰਮੈਨ, ਚੰਡੀਗੜ੍ਹ ਰੈੱਡ ਕਰਾਸ ਨੇ ਸੈਕਟਰ 17, ਚੰਡੀਗੜ੍ਹ ਸਥਿਤ ਡਿਪਟੀ ਕਮਿਸ਼ਨਰ ਦਫ਼ਤਰ ਦੇ ਪਰਿਸਰ ਵਿੱਚ ਹਾਲ ਹੀ ਵਿੱਚ ਵਿਕਸਿਤ ਕੀਤੇ ਗਏ ਰੈੱਡ ਕਰਾਸ ਪੰਛੀ ਬਸੇਰਾ ਦੇ ਵਿਸਤਾਰ ਕਾਰਜ ਦੀ ਸਮੀਖਿਆ ਕੀਤੀ। ਇਸ ਅਵਸਰ ’ਤੇ ਏਡੀਸੀ-ਅਤੇ-ਸਕੱਤਰ ਰੈੱਡ ਕਰਾਸ, ਸ਼੍ਰੀ ਅਮਨਦੀਪ ਸਿੰਘ, ਭੱਟੀ, ਪੀਸੀਐੱਸ;ਰੈੱਡ ਕਰਾਸ ਦੇ ਨੋਡਲ ਅਫ਼ਸਰ ਸੁਸ਼੍ਰੀ ਪੂਨਮ ਮਲਿਕ ਅਤੇ ਡੀਸੀ ਦਫ਼ਤਰ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਉਪਸਥਿਤ ਰਹੇ।

ਇਹ ਪਹਿਲ ਪੀਜੀਆਈਐੱਮਈਆਰ, ਚੰਡੀਗੜ੍ਹ ਸਥਿਤ ਇਨਫੋਸਿਸ ਰੈੱਡ ਕਰਾਸ ਸਰਾਏ ਤੋਂ ਸ਼ੁਰੂ ਕੀਤੇ ਗਏ ਪੰਛੀ ਭਲਾਈ ਪ੍ਰੋਗਰਾਮ ਦਾ ਵਿਸਤਾਰ ਹੈ, ਜਿਸ ਨੂੰ ਚੰਡੀਗੜ੍ਹ ਰੈੱਡ ਕਰਾਸ ਸ਼ਾਖਾ ਦੇ ਨੋਡਲ ਅਫ਼ਸਰ ਦੇ ਪ੍ਰਯਾਸਾਂ ਨਾਲ ਅੱਗੇ ਵਧਾਇਆ ਗਿਆ ਹੈ।



ਡਿਪਟੀ ਕਮਿਸ਼ਨਰ ਅਤੇ ਰੈੱਡ ਕਰਾਸ ਦੇ ਚੇਅਰਮੈਨ ਅਤੇ ਸਕੱਤਰ ਨੇ ਇਸ ਅਨੂਠੀ ਪਹਿਲ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਦਾ ਉਦੇਸ਼ ਸ਼ਹਿਰ ਭਰ ਵਿੱਚ ਪੰਛੀਆਂ ਲਈ ਸੁਰੱਖਿਅਤ ਆਲ੍ਹਣੇ, ਭੋਜਨ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਵਿਵਸਥਾ ਉਪਲਬਧ ਕਰਵਾਉਣਾ ਹੈ।

ਇਸ ਅਵਸਰ ’ਤੇ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਨੇ ਕਿਹਾ ਕਿ ਇਸ ਨਵੀਂ ਸਥਾਪਨਾ ਨਾਲ ਚੰਡੀਗੜ੍ਹ ਰੈੱਡ ਕਰਾਸ ਪੰਛੀਆਂ ਦੀ ਸੰਭਾਲ਼ ਅਤੇ ਵਾਧੇ ਪ੍ਰਤੀ ਆਪਣੀ ਪ੍ਰਤੀਬੱਧਤਾ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ।

ਉਨ੍ਹਾਂ ਨੇ ਦੱਸਿਆ ਕਿ ਇਸੇ ਪ੍ਰਕਾਰ ਦੇ ਪੰਛੀ ਬਸੇਰਾ ਰੈਣ ਬਸੇਰਾ, ਸੈਕਟਰ 17, ਹੌਸਪਿਸ, ਸੈਕਟਰ 43, ਚੰਡੀਗੜ੍ਹ ਅਤੇ ਸ਼ਹਿਰ ਦੇ ਹੋਰ ਢੁਕਵੇਂ ਸਥਾਨਾਂ ’ਤੇ ਵੀ ਵਿਕਸਿਤ ਕੀਤੇ ਜਾਣਗੇ।

# ਭਾਰਤ ਚੋਣ ਕਮਿਸ਼ਨ ਨੇ ਜ਼ਿਲੇ ’ਚ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਨੂੰ ਦਿੱਤੀ ਪ੍ਰਵਾਨਗੀ, ਕੁੱਲ ਪੋਲਿੰਗ ਸਟੇਸ਼ਨ 1600 ਹੋਏ

**ਗੁਰਦਾਸਪੁਰ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਕਮ ਜ਼ਿਲ੍ਹਾ ਚੋਣ ਅਫ਼ਸਰ ਆਦਿਤਿਆ ਉੱਪਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਜ਼ਿਲਾ ਗੁਰਦਾਸਪੁਰ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਭੇਜੀ ਗਈ ਤਜਵੀਜ਼ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਪ੍ਰਵਾਨਗੀ ਉਪਰੰਤ ਜ਼ਿਲੇ ਵਿਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 1553 ਤੋਂ ਵਧ ਕੇ 1600 ਹੋ ਗਈ ਹੈ।

ਜ਼ਿਲਾ ਚੋਣ ਅਫ਼ਸਰ ਨੇ ਦੱਸਿਆ ਕਿ ਰੈਸ਼ਨਲਾਈਜ਼ੇਸ਼ਨ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਤਿਆਰ ਤਜਵੀਜ਼ ’ਤੇ ਵਿਚਾਰ-ਵਟਾਂਦਰੇ ਲਈ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕੀਤੀ ਗਈ ਸੀ ਅਤੇ ਪਾਰਟੀਆਂ ਦੀ ਸਹਿਮਤੀ ਪ੍ਰਾਪਤ ਹੋਣ ਉਪਰੰਤ ਇਹ ਤਜਵੀਜ਼ ਮੁੱਖ ਚੋਣ ਅਫ਼ਸਰ, ਪੰਜਾਬ ਰਾਹੀਂ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਨੂੰ ਭੇਜੀ ਗਈ ਸੀ, ਜਿਸ ਨੂੰ ਹੁਣ ਮਨਜ਼ੂਰੀ ਮਿਲ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਵਾਨਗੀ ਮਿਲਣ ਤੋਂ ਬਾਅਦ ਵਿਧਾਨ ਸਭਾ ਹਲਕੇ ਅਨੁਸਾਰ ਪੋਲਿੰਗ ਸਟੇਸ਼ਨਾਂ ’ਚ ਵਿਧਾਨ ਸਭਾ ਹਲਕਾ ਗੁਰਦਾਸਪੁਰ ਪੋਲਿੰਗ ਸਟੇਸ਼ਨਾਂ ਦੀ ਗਿਣਤੀ 207 ਤੋਂ ਵੱਧ ਕੇ 212 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਦੀਨਾਨਗਰ (ਰਾਖਵਾਂ) 229 ਤੋਂ ਵੱਧ ਕੇ 234 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਕਾਦੀਆਂ 223 ਤੋਂ ਵੱਧ ਕੇ 228 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਬਟਾਲਾ 201 ਤੋਂ ਵੱਧ ਕੇ 214 (13 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ (ਰਾਖਵਾਂ) 226 ਤੋਂ ਵੱਧ ਕੇ 231 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ 226 ਤੋਂ ਵੱਧ ਕੇ 231 (05 ਨਵੇਂ ਪੋਲਿੰਗ ਸਟੇਸ਼ਨ) ਅਤੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ 241 ਤੋਂ ਵੱਧ ਕੇ 250 (09 ਨਵੇਂ ਪੋਲਿੰਗ ਸਟੇਸ਼ਨ) ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੀ ਪੋਲਿੰਗ ਸਟੇਸ਼ਨਾਂ ਦੀ ਪ੍ਰਵਾਨਿਤ ਰੈਸ਼ਨਲਾਈਜ਼ੇਸ਼ਨ ਬਾਰੇ ਸੂਚਿਤ ਕੀਤਾ ਜਾ ਰਿਹਾ ਹੈ।

# ਐਮ.ਆਰ.ਐਸ.ਪੀ.ਟੀ.ਯੂ. ਵੱਲੋਂ ਸ਼ਾਨਦਾਰ ਸਟੂਡੈਂਟ ਇੰਡਕਸ਼ਨ ਪ੍ਰੋਗਰਾਮ ਨਾਲ ਨਵੇਂ ਵਿਦਿਆਰਥੀਆਂ ਦਾ ਸਵਾਗਤ

**ਬਠਿੰਡਾ, 4 ਅਗਸਤ**
**-ਗੁਰਤੇਜ ਅਤਲਾ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਵੱਲੋਂ ਅੱਜ ਯੂਨੀਵਰਸਿਟੀ ਆਡੀਟੋਰੀਅਮ ਵਿਖੇ ਅੰਡਰਗ੍ਰੈਜੁਏਟ ਪ੍ਰੋਗਰਾਮਾਂ ਦੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਉਦਘਾਟਨੀ ਸਮਾਰੋਹ ਦੇ ਨਾਲ ਆਪਣੇ 21-ਦਿਨਾਂ ਸਟੂਡੈਂਟ ਇੰਡਕਸ਼ਨ ਪ੍ਰੋਗਰਾਮ (ਐਸ.ਆਈ.ਪੀ.) 2026 ਦੀ ਸ਼ੁਰੂਆਤ ਕੀਤੀ।



ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਪ੍ਰੋਗਰਾਮ ਦਾ ਉਦਘਾਟਨ ਕੀਤਾ ਅਤੇ ਪੰਜਾਬ, ਹਰਿਆਣਾ, ਰਾਜਸਥਾਨ, ਜੰਮੂ ਅਤੇ ਕਸ਼ਮੀਰ, ਉੱਤਰ ਪ੍ਰਦੇਸ਼, ਬਿਹਾਰ, ਉੱਤਰ-ਪੂਰਬੀ ਰਾਜਾਂ ਅਤੇ ਦੇਸ਼ ਦੇ ਹੋਰ ਹਿੱਸਿਆਂ ਦੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਪ੍ਰੋ. ਸ਼ਰਮਾ ਨੇ ਉਨ੍ਹਾਂ ਨੂੰ ਉਤਸੁਕ, ਨਵੀਨਤਾਕਾਰੀ ਅਤੇ ਉੱਤਮਤਾ ਲਈ ਵਚਨਬੱਧ ਰਹਿਣ ਲਈ ਉਤਸ਼ਾਹਿਤ ਕਰਦਿਆ ਇਹ ਹਵਾਲਾ ਦਿੰਦੇ ਹੋਏ ਕਿਹਾ ਕਿ ਮਨ ਇੱਕ ਪੈਰਾਸ਼ੂਟ ਵਾਂਗ ਹੈ - ਇਹ ਖੁੱਲ੍ਹਾ ਹੋਣ ’ਤੇ ਸਭ ਤੋਂ ਵਧੀਆ ਕੰਮ ਕਰਦਾ ਹੈ। ਵਿਦਿਆਰਥੀਆਂ ਨੂੰ ਐਮ.ਆਰ.ਐਸ.ਪੀ.ਟੀ.ਯੂ. ਦੇ ਬ੍ਰਾਂਡ ਅੰਬੈਸਡਰ ਕਹਿੰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਨੂੰ ਅਨੁਸ਼ਾਸਨ, ਕਦਰਾਂ-ਕੀਮਤਾਂ ਅਤੇ ਸਮਰਪਣ ਨੂੰ ਕਾਇਮ ਰੱਖਣ ਦੀ ਤਾਕੀਦ ਕੀਤੀ, ਅਤੇ ਉਨ੍ਹਾਂ ਨੂੰ ਯੂਨੀਵਰਸਿਟੀ ਵੱਲੋਂ ਪੂਰੀ ਅਕਾਦਮਿਕ ਅਤੇ ਪੇਸ਼ੇਵਰ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਗਿਆਨੀ ਜ਼ੈਲ ਸਿੰਘ ਕੈਂਪਸ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਜ਼ੀ.ਜ਼ੈਡ.ਐਸ.ਸੀ.ਸੀ.ਈ.ਟੀ.) ਦੀ ਅਮੀਰ ਵਿਰਾਸਤ ਅਤੇ ਅਕਾਦਮਿਕ, ਖੋਜ, ਨਵੀਨਤਾ ਅਤੇ ਉੱਦਮਤਾ ਵਿੱਚ ਯੂਨੀਵਰਸਿਟੀ ਦੀ ਤੇਜ਼ ਪ੍ਰਗਤੀ ’ਤੇ ਚਾਨਣਾ ਪਾਇਆ।

ਇੰਡਕਸ਼ਨ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਪ੍ਰਣਾਲੀ, ਕੈਂਪਸ ਜੀਵਨ, ਵਿਦਿਆਰਥੀ ਸਹਾਇਤਾ ਸੇਵਾਵਾਂ ਅਤੇ ਸਿੱਖਣ ਦੇ ਵਾਤਾਵਰਣ ਨਾਲ ਮਾਹਰ ਲੈਕਚਰਾਂ, ਵਿਭਾਗੀ ਅਤੇ ਖੇਤਰੀ ਦੌਰਿਆਂ, ਅਤੇ ਖੋਜ, ਨਵੀਨਤਾ, ਖੇਡਾਂ ਅਤੇ ਸੱਭਿਆਚਾਰਕ ਸਹੂਲਤਾਂ ਦੇ ਸੰਪਰਕ ਰਾਹੀਂ ਜਾਣੂ ਕਰਵਾਉਣਾ ਹੈ।

ਇਹ ਪ੍ਰੋਗਰਾਮ ਡਾ. ਵੇਦ ਪ੍ਰਕਾਸ਼, ਮੁੱਖ ਕੋਆਰਡੀਨੇਟਰ, ਐਸ.ਆਈ.ਪੀ. ਦੀ ਅਗਵਾਈ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ। ਉਦਘਾਟਨੀ ਸੈਸ਼ਨ ਦੌਰਾਨ, ਡਾ. ਅਮਿਤ ਭਾਟੀਆ, ਡੀਨ ਅਕਾਦਮਿਕ ਮਾਮਲੇ, ਅਤੇ ਡਾ. ਪਰਮਜੀਤ ਸਿੰਘ, ਡੀਨ ਵਿਦਿਆਰਥੀ ਭਲਾਈ, ਨੇ ਵਿਦਿਆਰਥੀਆਂ ਨੂੰ ਅਕਾਦਮਿਕ ਢਾਂਚੇ, ਵਿਦਿਆਰਥੀ ਭਲਾਈ ਸੇਵਾਵਾਂ, ਆਚਾਰ ਸੰਹਿਤਾ ਅਤੇ ਯੂਨੀਵਰਸਿਟੀ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਡਾ. ਸੁਨੀਤਾ ਕੋਤਵਾਲ ਨੇ ਸਟੇਜ ਦਾ ਸੰਚਾਲਨ ਬਹੁਤ ਵਧੀਆ ਢੰਗ ਨਾਲ ਕੀਤਾ।

ਮੌਜੂਦ ਪ੍ਰਮੁੱਖ ਵਿਅਕਤੀਆਂ ਵਿੱਚ ਡਾ. ਸੰਜੀਵ ਕੁਮਾਰ ਅਗਰਵਾਲ, ਡੀਨ ਯੋਜਨਾਬੰਦੀ ਅਤੇ ਵਿਕਾਸ; ਪ੍ਰੋ. (ਡਾ.) ਸਰਬਜੀਤ ਕੌਰ, ਕੈਂਪਸ ਡਾਇਰੈਕਟਰ, ਜ਼ੀ.ਜ਼ੈਡ.ਐਸ.ਸੀ.ਸੀ.ਈ.ਟੀ.; ਡਾ. ਆਸ਼ੀਸ਼ ਬਾਲਦੀ, ਡਾਇਰੈਕਟਰ ਆਈ.ਕਿਊ.ਏ.ਸੀ.; ਹਰਜਿੰਦਰ ਸਿੰਘ ਸਿੱਧੂ, ਡਾਇਰੈਕਟਰ ਪਬਲਿਕ ਰਿਲੇਸ਼ਨ; ਇੰਜ. ਹਰਜੋਤ ਸਿੰਘ ਸਿੱਧੂ, ਡਾਇਰੈਕਟਰ ਟ੍ਰੇਨਿੰਗ ਅਤੇ ਪਲੇਸਮੈਂਟ; ਵਿਭਾਗਾਂ ਦੇ ਮੁਖੀ ਡਾ: ਰਿਪੂਦਮਨ ਸਿੰਘ, ਡਾ: ਗਗਨਦੀਪ ਕੌਰ, ਪ੍ਰੋ: ਜਸਵੀਰ ਸਿੰਘ ਟਿਵਾਣਾ, ਡਾ: ਸੁਧਾਂਸ਼ੂ ਪ੍ਰਤਾਪ ਸਿੰਘ, ਡਾ: ਵੀਨਾ, ਡਾ: ਨਵੀਨ ਸਿੰਗਲਾ, ਇੰਜ. ਗੀਤੀ ਪਾਲ ਸਿੰਘ, ਫੈਕਲਟੀ ਮੈਂਬਰ ਅਤੇ ਯੂਨੀਵਰਸਿਟੀ ਦੇ ਅਧਿਕਾਰੀ ਸ਼ਾਮਿਲ ਸਨ। ਐਸ.ਆਈ.ਪੀ. ਦੇ ਬਾਕੀ ਸੈਸ਼ਨਾਂ ਵਿੱਚ ਵਿਸ਼ਵਵਿਆਪੀ ਮਨੁੱਖੀ ਕਦਰਾਂ-ਕੀਮਤਾਂ, ਪੇਸ਼ੇਵਰ ਨੈਤਿਕਤਾ, ਨਵੀਨਤਾ, ਉੱਦਮਤਾ, ਕਰੀਅਰ ਯੋਜਨਾਬੰਦੀ, ਮਾਨਸਿਕ ਤੰਦਰੁਸਤੀ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਦੇ ਉਦੇਸ਼ ਨਾਲ ਹੋਰ ਗਤੀਵਿਧੀਆਂ ’ਤੇ ਮਾਹਰ ਭਾਸ਼ਣ ਅਤੇ ਇੰਟਰਐਕਟਿਵ ਪ੍ਰੋਗਰਾਮ ਸ਼ਾਮਲ ਹੋਣਗੇ।

# ਮੇਰਾ ਯੁਵਾ ਭਾਰਤ ਚੰਡੀਗੜ੍ਹ ਦੁਆਰਾ ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ ਜ਼ਿਲ੍ਹਾ ਪੱਧਰੀ ਮੁਕਾਬਲੇ ਦਾ ਸਫ਼ਲ ਆਯੋਜਨ



**ਚੰਡੀਗੜ੍ਹ, 4 ਅਗਸਤ**
**-ਸੰਜੀਵ ਸਿੰਗਲਾ-**

ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੀ ਸਰਪ੍ਰਸਤੀ ਵਿੱਚ ਮੇਰਾ ਯੁਵਾ ਭਾਰਤ ਚੰਡੀਗੜ੍ਹ ਦੁਆਰਾ ਦੇਵ ਸਮਾਜ ਕਾਲਜ ਫੌਰ ਵੂਮੈਨ, ਸੈਕਟਰ 45, ਚੰਡੀਗੜ੍ਹ ਵਿਖੇ ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ ਜ਼ਿਲ੍ਹਾ ਪੱਧਰ ਮੁਕਾਬਲੇ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਲਗਭਗ 200 ਨੌਜਵਾਨਾਂ ਨੇ ਅੱਠ ਪ੍ਰਤੀਯੋਗੀ ਸ਼੍ਰੇਣੀਆਂ ਵਿੱਚ ਉਤਸ਼ਾਹਪੂਰਵਕ ਹਿੱਸਾ ਲਿਆ।

ਸ਼੍ਰੀ ਸੌਰਭ ਕੁਮਾਰ ਅਰੋੜਾ, ਡਾਇਰੈਕਟਰ ਸਪੋਰਟਸ, ਚੰਡੀਗੜ੍ਹ ਪ੍ਰਸ਼ਾਸਨ ਨੇ ਸਮਾਗਮ ਦੇ ਉਦਘਾਟਨੀ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਅਤੇ ਦੂਜਿਆਂ ਨੂੰ ਵੀ ਨਸ਼ਾਮੁਕਤ ਭਾਰਤ ਦੇ ਅਭਿਯਾਨ ਨਾਲ ਜੋੜਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਵਿਕਸਿਤ ਭਾਰਤ 02047 ਦੇ ਲਕਸ਼ ਨੂੰ ਪ੍ਰਾਪਤ ਕਰਨ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਹੈ। ਪ੍ਰੋ. (ਡਾ.) ਨੀਰੂ ਮਲਿਕ, ਪ੍ਰਿੰਸੀਪਲ, ਦੇਵ ਸਮਾਜ ਕਾਲਜ ਫੌਰ ਵੂਮੈਨ ਨੇ ਇਸ ਮਹੱਤਵਪੂਰਨ ਆਯੋਜਨ ਦੀ ਮੇਜ਼ਬਾਨੀ ਦਾ ਅਵਸਰ ਪ੍ਰਦਾਨ ਕਰਨ ਲਈ ਮੇਰਾ ਯੁਵਾ ਭਾਰਤ ਚੰਡੀਗੜ੍ਹ ਦਾ ਆਭਾਰ ਵਿਅਕਤ ਕੀਤਾ ਅਤੇ ਨੌਜਵਾਨਾਂ ਨੂੰ ਨਸ਼ੇ ਦੇ ਵਿਰੁੱਧ ਜਾਗਰੂਕ ਕੀਤਾ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ।

ਮੁਕਾਬਲੇ ਅੱਠ ਵਿਭਿੰਨ ਸ਼੍ਰੇਣੀਆਂ ਵਿੱਚ ਆਯੋਜਿਤ ਕੀਤੇ ਗਏ। ਜ਼ਿਲ੍ਹਾ ਪੱਧਰ ਦੇ ਜੇਤੂ ਹੁਣ ਰਾਜ-ਪੱਧਰੀ ਮੁਕਾਬਲੇ ਵਿੱਚ ਹਿੱਸਾ ਲੈਣਗੇ, ਜਿਸ ਤੋਂ ਬਾਅਦ ਰਾਸ਼ਟਰੀ ਪੱਧਰ ’ਤੇ ਚੁਣੇ ਗਏ ਪ੍ਰਤੀਭਾਗੀ ਨਵੀਂ ਦਿੱਲੀ ਵਿੱਚ ਪ੍ਰਸਤਾਵਿਤ ਰਾਸ਼ਟਰੀ ਨਸ਼ਾ ਮੁਕਤ ਯੁਵਾ ਕਨਕਲੇਵ ਵਿੱਚ ਹਿੱਸਾ ਲੈਣਗੇ।

ਇਸ ਅਵਸਰ ’ਤੇ ਸ਼੍ਰੀ ਸ਼ਿਵਧਨ ਸ਼ਰਮਾ, ਯੂਟੀ ਡਾਇਰੈਕਟਰ, ਮੇਰਾ ਯੁਵਾ ਭਾਰਤ ਚੰਡੀਗੜ੍ਹ; ਸ਼੍ਰੀਮਤੀ ਰਸ਼ਮੀਤ ਕੌਰ, ਸਟੇਟ ਡਾਇਰੈਕਟਰ, ਮੇਰਾ ਯੁਵਾ ਭਾਰਤ ਪੰਜਾਬ; ਅਤੇ ਸ਼੍ਰੀ ਵਿਕਰਮ ਸਿੰਘ, ਅਸਿਸਟੈਂਟ ਡਾਇਰੈਕਟਰ, ਮੇਰਾ ਯੁਵਾ ਭਾਰਤ ਨੇ ਜੇਤੂਆਂ ਨੂੰ ਪ੍ਰਸ਼ੰਸਾ ਪ੍ਰਮਾਣ-ਪੱਤਰ ਅਤੇ ਸਾਰੇ ਪ੍ਰਤੀਭਾਗੀਆਂ ਨੂੰ ਪ੍ਰਤੀਭਾਗਿਤਾ ਪ੍ਰਮਾਣ-ਪੱਤਰ ਪ੍ਰਦਾਨ ਕੀਤੇ। ਸ਼੍ਰੀ ਵਿਨੈ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ, ਨੇ ਦੱਸਿਆ ਕਿ ਚੰਡੀਗੜ੍ਹ ਮੇਰਾ ਯੁਵਾ ਭਾਰਤ ਪੋਰਟਲ ’ਤੇ ਆਯੋਜਿਤ ਨਸ਼ਾ ਮੁਕਤੀ ਪ੍ਰਣ ਅਭਿਯਾਨ ਵਿੱਚ ਚੰਡੀਗੜ੍ਹ 380% ਦੀ ਉਪਲਬਧੀ ਨਾਲ ਰਾਸ਼ਟਰੀ ਪੱਧਰ ’ਤੇ ਮੋਹਰੀ ਹੈ। ਉਨ੍ਹਾਂ ਨੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਦੇਵ ਸਮਾਜ ਕਾਲਜ ਫੌਰ ਵੂਮੈਨ ਦੇ ਪ੍ਰਬੰਧਨ, ਫੈਕਲਟੀ, ਵਲੰਟੀਅਰਾਂ ਅਤੇ ਵਿਦਿਆਰਥੀਆਂ ਦਾ ਸਮਾਗਮ ਦੇ ਸਫ਼ਲ ਆਯੋਜਨ ਵਿੱਚ ਸਹਿਯੋਗ ਲਈ ਆਭਾਰ ਵਿਅਕਤ ਕੀਤਾ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਮੇਰਾ ਯੁਵਾ ਭਾਰਤ ਪੋਰਟਲ ’ਤੇ ਰਜਿਸਟ੍ਰੇਸ਼ਨ ਕਰਨ, ਨਸ਼ਾ ਮੁਕਤੀ ਦਾ ਪ੍ਰਣ ਲੈਣ ਅਤੇ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਵਿੱਚ ਸਹਿਭਾਗੀ ਬਣਨ ਦਾ ਵੀ ਸੱਦਾ ਦਿੱਤਾ।

# ਪੰਜਾਬ ਬਦਲ ਰਿਹੈ ਅਤੇ ਮਿਆਰੀ ਸਿੱਖਿਆ ਬਣ ਰਹੀ ਹੈ ਇਸਦੀ ਪਛਾਣ: ਹਰਜੋਤ ਸਿੰਘ ਬੈਂਸ

> ਪੰਜਾਬ ਹੁਣ ਸਕੂਲ ਸਿੱਖਿਆ ਵਿੱਚ ਭਾਰਤ ਵਿੱਚ ਮੋਹਰੀ ਅਤੇ ਪਹਿਲੀ ਤੋਂ ਬਾਰ੍ਹਵੀਂ ਤੱਕ ਏ.ਆਈ. ਨੂੰ ਮੁੱਖ ਵਿਸ਼ੇ ਵਜੋਂ ਲਾਗੂ ਕਰਨ ਵਾਲਾ ਪਹਿਲਾ ਸੂਬਾ

> ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਬਹਿਸ ਤੋਂ ਭੱਜੀ ਵਿਰੋਧੀ ਧਿਰ, ਪੰਜਾਬ ਨੂੰ ਬਦਨਾਮ ਕਰਨ ਲਈ ਕੀਤੀ ਜਾ ਰਹੀ ਹੈ ਸੌੜੀ ਰਾਜਨੀਤੀ

**ਚੰਡੀਗੜ੍ਹ 4 ਅਗਸਤ**
**-ਛਤਰਪਾਲ ਸਿੰਘ-**

ਦੇਸ਼ ਭਰ ਵਿੱਚ ਵਾਰ-ਵਾਰ ਪੇਪਰ ਲੀਕ ਹੋਣ ਅਤੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨਾਲ ਹੋ ਰਹੇ ਕੁਰਖ਼ਤ ਵਿਹਾਰ ਨੂੰ ਲੈ ਕੇ ਪੰਜਾਬ ਵਿਧਾਨ ਸਭਾ ਵਿੱਚ ਨਿੰਦਾ ਮਤੇ 'ਤੇ ਚਰਚਾ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਕਿਹਾ ਕਿ ਵਿਰੋਧੀ ਧਿਰ ਬਹਿਸ ਤੋਂ ਭੱਜ ਵੱਟ ਰਹੀ ਹੈ ਕਿਉਂਕਿ ਉਸ ਕੋਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਲਿਆਂਦੇ ਗਏ ਸਾਕਾਰਾਤਮਕ ਬਦਲਾਅ ਦਾ ਕੋਈ ਜਵਾਬ ਨਹੀਂ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਝੂਠੇ ਬਿਆਨਬਾਜ਼ੀ ਰਾਹੀਂ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਤੱਥ ਵੱਖਰੀ ਹੀ ਕਹਾਣੀ ਬਿਆਨ ਕਰਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਵਿੱਚ ਭਾਰਤ ਦਾ ਮੋਹਰੀ ਸੂਬਾ ਬਣ ਕੇ ਉਭਰਿਆ ਹੈ। ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਮੁੱਖ ਵਿਸ਼ੇ ਵਜੋਂ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ, ਸਿੱਖਿਆ ਕ੍ਰਾਂਤੀ ਅਧੀਨ 882 ਸਰਕਾਰੀ ਸਕੂਲੀ ਵਿਦਿਆਰਥੀਆਂ ਨੇ ਨੀਟ-ਯੂਜੀ 2026 ਪਾਸ ਕੀਤੀ ਹੈ ਅਤੇ ਪਿਛਲੇ 4.5 ਸਾਲਾਂ ਵਿੱਚ ਇੱਕ ਵੀ ਪੇਪਰ ਲੀਕ ਨਾ ਹੋਣ ਦਾ ਰਿਕਾਰਡ ਕਾਇਮ ਰੱਖਿਆ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਪੰਜਾਬ ਬਦਲ ਰਿਹਾ ਹੈ ਅਤੇ ਮਿਆਰੀ ਸਿੱਖਿਆ ਇਸਦੀ ਪਛਾਣ ਬਣ ਰਹੀ ਹੈ।

ਵਿਧਾਨ ਸਭਾ ਵਿੱਚ ਸੰਬੋਧਨ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਵਿਰੋਧੀ ਧਿਰ ਵੱਲੋਂ ਉਠਾਏ ਗਏ ਹਰ ਸਵਾਲ ਦਾ ਜਵਾਬ ਦੇਣ ਲਈ ਸਦਨ ਵਿੱਚ ਡੱਟ ਕੇ ਖੜ੍ਹੇ ਹਨ। ਉਨ੍ਹਾਂ ਕਿਹਾ, ਮੈਂ ਕਾਨੂੰਨ ਦਾ ਵਿਦਿਆਰਥੀ ਰਿਹਾਂ। ਮੈਂ ਕੁਦਰਤੀ ਨਿਆਂ ਦੇ ਸਰਵਵਿਆਪੀ ਸਿਧਾਂਤ ਨੂੰ ਸਮਝਦਾ ਹਾਂ ਕਿ ਮਾੜੇ ਤੋਂ ਮਾੜੇ ਸਿਸਟਮ ਵਿੱਚ ਵੀ, ਕਿਸੇ ਨੂੰ ਸੁਣੇ ਬਿਨਾਂ ਸਜ਼ਾ ਨਹੀਂ ਦਿੱਤੀ ਜਾਂਦੀ। ਸਵਾਲ ਉਠਾਉਣਾ ਬਹੁਤ ਆਸਾਨ ਹੈ। ਮੈਂ ਇੱਥੇ ਵਿਰੋਧੀ ਧਿਰ ਨੂੰ ਜਵਾਬ ਦੇਣ ਲਈ ਖੜ੍ਹਾ ਹਾਂ।

ਇਸ ਰੈਕੇਟ ਬਾਰੇ ਦੱਸਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵੱਲੋਂ ਲਈ ਗਈ ਫਾਰਮੇਸੀ ਪ੍ਰੀਖਿਆ ਵਿੱਚ ਨਕਲ ਕਰਵਾਉਣ ਲਈ ਹਰਿਆਣਾ-ਅਧਾਰਤ ਨਕਲ ਸਿੰਡੀਕੇਟ ਨੇ ਆਧੁਨਿਕ ਮੋਬਾਈਲ ਫੋਨ, ਹਿਡਨ ਵਾਇਰਲੈੱਸ ਈਅਰਪੀਸ ਅਤੇ ਹੋਰ ਉੱਨਤ ਯੰਤਰਾਂ ਦੀ ਵਰਤੋਂ ਕੀਤੀ। ਉਨ੍ਹਾਂ ਕਿਹਾ, "ਇਹ ਪੇਪਰ ਲੀਕ ਨਹੀਂ ਸੀ। ਇਹ ਇੱਕ ਤਕਨਾਲੋਜੀ-ਅਧਾਰਤ ਨਕਲ ਦੀ ਕਾਰਵਾਈ ਸੀ ਜਿਸਨੂੰ ਪੰਜਾਬ ਪੁਲਿਸ ਨੇ ਬੇਨਕਾਬ ਕੀਤਾ। ਸਾਲਾਂ ਤੱਕ ਹਰਿਆਣਾ ਸਰਕਾਰ ਨੇ ਅੱਖਾਂ ਮੀਟੀ ਰੱਖੀਆਂ, ਜਦੋਂ ਕਿ ਇਸ ਸਿੰਡੀਕੇਟ ਨੇ ਹਜ਼ਾਰਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਤਬਾਹ ਕਰ ਦਿੱਤਾ।"

ਉਨ੍ਹਾਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਸਲਾਹ ਦਿੱਤੀ ਕਿ ਉਹ ਰਾਜਨੀਤਿਕ ਏਜੰਡੇ ਤੈਅ ਕਰਨ ਲਈ ਪੰਜਾਬ ਆਉਣ ਤੋਂ ਪਹਿਲਾਂ ਆਪਣੇ ਇਲਾਕੇ 'ਤੇ ਧਿਆਨ ਦੇਣ। ਪੰਜਾਬ ਦੇ ਇਲਮ, ਜਜ਼ਬੇ ਅਤੇ ਕੁਰਬਾਨੀ ਦੀ ਅਮੀਰ ਵਿਰਾਸਤ ਨੂੰ ਯਾਦ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ



ਨੇ ਕਿਹਾ ਕਿ ਰਿਗਵੇਦ ਤੋਂ ਲੈ ਕੇ ਤਕਸ਼ਿਲਾ ਵਿਖੇ ਦੁਨੀਆ ਦੀ ਪਹਿਲੀ ਯੂਨੀਵਰਸਿਟੀ ਤੱਕ ਪੰਜਾਬ ਹਮੇਸ਼ਾ ਸਿੱਖਿਆ ਲਈ ਜ਼ਰਖੇਜ਼ ਜ਼ਮੀਨ ਰਿਹਾ ਹੈ। ਉਨ੍ਹਾਂ ਕਿਹਾ, "ਮਹਾਰਾਜਾ ਰਣਜੀਤ ਸਿੰਘ ਦੇ ਦਰਬਾਰ ਤੋਂ ਲੈ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਤੱਕ ਅਸੀਂ ਦੁਨੀਆ ਨੂੰ ਬਰਾਬਰੀ ਅਤੇ ਸਿੱਖਿਆ ਦਾ ਸੰਦੇਸ਼ ਦਿੱਤਾ ਹੈ। ਸ਼ਹੀਦ ਭਗਤ ਸਿੰਘ ਤੋਂ ਲੈ ਕੇ ਜਿਨ੍ਹਾਂ ਨੇ ਸਾਨੂੰ ਤਾਨਾਸ਼ਾਹੀ ਸਰਕਾਰ 'ਤੇ ਸਵਾਲ ਉਠਾਉਣਾ ਸਿਖਾਇਆ, ਡਾ. ਹਰ ਗੋਬਿੰਦ ਖੁਰਾਨਾ ਜਿਨ੍ਹਾਂ ਨੇ ਨੋਬਲ ਪੁਰਸਕਾਰ ਜਿੱਤਿਆ, ਡਾ. ਨਰਿੰਦਰ ਸਿੰਘ ਕਪਾਨੀ ਜਿਨ੍ਹਾਂ ਨੇ ਦੁਨੀਆ ਨੂੰ ਫਾਈਬਰ ਆਪਟਿਕਸ ਦਿੱਤਾ, ਡਾ. ਗੁਰਤੇਜ ਸਿੰਘ ਸੰਧੂ ਜਿਨ੍ਹਾਂ ਨੇ ਸੈਮੀਕੰਡਕਟਰ ਮੈਮਰੀ ਵਿੱਚ ਕ੍ਰਾਂਤੀ ਲਿਆਂਦੀ, ਸਾਰੇ ਰੌਸ਼ਨ-ਦਿਮਾਗ ਸਪੂਤ ਇਸ ਮਿੱਟੀ ਦੇ ਹੀ ਜਾਏ ਹਨ।"

ਉਨ੍ਹਾਂ ਅੱਗੇ ਕਿਹਾ, "ਇਹ ਪੰਜਾਬ ਦੀ ਧਰਤੀ ਹੈ। ਇਹ ਸਾਡੀ ਵਿਰਾਸਤ ਹੈ। ਇਹ ਸਾਡਾ ਮਾਣ ਹੈ। ਅਸੀਂ ਕਿਸੇ ਨੂੰ ਵੀ ਇਸਨੂੰ ਬਦਨਾਮ ਕਰਨ, ਇਸ ਦੀ ਸ਼ਾਖ ਨੂੰ ਢਾਹ ਲਗਾਉਣ ਜਾਂ ਵਿਕਾਸ ਦੀ ਲੀਹ ਤੋਂ ਹੇਠਾ ਨਹੀਂ ਉਤਾਰਨ ਦੇਵਾਂਗੇ।"

ਸਿੱਖਿਆ ਕ੍ਰਾਂਤੀ ਪਹਿਲਕਦਮੀ ਤਹਿਤ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਨੇ ਅਕਾਦਮਿਕ ਨਤੀਜਿਆਂ ਵਿੱਚ ਨਵੇਂ ਮਾਪਦੰਡ ਸਥਾਪਤ ਕੀਤੇ ਹਨ।

ਉਨ੍ਹਾਂ ਸਦਨ ਨੂੰ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਕੁੱਲ 882 ਵਿਦਿਆਰਥੀਆਂ ਨੇ ਨੀਟ ਯੂਜੀ 2026 ਪਾਸ ਕੀਤੀ ਹੈ। ਸਾਲ 2024 ਵਿੱਚ ਇਹ ਗਿਣਤੀ 437 ਸੀ ਜੋ ਕਿ 100 ਫ਼ੀਸਦ ਤੋਂ ਵੱਧ ਦੇ ਵਾਧੇ ਨੂੰ ਦਰਸਾਉਂਦੀ ਹੈ।

ਰਾਸ਼ਟਰੀ ਪੱਧਰ 'ਤੇ ਹਾਸਲ ਕੀਤੀ ਮਾਨਤਾ ਨੂੰ ਉਜਾਗਰ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਸਾਲ 2020 ਵਿੱਚ ਪੰਜਾਬ ਸਕੂਲ ਸਿੱਖਿਆ ਪੱਖੋਂ 27ਵੇਂ ਸਥਾਨ 'ਤੇ ਸੀ, ਪਰ ਹੁਣ ਨੀਤੀ ਆਯੋਗ ਸਕੂਲ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਕੇਰਲਾ ਨੂੰ ਪਛਾੜ ਕੇ ਦੇਸ਼ ਦਾ ਮੋਹਰੀ ਸੂਬਾ ਬਣ ਗਿਆ ਹੈ।

ਉਨ੍ਹਾਂ ਸਦਨ ਨੂੰ ਦੱਸਿਆ ਕਿ ਪੰਜਾਬ ਭਾਰਤ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸਨੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਮੁੱਖ ਵਿਸ਼ੇ ਵਜੋਂ ਪੇਸ਼ ਕੀਤਾ ਹੈ। ਇਸ ਪਹਿਲਕਦਮੀ ਤਹਿਤ 25,172 ਸਕੂਲ ਅਤੇ ਲਗਭਗ 31.5 ਲੱਖ ਵਿਦਿਆਰਥੀ ਸ਼ਾਮਲ ਹੋਣਗੇ। ਇਸ ਵਿਸ਼ੇ ਲਈ ਸਿੰਗਾਪੁਰ, ਫਿਨਲੈਂਡ, ਯੂਏਈ ਅਤੇ ਸੰਯੁਕਤ ਰਾਜ ਅਮਰੀਕਾ ਦੇ ਬਿਹਤਰ ਅਭਿਆਸਾਂ ਦਾ ਅਧਿਐਨ ਕਰਨ ਉਪਰੰਤ ਪਾਠਕ੍ਰਮ ਤਿਆਰ ਕੀਤਾ ਗਿਆ ਹੈ।

ਸਿੱਖਿਆ ਵਿੱਚ ਸਰਕਾਰ ਦੇ ਨਿਵੇਸ਼ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਿੱਖਿਆ ਬਜਟ ਨੂੰ ਸਾਲ 2021-22 ਵਿੱਚ 12,657 ਕਰੋੜ ਰੁਪਏ ਤੋਂ ਵਧਾ ਕੇ ਸਾਲ 2026-27 ਵਿੱਚ 19,279 ਕਰੋੜ ਰੁਪਏ ਕੀਤਾ ਗਿਆ ਹੈ, ਜੋ ਕਿ 52 ਫ਼ੀਸਦ ਵਾਧੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ, ਭਗਵੰਤ ਮਾਨ ਸਰਕਾਰ ਨੇ 3500 ਕਰੋੜ ਰੁਪਏ ਦੀ ਲਾਗਤ ਨਾਲ ਸਿੱਖਿਆ ਕ੍ਰਾਂਤੀ 2.0 ਮਿਸ਼ਨ ਵੀ ਸ਼ੁਰੂ ਕੀਤਾ ਹੈ ਅਤੇ 118 ਅਤਿ-ਆਧੁਨਿਕ ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਹਨ। ਪੰਜਾਬ ਬਦਲ ਰਿਹਾ ਹੈ ਅਤੇ ਮਿਆਰੀ ਸਿੱਖਿਆ ਇਸ ਦੀ ਪਛਾਣ ਬਣ ਰਹੀ ਹੈ।

ਪੇਪਰ ਲੀਕ ਦਾ ਵਿਰੋਧ ਕਰਨ ਵਾਲੇ ਵਿਦਿਆਰਥੀਆਂ ਦੇ ਪੱਖ ਵਿੱਚ ਨਿੱਤਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਜੰਤਰ-ਮੰਤਰ ਅੰਦੋਲਨ ਨੂੰ ਨੀਤੀ ਵਿੱਚ ਬਦਲਾਅ ਲਈ ਜੈਨ ਜ਼ੀ ਦਾ ਅੰਦੋਲਨ ਦੱਸਿਆ ਅਤੇ ਪ੍ਰਦਰਸ਼ਨਕਾਰੀਆਂ ਨੂੰ ਰਾਸ਼ਟਰ ਵਿਰੋਧੀ ਦੱਸਣ ਵਾਲਿਆਂ ਦੀ ਕਰੜੀ ਆਲੋਚਨਾ ਕੀਤੀ।

ਪ੍ਰਦਰਸ਼ਨ ਵਾਲੀ ਥਾਂ 'ਤੇ ਆਪਣੀ ਫੇਰੀ ਬਾਰੇ ਗੱਲ ਕਰਦਿਆਂ, ਸਿੱਖਿਆ ਮੰਤਰੀ ਨੇ ਕਿਹਾ ਕਿ ਉਹ ਦੇਸ਼ ਦੇ ਇਕੱਲੇ ਸਿੱਖਿਆ ਮੰਤਰੀ ਸਨ ਜੋ ਵਿਦਿਆਰਥੀਆਂ ਨਾਲ ਖੜ੍ਹੇ ਸਨ। ਉਨ੍ਹਾਂ ਕਿਹਾ, "ਮੈਂ ਕਿਸੇ ਵੀ ਸਟੇਜ ਤੋਂ ਨਹੀਂ ਬੋਲਿਆ। ਮੈਂ ਵਿਦਿਆਰਥੀਆਂ ਵਿਚਕਾਰ ਬੈਠਾ ਸੀ। ਮੈਂ ਲਾਠੀਚਾਰਜ ਦੌਰਾਨ ਵੀ ਉਨ੍ਹਾਂ ਨਾਲ ਖੜ੍ਹਾ ਸੀ। ਕਿਉਂ ? ਕਿਉਂਕਿ ਮੈਂ ਇਹ ਉਦੋਂ ਵੀ ਕਿਹਾ ਸੀ ਅਤੇ ਹੁਣ ਵੀ ਕਹਿੰਦਾ ਹਾਂ ਕਿ ਇਹ ਰਾਜਨੀਤੀ ਬਾਰੇ ਨਹੀਂ ਹੈ ਬਲਕਿ ਇਹ ਨੀਤੀ ਬਾਰੇ ਹੈ।"

ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਗੁਜਰਾਤ, ਮੱਧ ਪ੍ਰਦੇਸ਼, ਬਿਹਾਰ ਅਤੇ ਪੰਜਾਬ ਦੇ ਵਿਦਿਆਰਥੀ ਬੈਕਪੈਕ ਲੈ ਕੇ ਦਿੱਲੀ ਗਏ ਸਨ, ਜਿਨ੍ਹਾਂ ਵਿੱਚੋਂ ਬਹੁਤਿਆਂ ਨੂੰ ਫੁੱਟਪਾਥਾਂ 'ਤੇ ਸੌਣਾ ਪਿਆ। ਉਨ੍ਹਾਂ ਕਿਹਾ, "ਇਹ ਵਿਦਿਆਰਥੀ ਦੇਸ਼ ਵਿਰੋਧੀ ਨਹੀਂ ਸਨ। ਪਰ ਸਾਡੇ ਦੇਸ਼ ਵਿੱਚ, ਇੱਕ ਬਿਰਤਾਂਤ ਬਣਾਇਆ ਗਿਆ ਹੈ ਕਿ ਜੋ ਵੀ ਆਪਣੇ ਹੱਕਾਂ ਲਈ ਆਵਾਜ਼ ਉਠਾਉਂਦਾ ਹੈ ਉਹ ਰਾਸ਼ਟਰ ਵਿਰੋਧੀ ਬਣ ਜਾਂਦਾ ਹੈ। ਇਨ੍ਹਾਂ ਵਿਦਿਆਰਥੀਆਂ ਨੇ ਉਸ ਝੂਠ ਨੂੰ ਬਦਲ ਦਿੱਤਾ ਹੈ। ਤੁਸੀਂ ਉਨ੍ਹਾਂ ਨੂੰ ਹੁਣ ਪੇਪਰ ਲੀਕ ਅਤੇ ਝੂਠ ਨਾਲ ਮੂਰਖ ਨਹੀਂ ਬਣਾ ਸਕਦੇ।"

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਸੰਦੇਸ਼ ਦਿੰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰ ਲਈ ਮੁਆਫ਼ੀ ਮੰਗਣ ਦਾ ਸਮਾਂ ਆ ਗਿਆ ਹੈ ਨਾ ਕਿ ਮੁਆਫ਼ੀ ਦੀ ਉਮੀਦ ਕਰਨ ਦਾ। ਉਨ੍ਹਾਂ ਕਿਹਾ, "ਜਦੋਂ ਕਿਸੇ ਗਾਹਕ ਨੂੰ ਸੇਵਾ ਨਹੀਂ ਮਿਲਦੀ ਤਾਂ ਉਹ ਬੁਰਾ-ਭਲਾ ਕਹਿਣਗੇ। ਜਦੋਂ ਕਿਸੇ ਨਾਗਰਿਕ ਨੂੰ ਸਰਕਾਰ ਤੋਂ ਸੇਵਾ ਨਹੀਂ ਮਿਲਦੀ, ਤਾਂ ਉਹ ਵਿਰੋਧ ਕਰਨਗੇ। ਇਹ ਮਾਫ਼ ਕਰਨ ਦਾ ਸਮਾਂ ਨਹੀਂ ਹੈ, ਬਲਕਿ ਮੁਆਫ਼ੀ ਮੰਗਣ ਦਾ ਸਮਾਂ ਹੈ।"

## ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਜੀਵਨੀ ਤੇ ਪੁਸਤਕ ਪ੍ਰਤੀਯੋਗਤਾ 30 ਅਗਸਤ ਨੂੰ

**ਮਾਛੀਵਾੜਾ ਸਾਹਿਬ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋ ਕਾਰਵਾਈ ਜਾ ਰਹੀ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੀ ਜੀਵਨੀ ਨਾਲ ਸਬੰਧਤ 17 ਵੀ ਪੁਸਤਕ ਪ੍ਰਤੀਯੋਗਤਾ ਦੇ ਬਾਰੇ ਅੱਜ ਅੰਬੇਡਕਰ ਚੌਂਕ ਸ਼੍ਰੀ ਮਾਛੀਵਾੜਾ ਸਾਹਿਬ ਵਿਖੇ ਮੀਟਿੰਗ ਹੋਈ ਏਸ ਮੀਟਿੰਗ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਬੇਗ਼ਮਪੁਰਾ ਟਾਈਗਰ ਫੋਰਸ ਦੇ ਸਮਰਾਲਾ ਪ੍ਰਧਾਨ ਬਲਵੀਰ ਚੰਦ,ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੁਆਰਾ ਦੱਸਿਆ ਗਿਆ ਕੇ ਮਿਤੀ 30 ਅਗਸਤ ਨੂੰ ਪ੍ਰਿੰਸੀਪਲ ਸ਼੍ਰੀਮਤੀ ਹਰਦੀਪ ਕੌਰ ਜੀ,ਪ੍ਰਿੰਸੀਪਲ ਸ਼੍ਰੀ ਨਿਰੰਜਨ ਸੁਖਮਨ ਜੀ ਅਤੇ ਪ੍ਰਿੰਸੀਪਲ ਦਵਿੰਦਰ ਸਿੰਘ ਜੀ ਦੇ ਅਤੇ ਸਕੂਲਾਂ ਦੇ ਹੋਰ ਸਟਾਫ ਮੈਂਬਰ ਸਹਿਬਾਨ ਦੇ ਸਹਿਯੋਗ ਸਦਕਾ ਦਿਨ ਐਤਵਾਰ ਨੂੰ ਲੜਕੀਆਂ ਦੀ ਪ੍ਰੀਖਿਆ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼੍ਰੀ ਮਾਛੀਵਾੜਾ ਸਾਹਿਬ ਵਿਖੇ ਅਤੇ ਮੁੰਡਿਆ ਦੀ ਪ੍ਰੀਖਿਆ ਐਸ ਐਸ ਡੀ ਸੀਨੀਅਰ ਸੈਕੰਡਰੀ ਸਕੂਲ ਸ਼੍ਰੀ ਮਾਛੀਵਾੜਾ ਸਾਹਿਬ ਅਤੇ ਮਾਤਾ ਹਰਦੇਈਂ ਨੈਸ਼ਨਲ ਸਕੂਲ ਸ਼੍ਰੀ ਮਾਛੀਵਾੜਾ ਸਾਹਿਬ ਵਿਖੇ ਕਾਰਵਾਈ ਜਾ ਰਹੀ ਹੈ ਜਿਸ ਦਾ ਸਮਾਂ ਸਵੇਰੇ 10 ਵਜ਼ੇ ਤੋਂ 11 ਵਜ਼ੇ ਤੱਕ ਹੋਵੇਗਾ ਇਸ ਵਿੱਚ 17 ਵੇ ਐਡੀਸ਼ਨ ਦਾ ਪੇਪਰ ਕਰਵਾਇਆ ਜਾਵੇਗਾ। ਜਿਸ ਦਾ ਨਤੀਜਾ ਮਿਤੀ 1 ਨਵੰਬਰ 2026 ਨੂੰ ਅੰਬੇਡਕਰ ਸਕੂਲ ਆਫ ਥੋਟ, ਪਿੰਡ ਡੱਲੇਵਾਲ ਨੇੜੇ ਗੁਰਾਇਆ ਜ਼ਿਲ੍ਹਾ ਜਲੰਧਰ ਵਿਖੇ ਐਲਾਨਿਆ ਜਾਵੇਗਾ ਜਿਸ ਵਿਚੋਂ ਬਣਾਏ ਗਏ ਤਿੰਨ ਗਰੁੱਪਾਂ ਵਿਚੋਂ ਪਹਿਲਾ ਗਰੁੱਪ ਜੋਕਿ ਕਲਾਸ 6ਵੀਂ ਤੋਂ ਕਲਾਸ 8ਵੀਂ ਤੱਕ ਦਾ ਹੈ ਵਿੱਚੋ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆ ਨੂੰ ਕ੍ਰਮਵਾਰ 25000,15000 ਅਤੇ 10000 ਦਾ ਨਗਦ ਇਨਾਮ ਦਿੱਤਾ ਜਾਵੇਗਾ ਅਤੇ ਦੂਜਾ ਗਰੁੱਪ ਕਲਾਸ 9ਵੀਂ ਤੋਂ ਕਲਾਸ 12ਵੀਂ ਤੱਕ ਅਤੇ ਤੀਜਾ ਗਰੁੱਪ ਕਲਾਸ 12ਵੀਂ ਤੋਂ 40 ਸਾਲ ਦੀ ਉਮਰ ਤੱਕ ਦਾ ਹੈ ਇਹਨਾਂ ਗਰੁੱਪਾਂ ਵਿੱਚੋ ਵੀਂ ਕਰਮਵਾਰ ਪਹਿਲੇ,ਦੂਜੇ ਨੰਬਰ ਅਤੇ ਤੀਜੇ ਨੰਬਰ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 50000,20000 ਅਤੇ 10000 ਰੁਪਏ ਬਤੌਰ ਨਗਦ ਇਨਾਮ ਦਿੱਤਾ ਜਾਵੇਗਾ ਅਤੇ ਸਾਰੇ ਗਰੁੱਪਾਂ ਵਿਚੋਂ ਮੈਰਿਟ ਵਾਲੇ ਪਹਿਲੇ 255 ਵਿਦਿਆਰਥੀਆਂ ਨੂੰ 1000 ਰੁਪਏ ਦਾ ਇਨਾਮ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਸੈਂਟਰ ਟੋਪਰ ਨੂੰ 500 ਰੁਪਏ ਦਾ ਨਗਦ ਇਨਾਮ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਸੁਖਦੇਵ ਬਿੱਟੂ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ,ਰਾਕੇਸ਼ ਕੁਮਾਰ ਸ਼ਿੰਦੂ ਸੈਕਟਰੀ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ,ਨਿਰੰਜਨ ਸਿੰਘ ਨੂਰ,ਪਰਮਜੀਤ ਨੀਲੋਂ,ਭਾਵਾਧਸ ਆਗੂ ਧਰਮਵੀਰ ਪਾਮੇਂ,ਛਿੰਦਰਪਾਲ ਸਿੰਘ ਫੌਜੀ,ਹਰੀ ਰਾਮ ਗੁਰੂਗੜ੍ਹ,ਅਸ਼ਵਨੀ ਕੁਮਾਰ,ਗੁਰਨਾਮ ਸਿੰਘ,ਦਲਵੀਰ ਚੰਦ, ਕ੍ਰਿਸ਼ਨ ਲਾਲ,ਸੁਖਦੇਵ ਮਾਹੀ,ਸੂਰਜ ਕੁਮਾਰ,ਕੁਲਦੀਪ ਸਿੰਘ,ਚਰਨਜੀਤ ਸਿੰਘ,ਜਸਵੀਰ ਸਿੰਘ,ਸਵਰਨ ਸਿੰਘ ਮੌਜੂਦ ਹੋਏ ਇਹਨਾਂ ਸਾਰਿਆਂ ਨੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ,ਸਹਿਯੋਗ ਦੇਣ ਲਈ ਕਿਹਾ ਅਤੇ ਸਭਨਾ ਵੱਲੋਂ ਵੱਧ ਤੋਂ ਵੱਧ ਬੱਚਿਆ ਨੂੰ ਏਸ ਪ੍ਰਤੀਯੋਗਤਾ ਵਿੱਚ ਭਾਗ ਲੈਣ ਲਈ ਬੇਨਤੀ ਕੀਤੀ ਗਈ। ਹੋਰ ਜਾਣਕਾਰੀ ਲਈ 9914147276, 9876209610 ਨੰਬਰ ਤੇ ਸੰਪਰਕ ਕਰ ਸਕਦੇ ਹੋ।

## ਮਹਿਲਾ ਅਤੇ ਬਾਲ ਵਿਕਾਸ ਸੇਵਾਵਾਂ ਨੂੰ ਹੋਰ ਮਜ਼ਬੂਤੀ, 22 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮਿਲੇ ਨਿਯੁਕਤੀ ਪੱਤਰ



**ਮਲੇਰਕੋਟਲਾ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ, ਯੋਗਤਾ-ਅਧਾਰਿਤ ਅਤੇ ਲੋਕ-ਪੱਖੀ ਭਰਤੀ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਵਿਧਾਨ ਸਭਾ ਹਲਕਾ ਅਮਰਗੜ੍ਹ ਦੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਆਪਣੇ ਦਫ਼ਤਰ ਤਾਰਾ ਇਨਕਲੇਵ ਵਿਖੇ ਕਰਵਾਏ ਗਏ ਸਮਾਗਮ ਦੌਰਾਨ 17 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਅਤੇ 5 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ।

ਇਸ ਮੌਕੇ ਉਨ੍ਹਾਂ ਨੇ ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਭਰਤੀਆਂ ਵਿੱਚ ਪੂਰੀ ਪਾਰਦਰਸ਼ਤਾ ਅਤੇ ਨਿਰੋਲ ਮੈਰਿਟ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀਆਂ ਬਿਨਾਂ ਕਿਸੇ ਭੇਦਭਾਵ ਅਤੇ ਸਿਰਫ਼ ਯੋਗਤਾ ਦੇ ਆਧਾਰ 'ਤੇ ਕੀਤੀਆਂ ਗਈਆਂ ਹਨ, ਜੋ ਸਰਕਾਰ ਦੀ ਸਾਫ਼-ਸੁਥਰੀ ਅਤੇ ਜਵਾਬਦੇਹ ਕਾਰਜ-ਪ੍ਰਣਾਲੀ ਦਾ ਪ੍ਰਤੀਕ ਹਨ।

ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਸਮਾਜ ਦੇ ਸਭ ਤੋਂ ਮਹੱਤਵਪੂਰਨ ਅਧਾਰਾਂ ਵਿੱਚੋਂ ਇੱਕ ਹਨ, ਜੋ ਬੱਚਿਆਂ ਦੇ ਸਰਵਪੱਖੀ ਵਿਕਾਸ, ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ ਸੰਭਾਲ, ਪੋਸ਼ਣ ਅਤੇ ਪ੍ਰੀ-ਸਕੂਲ ਸਿੱਖਿਆ ਵਰਗੀਆਂ ਅਹਿਮ ਸੇਵਾਵਾਂ ਲੋਕਾਂ ਤੱਕ ਪਹੁੰਚਾਉਂਦੇ ਹਨ। ਉਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਨਿਭਾਉਣ ਤਾਂ ਜੋ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚ ਸਕੇ।

ਇਸ ਮੌਕੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ (ਸੀ.ਡੀ.ਪੀ.ਓ.) ਪਵਨ ਕੁਮਾਰ ਨੇ ਨਵ-ਨਿਯੁਕਤ ਵਰਕਰਾਂ ਅਤੇ ਹੈਲਪਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਂਗਣਵਾੜੀ ਕੇਂਦਰ ਬੱਚਿਆਂ ਦੇ ਪੋਸ਼ਣ, ਸਿਹਤ ਅਤੇ ਸ਼ੁਰੂਆਤੀ ਸਿੱਖਿਆ ਦੀ ਮਜ਼ਬੂਤ ਨੀਂਹ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਸਾਰੇ ਨਵ-ਨਿਯੁਕਤ ਕਰਮਚਾਰੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਪੂਰੀ ਲਗਨ, ਅਨੁਸ਼ਾਸਨ ਅਤੇ ਜਵਾਬਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੇ ਅਤੇ ਮਹਿਲਾ ਤੇ ਬਾਲ ਵਿਕਾਸ ਨਾਲ ਸਬੰਧਤ ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਨਗੇ।

ਸਮਾਗਮ ਦੌਰਾਨ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਵੀ ਸਰਕਾਰ ਅਤੇ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਲੋਕਾਂ ਦੀ ਭਲਾਈ ਅਤੇ ਵਿਭਾਗੀ ਉਦੇਸ਼ਾਂ ਦੀ ਪੂਰਤੀ ਲਈ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੇ।

## ਜ਼ਿਲ੍ਹਾ ਰੁਜਗਾਰ ਤੇ ਕਾਰੋਬਾਰ ਬਿਊਰੋ ਫਾਜਿਲਕਾ ਵੱਲੋਂ ਰੁਜਗਾਰ ਮੇਲੇ ਦਾ ਆਯੋਜਨ

**ਫਾਜਿਲਕਾ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਰੁਜਗਾਰ ਦਫਤਰ ਫਾਜਿਲਕਾ ਦੇ ਪਲੇਸਮੈਂਟ ਅਫਸਰ ਸ੍ਰੀ ਰਾਜ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆਂ ਕਿ ਅੱਜ ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿਚ ਸੈਟਿਨ ਕ੍ਰੈਡਿਟਕੇਅਰ ਨੈੱਟਵਰਕ ਲਿਮਟਿਡ ਕੰਪਨੀ ਸ਼ਮੂਲੀਅਤ ਕਰ ਰਹੀ ਹੈ। ਨੌਕਰੀ ਦਾ ਸਥਾਨ ਬਠਿੰਡਾ ਅਤੇ ਮਾਨਸਾ ਹੋਵੇਗਾ।

ਉਨ੍ਹਾਂ ਦੱਸਿਆ ਕਿ ਸੈਟਿਨ ਕ੍ਰੈਡਿਟਕੇਅਰ ਨੈੱਟਵਰਕ ਲਿਮਟਿਡ ਕੰਪਨੀ ਵੱਲੋਂ ਸੀਐਸਓ, ਏਬੀਐਮ ਅਸਾਮੀ ਤੇ ਭਰਤੀ ਕੀਤੀ ਜਾਣਾ ਹੈ। ਜਿਸ ਲਈ ਉਮਰ: 19-35 ਸਾਲ, ਵਿਦਿਅਕ ਯੋਗਤਾ 10ਵੀਂ ਪਾਸ ਜਾਂ ਇਸ ਤੋਂ ਉੱਪਰ, ਤਨਖਾਹ 19,350 ਤੋਂ 23,000 ਪ੍ਰਤੀ ਮਹੀਨਾ ਸਮੇਤ ਇੰਨਸੈਟਿਵ ਦਿੱਤਾ ਜਾਵੇਗਾ ਅਤੇ ਕੰਪਨੀ ਵੱਲੋਂ ਮੁਫਤ ਰਿਹਾਇਸ ਦਿੱਤੀ ਜਾਵੇਗੀ॥

## ਸਾਈਬਰ ਅਪਰਾਧੀਆਂ ਦੇ ਨਾਲ-ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਨਹੀਂ ਮਿਲੇਗਾ US ਦਾ ਵੀਜ਼ਾ

**ਵਾਸ਼ਿੰਗਟਨ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕੀ ਟਰੰਪ ਪ੍ਰਸ਼ਾਸਨ ਨੇ ਇਮੀਗ੍ਰੇਸ਼ਨ ਅਤੇ ਰਾਸ਼ਟਰੀਯਤਾ ਐਕਟ ਦੇ ਤਹਿਤ ਇੱਕ ਨਵੇਂ ਵੀਜ਼ਾ ਨਿਯਮ ਦਾ ਐਲਾਨ ਕੀਤਾ ਹੈ ਜਿਸ ਦਾ ਉਦੇਸ਼ ਬਹੁ-ਅਰਬ ਡਾਲਰਾਂ ਦੀ ਧੋਖਾਧੜੀ ਲਈ ਜ਼ਿੰਮੇਵਾਰ ਵਿਦੇਸ਼ੀ ਅਪਰਾਧਿਕ ਨੈੱਟਵਰਕਾਂ ਨੂੰ ਖ਼ਤਮ ਕਰਨਾ ਹੈ।

ਨਵੀਂ ਵੀਜ਼ਾ ਪਾਬੰਦੀ ਨੀਤੀ ਦਾ ਐਲਾਨ ਕਰਦੇ ਹੋਏ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਇਹ ਪਾਬੰਦੀ ਨਾ ਸਿਰਫ਼ ਬਹੁ-ਅਰਬ ਡਾਲਰ ਦੇ ਘੁਟਾਲਿਆਂ 'ਚ ਸ਼ਾਮਿਲ ਵਿਦੇਸ਼ੀ ਅਪਰਾਧੀਆਂ 'ਤੇ ਲਾਗੂ ਹੋਵੇਗੀ ਸਗੋਂ ਉਨ੍ਹਾਂ ਦੇ ਨਜ਼ਦੀਕੀ ਪਰਿਵਾਰਕ ਮੈਂਬਰਾਂ 'ਤੇ ਵੀ ਲਾਗੂ ਹੋਵੇਗੀ ਜਿਨ੍ਹਾਂ ਨੂੰ ਅਮਰੀਕੀ ਵੀਜ਼ਾ ਦੇਣ ਤੋਂ ਇਨਕਾਰ ਕੀਤਾ ਜਾਵੇਗਾ।

**US ਦਾ ਸਖ਼ਤ ਫ਼ੈਸਲਾ:** ਰੂਬੀਓ ਨੇ ਸਪੱਸ਼ਟ ਕੀਤਾ ਕਿ ਨਵੀਂ ਨੀਤੀ ਦਾ ਮੁੱਖ ਉਦੇਸ਼ ਸਾਈਬਰ ਘੁਟਾਲਿਆਂ ਅਤੇ ਗ਼ੈਰ-ਕਾਨੂੰਨੀ ਜਬਰੀ ਵਸੂਲੀਆਂ 'ਚ ਸ਼ਾਮਿਲ ਗਿਰੋਹਾਂ 'ਤੇ ਕਾਰਵਾਈ ਕਰਨਾ ਹੈ, ਅਜਿਹੀਆਂ ਗਤੀਵਿਧੀਆਂ ਜਿਨ੍ਹਾਂ ਨੇ ਅਣਗਿਣਤ ਅਮਰੀਕੀ ਪਰਿਵਾਰਾਂ ਨੂੰ ਉਨ੍ਹਾਂ ਦੀ ਜ਼ਿੰਦਗੀ ਦੀ ਬੱਚਤ ਖੋਹ ਕੇ ਬਰਬਾਦ ਕਰ ਦਿੱਤਾ ਹੈ।

US ਪ੍ਰਸ਼ਾਸਨ ਇਨ੍ਹਾਂ ਸਾਈਬਰ ਨੈੱਟਵਰਕਾਂ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਅਤੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ 'ਚ ਲਿਆਉਣ ਲਈ ਸਾਰੀਆਂ ਉਪਲਬਧ ਸ਼ਕਤੀਆਂ ਦੀ ਵਰਤੋਂ ਕਰ ਰਿਹਾ ਹੈ। ਵਰਤੇ ਜਾ ਰਹੇ ਉਪਾਵਾਂ 'ਚ ਪਾਬੰਦੀਆਂ, ਕਾਨੂੰਨੀ ਮੁਕੱਦਮਾ ਚਲਾਉਣਾ, ਜਾਇਦਾਦਾਂ ਜ਼ਬਤ ਕਰਨਾ, ਹਵਾਲਗੀ ਬੇਨਤੀਆਂ ਅਤੇ ਅੰਤਰਰਾਸ਼ਟਰੀ ਸਹਿਯੋਗ ਸ਼ਾਮਿਲ ਹਨ। ਇਹ ਧਿਆਨ ਦੇਣ ਯੋਗ ਹੈ ਕਿ US ਪ੍ਰਸ਼ਾਸਨ ਵਲੋਂ ਇਹ ਐਲਾਨ ਮਾਰਚ 'ਚ ਰਾਸ਼ਟਰਪਤੀ Donald Trump ਵਲੋਂ ਜਾਰੀ ਕੀਤੇ ਗਏ ਇੱਕ ਆਦੇਸ਼ ਤੋਂ ਆਇਆ ਹੈ ਜਿਸ 'ਚ ਸਾਈਬਰ ਧੋਖਾਧੜੀ ਦੇ ਮਾਮਲਿਆਂ ਦੇ ਮੁਕੱਦਮੇ ਨੂੰ ਤਰਜੀਹ ਦਿੱਤੀ ਗਈ ਸੀ, ਅਤੇ ਏਜੰਸੀਆਂ ਨੂੰ ਅੰਤਰਰਾਸ਼ਟਰੀ ਅਪਰਾਧਿਕ ਸੰਗਠਨਾਂ ਵਿਰੁੱਧ ਕਾਰਵਾਈਆਂ ਤੇਜ਼ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ।

ਉਸ ਆਦੇਸ਼ 'ਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਸੀ ਕਿ ਅਜਿਹੀਆਂ ਗਤੀਵਿਧੀਆਂ ਨੂੰ ਬਰਦਾਸ਼ਤ ਕਰਨ ਵਾਲੇ ਦੇਸ਼ਾਂ ਨੂੰ ਪਾਬੰਦੀਆਂ, ਵੀਜ਼ਾ ਪਾਬੰਦੀਆਂ, ਵਿਦੇਸ਼ੀ ਸਹਾਇਤਾ ਦੀ ਮੁਅੱਤਲੀ ਅਤੇ ਸਹਿਯੋਗੀ ਅਧਿਕਾਰੀਆਂ ਨੂੰ ਕੱਢਣ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**The Epoch Times** ਦੀ ਇੱਕ ਰਿਪੋਰਟ ਦੇ ਅਨੁਸਾਰ, ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਚੀਨੀ ਅੰਤਰਰਾਸ਼ਟਰੀ ਅਪਰਾਧਕ ਸੰਗਠਨਾਂ ਨੂੰ ਸੂਰ ਕਤਲ ਵਰਗੇ ਔਨਲਾਈਨ ਸਾਈਬਰ ਘੁਟਾਲਿਆਂ ਦੇ ਪਿੱਛੇ ਮੁੱਖ ਅਪਰਾਧੀਆਂ ਵਜੋਂ ਪਛਾਣਿਆ ਹੈ। ਇਨ੍ਹਾਂ ਘੁਟਾਲਿਆਂ 'ਚ ਨਕਲੀ ਔਨਲਾਈਨ ਸਬੰਧਾਂ ਅਤੇ ਦੋਸਤੀਆਂ ਰਾਹੀਂ ਧੋਖਾਧੜੀ ਨਿਵੇਸ਼ ਯੋਜਨਾਵਾਂ 'ਚ ਪੀੜਤਾਂ ਨੂੰ ਫ਼ਸਾਉਣਾ ਸ਼ਾਮਿਲ ਹੈ।

ਰਿਪੋਰਟ 'ਚ ਕਿਹਾ ਗਿਆ ਹੈ ਕਿ ਇਨ੍ਹਾਂ ਸਾਈਬਰ ਗਿਰੋਹਾਂ ਨੇ 2024 'ਚ US ਨਾਗਰਿਕਾਂ ਨਾਲ ਘੱਟੋ-ਘੱਟ 10 ਬਿਲੀਅਨ ਡਾਲਰਾਂ ਦੀ ਧੋਖਾਧੜੀ ਕੀਤੀ। ਇਸ ਤੋਂ ਇਲਾਵਾ ਇਹ ਸਮੂਹ ਭ੍ਰਿਸ਼ਟਾਚਾਰ, ਮਨੀ ਲੌਂਡਰਿੰਗ ਅਤੇ ਮਨੁੱਖੀ ਤਸਕਰੀ ਵਰਗੀਆਂ ਗੰਭੀਰ ਅਪਰਾਧਕ ਗਤੀਵਿਧੀਆਂ ਨੂੰ ਵੀ ਹਵਾ ਦੇ ਰਹੇ ਹਨ। US ਪ੍ਰਸ਼ਾਸਨ ਨੇ ਮਨੁੱਖੀ ਤਸਕਰੀ ਅਤੇ ਸਾਈਬਰ ਧੋਖਾਧੜੀ ਦੇ ਸਬੰਧ 'ਚ ਕੰਬੋਡੀਆ ਦੇ ਪ੍ਰਿੰਸ ਗਰੁੱਪ ਨੈੱਟਵਰਕ ਨਾਲ ਜੁੜੇ 35 ਵਿਅਕਤੀਆਂ ਅਤੇ ਸੰਸਥਾਵਾਂ 'ਤੇ ਸਖ਼ਤ ਪਾਬੰਦੀਆਂ ਲਗਾਈਆਂ ਹਨ।

## ਕੋਲੰਬੀਆਂ ਦੇ ਸ਼ਹਿਰ 'ਚ ਚਾਰ ਡਿਗਰੀ ਤਕ ਡਿਗਿਆ ਤਾਪਮਾਨ

**ਮੈਡੇਲਿਨ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੁਨੀਆਂ 'ਚ ਇੱਕ ਅਜਿਹਾ ਸ਼ਹਿਰ ਵੀ ਹੈ ਜਿੱਥੇ ਬੂਟੇ ਲਾਉਣ ਦੀ ਪਹਿਲਕਦਮੀ ਨੇ ਤਾਪਮਾਨ ਨੂੰ ਕਈ ਡਿਗਰੀ ਤਕ ਘਟਾ ਦਿੱਤਾ। ਅਜਿਹਾ ਕੋਲੰਬੀਆ ਦੇ ਮੈਡੇਲਿਨ ਸ਼ਹਿਰ 'ਚ ਹੋਇਆ। 2013 'ਚ ਇੱਥੇ ਕੌਂਕਰੀਟ ਦੀਆਂ ਸੜਕਾਂ ਦੇ ਦੋਵੇਂ ਪਾਸੇ ਬਸ ਉੱਚੀਆਂ-ਉੱਚੀਆਂ ਕੱਚ ਦੀਆਂ ਇਮਾਰਤਾਂ ਹੀ ਨਜ਼ਰ ਆਉਂਦੀਆਂ ਸਨ। ਉਥੇ ਗ੍ਰੀਨ ਕੌਰੀਡੋਰ ਪ੍ਰੋਜੈਕਟ ਲੌਂਚ ਹੋਇਆ ਅਤੇ 10 ਸਾਲਾਂ 'ਚ ਤਾਪਮਾਨ 'ਚ ਵੱਡੀ ਗਿਰਾਵਟ ਦਰਜ ਕੀਤੀ ਗਈ।

**ਮੈਡੇਲਿਨ ਦੀ ਕ੍ਰਾਂਤੀ ਨੇ ਖਿੱਚਿਆ ਦੁਨੀਆਂ ਦਾ ਧਿਆਨ:** ਮੈਡੇਲਿਨ ਸਿਟੀ ਗਵਰਨਮੈਂਟ ਦੇ ਅਨੁਸਾਰ ਸ਼ਹਿਰ ਦਾ ਤਾਪਮਾਨ ਗ੍ਰੀਨ ਕੌਰੀਡੋਰ ਪ੍ਰੋਜੈਕਟ ਨਾਲ ਲਗਭਗ ਚਾਰ ਡਿਗਰੀ ਸੈਲਸੀਅਸ ਤਕ ਘਟਿਆ ਹੈ। ਪਹਿਲਾਂ ਇੱਥੋਂ ਦਾ ਔਸਤ ਹਵਾ ਦਾ ਤਾਪਮਾਨ 31 ਡਿਗਰੀ ਸੈਲਸੀਅਸ ਰਹਿੰਦਾ ਸੀ ਜੋ ਹੁਣ 27 ਡਿਗਰੀ ਸੈਲਸੀਅਸ ਹੈ। ਉੱਥੇ ਹੀ ਸੜ੍ਹਾ ਦਾ ਤਾਪਮਾਨ 40.5 ਡਿਗਰੀ ਸੈਲਸੀਅਸ ਤੋਂ ਘੱਟ ਕੇ 30.2 ਡਿਗਰੀ ਸੈਲਸੀਅਸ ਤਕ ਆ ਗਿਆ ਹੈ। ਖ਼ੁਦ ਯੂਨਾਈਟਿਡ ਨੇਸ਼ਨਜ਼ ਐਨਵਾਇਰਮੈਂਟ ਪ੍ਰੋਗਰਾਮ ਨੇ ਵੀ ਇਸ ਦੀ ਸ਼ਲਾਘਾ ਕੀਤੀ ਹੈ।

**ਕੋਲੰਬੀਆ ਦਾ ਦਿਲ ਹੈ ਮੈਡੇਲਿਨ:** ਮੈਡੇਲਿਨ ਸ਼ਹਿਰ ਕੋਲੰਬੀਆ ਦੇ ਉੱਤਰ-ਪੱਛਮ 'ਚ ਸਥਿਤ ਹੈ। ਇਸ ਸ਼ਹਿਰ ਨੂੰ ਸਦਾਬਹਾਰ ਬਸੰਤ ਦਾ ਸ਼ਹਿਰ ਵੀ ਕਹਿੰਦੇ ਹਨ ਕਿਉਂਕਿ ਹੁਣ ਇੱਥੋਂ ਦਾ ਮੌਸਮ ਸਾਲ ਭਰ ਸੁਹਾਵਣਾ ਰਹਿੰਦਾ ਹੈ।

ਸ਼ਹਿਰ 'ਚ 40 ਲੱਖ ਤੋਂ ਵੱਧ ਲੋਕ ਰਹਿੰਦੇ ਹਨ ਅਤੇ **GDP** ਲਗਭਗ 35 ਅਰਬ ਡਾਲਰ ਹੈ। ਕਦੇ ਇਹ ਸ਼ਹਿਰ ਡਰੱਗ ਕਾਰਟੈਲ ਲਈ ਬਦਨਾਮ ਸੀ। 21ਵੀਂ ਸਦੀ 'ਚ ਸ਼ਹਿਰ ਨੇ ਖ਼ੁਦ ਨੂੰ ਬਦਲਿਆ ਅਤੇ ਹੁਣ ਇਹ ਸ਼ਹਿਰੀ ਯੋਜਨਾਬੰਦੀ ਕਾਰਨ ਦੁਨੀਆਂ ਭਰ 'ਚ ਪਛਾਣਿਆ ਜਾ ਰਿਹਾ ਹੈ। ਅਰਬਨ ਲੈਂਡ ਇੰਸਟੀਚਿਊਟ ਵਲੋਂ ਇਸ ਸ਼ਹਿਰ ਨੂੰ ਦੁਨੀਆਂ ਦਾ ਸਭ ਤੋਂ ਇਨੋਵੇਟਿਵ ਸ਼ਹਿਰ ਐਲਾਨਿਆ ਜਾ ਚੁੱਕਾ ਹੈ।

## ਸਿਮ ਰਿਟਰੀਟ ਵਿਖੇ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ ਮਿਸਿਜ਼ ਤੀਜ 2026 ਸਮਾਰੋਹ



**ਮਾਛੀਵਾੜਾ ਸਾਹਿਬ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਮ ਰਿਟਰੀਟ ਵਿਖੇ ਮਿਸਿਜ਼ ਤੀਜ 2026 ਦਾ ਸ਼ਾਨਦਾਰ ਸਮਾਰੋਹ ਕਰਵਾਇਆ ਗਿਆ। ਇਸ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਨਿਧੀ ਸ਼ਰਮਾ ਅਤੇ ਪੀਹੂ ਸ਼ਰਮਾ ਵੱਲੋਂ ਕੀਤਾ ਗਿਆ, ਜਿਸ ਵਿੱਚ ਲੁਧਿਆਣਾ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੀ ਵਿਸ਼ੇਸ਼ ਮਹਿਮਾਨ ਵਜੋਂ ਪੂਜਾ ਕੁੰਦਰਾ ਅਤੇ ਹਲਕਾ ਸਮਰਾਲਾ ਦੇ ਵਿਧਾਇਕ ਦੀ ਧਰਮਪਤਨੀ ਪਿੰਦਰਜੀਤ ਕੌਰ ਨੇ ਸ਼ਿਰਕਤ ਕੀਤੀ। ਜਦਕਿ ਲੁਧਿਆਣਾ ਤੋਂ ਮਨਪ੍ਰੀਤ ਕੌਰ ਸੰਧੂ ਨੇ ਜੱਜ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਸਮਾਗਮ ਦੌਰਾਨ ਜੇਤੂਆਂ ਦੀ ਤਾਜਪੋਸ਼ੀ ਕੀਤੀ ਗਈ ਅਤੇ ਨਿਧੀ ਸ਼ਰਮਾ ਤੇ ਪੂਜਾ ਕੁੰਦਰਾ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ ਤੋਹਫ਼ੇ ਭੇਟ ਕੀਤੇ ਗਏ। ਮੁਕਾਬਲੇ ਵਿੱਚ ਟਾਪ-10 ਪ੍ਰਤੀਭਾਗੀਆਂ ਦੀ ਚੋਣ ਕੀਤੀ ਗਈ।ਨਤੀਜੇ ਇਸ ਪ੍ਰਕਾਰ ਰਹੇ: ਮਿਸਿਜ਼ ਤੀਜ 2026 (ਵਿਨਰ): ਨਿਮਰਤ, ਫਸਟ ਰਨਰ-ਅੱਪ: ਸ਼ੈਰੀ (ਸਮਰਾਲਾ),ਸੈਕਿੰਡ ਰਨਰ-ਅੱਪ: ਰੀਚਾ ਕੌਸ਼ਲ (ਮਾਛੀਵੜਾ), ਪੂਰਾ ਸਮਾਗਮ ਪੰਜਾਬੀ ਸੱਭਿਆਚਾਰ ਦੀ ਰੰਗਤ ਨਾਲ ਰੰਗਿਆ ਰਿਹਾ। ਮਹਿਲਾਵਾਂ ਰਵਾਇਤੀ ਪੰਜਾਬੀ ਪਹਿਰਾਵਿਆਂ ਵਿੱਚ ਸਜ-ਧਜ ਕੇ ਪਹੁੰਚੀਆਂ ਅਤੇ ਤੀਆਂ ਦੇ ਤਿਉਹਾਰ ਨੂੰ ਪੂਰੇ ਉਤਸ਼ਾਹ ਨਾਲ ਮਨਾਇਆ। ਗਿੱਧਾ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਵੱਖ-ਵੱਖ ਗਤੀਵਿਧੀਆਂ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।

ਇਸ ਮੌਕੇ 'ਤੇ ਆਯੋਜਕ ਨਿਧੀ ਸ਼ਰਮਾ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਸੰਭਾਲਣ ਲਈ ਤੀਆਂ ਵਰਗੇ ਸੱਭਿਆਚਾਰਕ ਸਮਾਗਮ ਸਮੇਂ-ਸਮੇਂ 'ਤੇ ਕਰਵਾਉਣੇ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਅਜਿਹੇ ਮੰਚ ਮਹਿਲਾਵਾਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੇ ਹਨ, ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਦਿੰਦੇ ਹਨ ਅਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।ਇਹ ਸਮਾਗਮ ਹਰ ਪੱਖੋਂ ਬਹੁਤ ਹੀ ਸਫਲ ਅਤੇ ਯਾਦਗਾਰ ਰਿਹਾ, ਜਿਸ ਨੇ ਪੰਜਾਬੀ ਸੱਭਿਆਚਾਰ, ਮਹਿਲਾ ਸਸ਼ਕਤੀਕਰਨ ਅਤੇ ਸਮਾਜਿਕ ਏਕਤਾ ਦਾ ਸੁੰਦਰ ਸੰਦੇਸ਼ ਦਿੱਤਾ।

## ਝਾੜ ਸਾਹਿਬ ਕਾਲਜ ਵਿਖੇ ਨਸ਼ਿਆਂ ਵਿਰੁੱਧ ਦਿਖਾਇਆ ਗਿਆ ਸਿੱਧਾ ਪ੍ਰਸਾਰਣ



**ਮਾਛੀਵਾੜਾ ਸਾਹਿਬ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ(ਲੁਧਿ.) ਵਿਖੇ ਮਨਿਸਟਰੀ ਆਫ ਯੂਥ ਅਫੇਅਰਸ ਐਂਡ ਸਪੋਰਟਸ ਦੇ ਅੰਤਰਗਤ ਭਾਰਤ ਦੇ(ਪ੍ਰਧਾਨ ਮੰਤਰੀ) ਸ੍ਰੀ ਨਰਿੰਦਰ ਮੋਦੀ ਦੇ ਯਤਨਾਂ ਅਧੀਨ ਚਲਾਈ ਜਾ ਰਹੀ ਵਿਕਸਤ ਭਾਰਤ 'ਨਸ਼ਾ ਮੁਕਤ ਯੁਵਾ' ਲਹਿਰ ਅਧੀਨ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਜਾਗਰੂਕਤਾ ਮੁਹਿੰਮ ਦੇ ਤਹਿਤ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ, ਕਾਲਜ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਦੀ ਰਹਿਨੁਮਾਈ ਹੇਠ ਕਾਲਜ ਦੀਆਂ ਵਿਦਿਆਰਥਣਾਂ ਨੂੰ ਵਿਕਿਸਤ ਭਾਰਤ ਸੰਕਲਪ ਅਭਿਆਨ ਦਾ ਲਾਈਵ ਟੈਲੀਕਾਸਟ ਦਿਖਾਇਆ ਗਿਆ। ਵਿਕਸਿਤ ਭਾਰਤ ਸੰਕਲਪ ਅਭਿਆਨ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸਿਹਤਮੰਦ, ਜ਼ਿੰਮੇਵਾਰ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕਰਨਾ ਸੀ। ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਡਾ.ਸੁਨੀਤਾ ਕੌਸ਼ਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਹੋਇਆ ਦੱਸਿਆ ਕਿ ਯੁਵਾ ਦੇਸ਼ ਲਈ ਕਿਵੇਂ ਮਹੱਤਵਪੂਰਨ ਹਨ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਉਹਨਾਂ ਦੀ ਭੂਮਿਕਾ ਬਹੁਤ ਜਰੂਰੀ ਹੈ। ਇਸ ਸਿੱਧੇ ਪ੍ਰਸਾਰਣ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਕਿਹਾ ਕਿ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹਨ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਇਸ ਮੁਹਿੰਮ ਦੇ ਤਹਿਤ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਨਸ਼ਾ ਮੁਕਤ ਭਾਰਤ ਸੰਕਲਪ ਲਿਆ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਪਰਿਵਾਰ, ਦੋਸਤਾਂ ਅਤੇ ਸਮਾਜ ਨੂੰ ਵੀ ਸਿਹਤਮੰਦ ਅਤੇ ਨਸ਼ਾ-ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨ ਦਾ ਪ੍ਰਣ ਕੀਤਾ। ਇਸ ਮੌਕੇ ਵਿਦਿਆਰਥਣਾਂ, ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੇ ਵੀ ਸਮੂਹਿਕ ਤੌਰ 'ਤੇ ਨਸ਼ਾ ਵਿਰੋਧੀ ਸਹੁੰ ਚੁੱਕ ਕੇ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਅੰਤ ਵਿੱਚ ਡਾ.ਮਨਦੀਪ ਕੌਰ ਪ੍ਰੋਗਰਾਮ ਅਫ਼ਸਰ, ਐਨ.ਐਸ.ਐਸ ਯੂਨਿਟ ਨੇ ਇਸ ਸੰਕਲਪ ਅਭਿਆਨ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜਨ ਲਈ ਕਾਲਜ ਸ਼ੋਸ਼ਲ ਸੈਲਫ ਹੈਲਥ ਗਰੁੱਪ, ਰੈਡ ਕਰਾਸ, ਰੈਡ ਰਿਬਨ ਕਲੱਬਾਂ ਦੇ ਇੰਚਾਰਜਾਂ ਅਤੇ ਵਿਦਿਆਰਥਣਾਂ ਦਾ ਧੰਨਵਾਦ ਕੀਤਾ।

## ਮਾਤਾ ਚਿੰਤਪੁਰਨੀ ਜੀ ਦੇ ਮੇਲੇ : ਸ਼ਰਧਾਲੂਆਂ ਦੀ ਸਹੂਲਤ ਲਈ ਹਰ ਪੱਖੋਂ ਪੁਖਤਾ ਇੰਤਜ਼ਾਮ ਕੀਤੇ ਜਾਣਗੇ : ਵਿਧਾਇਕ ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਉਣ ਵਾਲੇ ਦਿਨਾਂ ਵਿਚ ਮਾਤਾ ਚਿੰਤਪੁਰਨੀ ਜੀ ਦੇ ਮੇਲਿਆਂ ਦੇ ਮੱਦੇਨਜ਼ਰ ਵੱਖ-ਵੱਖ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਹਰ ਪੱਖੋਂ ਪੁਖਤਾ ਪ੍ਰਬੰਧ ਕੀਤੇ ਜਾਣਗੇ।

ਹੁਸ਼ਿਆਰਪੁਰ ਨਾਲ ਸਬੰਧਤ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮਾਤਾ ਚਿੰਤਪੁਰਨੀ ਦੇ ਮੇਲਿਆਂ ਮੌਕੇ ਲੋੜੀਂਦੇ ਪ੍ਰਬੰਧਾਂ ਬਾਰੇ ਚਰਚਾ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿਚ ਆਮਦ ਨੂੰ ਲੈ ਕੇ ਜ਼ਿਲ੍ਹੇ ਦੀ ਹਦੂਦ ਅੰਦਰ ਢੁੱਕਵੇਂ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਥਾਵਾਂ 'ਤੇ ਲਾਏ ਜਾਣ ਵਾਲੇ ਲੰਗਰਾਂ ਲਈ ਲੋੜੀਂਦੀਆਂ ਸਹੂਲਤਾਂ ਦੇ ਨਾਲ-ਨਾਲ ਸੁਚੱਜੀ ਸਫ਼ਾਈ ਵਿਵਸਥਾ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਆਉਣ ਵਾਲੀ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਵਲੋਂ ਆਵਾਜਾਈ ਪ੍ਰਬੰਧਾਂ ਬਾਰੇ ਰੱਖੇ ਮਾਮਲਿਆਂ ਨੂੰ ਕੌਮੀ ਰਾਜ ਮਾਰਗ ਅਥਾਰਟੀ ਦੇ ਅਧਿਕਾਰੀਆਂ ਦੇ ਧਿਆਨ ਵਿਚ ਲਿਆਂਉਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸੜਕਾਂ ਦੀ ਲੋੜੀਂਦੀ ਮੁਰੰਮਤ ਨੂੰ ਤਰਜ਼ੀਹ ਦੇ ਅਧਾਰ 'ਤੇ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਆਵਾਜਾਈ, ਸਫ਼ਾਈ, ਰਾਤ ਸਮੇਂ ਰੌਸ਼ਨੀ, ਲੰਗਰਾਂ ਵਾਲੀਆਂ ਥਾਵਾਂ 'ਤੇ ਬਿਜਲੀ ਸਪਲਾਈ ਅਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ ਤਾਂ ਜੋ ਸੰਗਤਾਂ ਨੂੰ ਇਹ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।



ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਵੱਖ-ਵੱਖ ਪ੍ਰਬੰਧਾਂ ਦੇ ਨਾਲ-ਨਾਲ ਡਾਕਟਰੀ ਸਹਾਇਤਾ ਨੂੰ ਵੀ ਯਕੀਨੀ ਬਣਾਇਆ ਜਾਵੇ ਤਾਂ ਜੋ ਕਿਸੇ ਵੀ ਐਮਰਜੈਂਸੀ ਮੌਕੇ ਤੁਰੰਤ ਮੈਡੀਕਲ ਸਹਾਇਤਾ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸੁਰੱਖਿਆ ਪ੍ਰਬੰਧਾਂ ਨੂੰ ਵੀ ਪੂਰੀ ਤਰਜ਼ੀਹ ਦਿੰਦਿਆਂ ਸ਼ਰਧਾਲੂਆਂ ਲਈ ਸੁਖਾਲੀ ਆਵਾਜਾਈ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸੜਕਾਂ ਦੇ ਕੰਢਿਆਂ 'ਤੇ ਸਫ਼ਾਈ ਵਿਵਸਥਾ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ ਜਿਸ ਨਾਲ ਸੰਗਤਾਂ ਨੂੰ ਮਾਤਾ ਚਿੰਤਪੁਰਨੀ ਜੀ ਦੇ ਦਰਸ਼ਨਾਂ ਲਈ ਜਾਣ ਮੌਕੇ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਸਮਾਗਮ ਸੰਸਥਾਵਾਂ ਅਤੇ ਸਰਕਾਰੀ ਵਿਭਾਗਾਂ ਦੇ ਆਪਸੀ ਅਤੇ ਵਧੀਆ ਤਾਲਮੇਲ ਰਾਹੀਂ ਹੋਰ ਵੀ ਵਧੀਆ ਢੰਗ ਨਾਲ ਨੇਪਰੇ ਚਾੜ੍ਹੇ ਜਾ ਸਕਦੇ ਹਨ ਜਿਸ ਲਈ ਸਾਰਿਆਂ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।

ਭਾਰੀ ਗਿਣਤੀ ਵਿਚ ਸੰਗਤ ਦੀ ਆਮਦ ਦੇ ਮੱਦੇਨਜ਼ਰ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪੁਲਿਸ ਅਧਿਕਾਰੀਆਂ ਨੂੰ ਸੁਚਾਰੂ ਟ੍ਰੈਫਿਕ ਵਿਵਸਥਾ ਬਾਰੇ ਨਿਰਦੇਸ਼ ਦਿੰਦਿਆਂ ਕਿਹਾ ਕਿ ਵੱਡੀ ਗਿਣਤੀ ਵਿਚ ਸ਼ਰਧਾਲੂ ਪੈਦਲ ਮਾਤਾ ਚਿੰਤਪੁਰਨੀ ਜੀ ਦੇ ਦਰਸ਼ਨਾਂ ਲਈ ਜਾਂਦੇ ਹਨ ਜਿਨ੍ਹਾਂ ਨੂੰ ਹਿਮਾਚਲ ਪ੍ਰਦੇਸ਼ ਵਿਚ ਪ੍ਰਵੇਸ਼ ਤੱਕ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਅਤੇ ਨੈਸ਼ਨਲ ਹਾਈਵੇਜ਼ ਅਥਾਰਟੀ ਦੇ ਅਧਿਕਾਰੀਆਂ ਨੂੰ ਕਿਹਾ ਕਿ ਜਿਥੋਂ ਕਿਤੋਂ ਵੀ ਸੜਕਾਂ ਦੀ ਮੁਰੰਮਤ ਹੋਣ ਵਾਲੀ ਹੈ, ਉਥੇ ਬਿਨਾਂ ਦੇਰੀ ਮੁਰੰਮਤ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਉਹ ਸਮਰੱਥ ਅਥਾਰਟੀ ਨਾਲ ਗੱਲ ਕਰਕੇ ਮੇਲੇ ਵਾਲੇ ਦਿਨਾਂ ਦੌਰਾਨ ਵੱਡੇ ਵਾਹਨਾਂ ਦੀ ਆਵਾਜਾਈ ਨੂੰ ਵਾਇਆ ਬਾਈਪਾਸ ਲੰਘਾਉਣ ਦਾ ਬਦਲਵਾਂ ਪ੍ਰਬੰਧ ਕਰਨਗੇ। ਉਨ੍ਹਾਂ ਨੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਸ਼ਰਧਾਲੂਆਂ ਦੀ ਸਹੂਲਤ ਲਈ ਜਿਥੇ ਢੁੱਕਵੇਂ ਇੰਤਜ਼ਾਮ ਅਮਲ ਵਿਚ ਲਿਆਵੇਗੀ, ਉਥੇ ਨਾਲ ਉਹ ਖੁਦ ਇਨ੍ਹਾਂ ਸਾਰੇ ਪ੍ਰਬੰਧਾਂ ਦੀ ਪਿਛਲੇ ਸਾਲਾਂ ਵਾਂਗ ਨਜ਼ਰਸਾਨੀ ਕਰਨਗੇ ਤਾਂ ਜੋ ਸ਼ਰਧਾਲੂਆਂ ਲਈ ਸੁਖਾਲੀ ਯਾਤਰਾ ਨੂੰ ਯਕੀਨੀ ਬਣਾਇਆ ਜਾ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਮੀਣਾ, ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ, ਨਗਰ ਨਿਗਮ ਦੇ ਕਮਿਸ਼ਨਰ ਜੋਤੀ ਬਾਲਾ ਮੱਟੂ ਤੋਂ ਇਲਾਵਾ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਵਿਚ ਕ੍ਰਿਸ਼ਨ ਗੋਪਾਲ ਆਨੰਦ, ਭਾਰਤ ਭੂਸ਼ਨ ਵਰਮਾ, ਦਿਨੇਸ਼ ਚੰਦਰ, ਦਲਜੀਤ ਸਿੰਘ, ਦੀਪਕ ਮਹਿਰਾ, ਅਸ਼ਵਨੀ ਕੁਮਾਰ ਸ਼ਰਮਾ, ਮਨਮੋਹਨ ਭੱਟੀ, ਓਂਕਾਰ ਸੰਧੂ, ਰਾਜਨ ਸ਼ਰਮਾ, ਅਸ਼ੋਕ ਕੁਮਾਰ, ਪਰਮਜੀਤ, ਧਰਮਿੰਦਰ ਕੁਮਾਰ, ਵਿਕਰਮਜੀਤ, ਅਵਿਨਾਸ਼, ਰਜਿੰਦਰ ਰਾਣਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।



# ਹਰਿਆਣਾ ਖ਼ਬਰਨਾਮਾ



## ਨੂੰਹ ਦੇ ਪਿੰਡ ਦਾਦੂ ਵਿੱਚ ਨਵੇਂ ਸਰਕਾਰੀ ਨਰਸਿੰਗ ਕਾਲਜ ਨੂੰ ਮਿਲੀ ਮਨਜ਼ੂਰੀ; ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਵੱਡੀ ਸੌਗਾਤ

**ਚੰਡੀਗੜ੍ਹ 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਸੂਬੇ ਦੇ ਸਿਹਤ ਅਤੇ ਮੈਡੀਕਲ ਸਿੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਨੂੰਹ ਜ਼ਿਲ੍ਹੇ ਦੇ ਪਿੰਡ ਦਾਦੂ ਵਿੱਚ ਨਵਾਂ ਸਰਕਾਰੀ ਨਰਸਿੰਗ ਕਾਲਜ ਸਥਾਪਤ ਕਰਨ ਦੀ ਪ੍ਰਸ਼ਾਸਨਿਕ ਮਨਜ਼ੂਰੀ ਦੇ ਦਿੱਤੀ ਹੈ। ਇਸ ਨਵੇਂ ਸਰਕਾਰੀ ਅਦਾਰੇ ਵਿੱਚ ਸਾਲਾਨਾ 60 ਸੀਟਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਮੇਵਾਤ ਅਤੇ ਆਸਪਾਸ ਖੇਤਰ ਦੇ ਨੌਜਵਾਨਾਂ ਨੂੰ ਆਪਣੇ ਹੀ ਇਲਾਕੇ ਵਿੱਚ ਉੱਚ ਪੱਧਰੀ ਨਰਸਿੰਗ ਅਤੇ ਪੈਰਾਮੈਡੀਕਲ ਸਿੱਖਿਆ ਪ੍ਰਾਪਤ ਕਰਨ ਦਾ ਸਿੱਧਾ ਮੌਕਾ ਮਿਲੇਗਾ।

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਇਸ ਦੂਰਗਾਮੀ ਪ੍ਰੋਜੈਕਟ ਨੂੰ ਦਿੱਤੀ ਗਈ ਹਰੀ ਝੰਡੀ ’ਤੇ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਨੂੰਹ ਵਰਗਾ ਸਮਾਜਿਕ ਅਤੇ ਆਰਥਿਕ ਤੌਰ ’ਤੇ ਪੱਛੜਿਆ ਖੇਤਰ ਲੰਬੇ ਸਮੇਂ ਤੋਂ ਬਿਹਤਰ ਸਿਹਤ ਸੇਵਾਵਾਂ ਅਤੇ ਰੁਜ਼ਗਾਰਮੁਖੀ ਵਿਦਿਅਕ ਸੰਸਥਾਵਾਂ ਦੀ ਉਡੀਕ ਕਰ ਰਿਹਾ ਸੀ। ਪਿੰਡ ਦਾਦੂ ਵਿੱਚ ਇਸ ਕਾਲਜ ਦੀ ਸਥਾਪਨਾ ਨਾਲ ਨਾ ਸਿਰਫ਼ ਸਥਾਨਕ ਪੱਧਰ ’ਤੇ ਸਿਖਲਾਈ ਪ੍ਰਾਪਤ ਨਰਸਿੰਗ ਸਟਾਫ ਤਿਆਰ ਹੋਵੇਗਾ, ਸਗੋਂ ਖੇਤਰ ਦੇ ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਕੇਂਦਰਾਂ ਨੂੰ ਕੁਸ਼ਲ ਜਨਸ਼ਕਤੀ ਮਿਲੇਗੀ। ਖਾਸ ਕਰਕੇ ਸਥਾਨਕ ਧੀਆਂ ਲਈ ਇਹ ਸੰਸਥਾ ਵਰਦਾਨ ਸਾਬਤ ਹੋਵੇਗੀ, ਜਿਨ੍ਹਾਂ ਨੂੰ ਹੁਣ ਨਰਸਿੰਗ ਦੀ ਪੜ੍ਹਾਈ ਲਈ ਦੂਰ-ਦਰਾਡੇ ਦੇ ਸ਼ਹਿਰਾਂ ਵੱਲ ਨਹੀਂ ਜਾਣਾ ਪਵੇਗਾ।

ਰਾਜ ਸਰਕਾਰ ਦਾ ਇਹ ਫ਼ੈਸਲਾ ਨੂੰਹ ਜ਼ਿਲ੍ਹੇ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਅਤੇ ਪੇਂਡੂ ਇਲਾਕਿਆਂ ਵਿੱਚ ਆਧੁਨਿਕ ਮੈਡੀਕਲ ਨੈੱਟਵਰਕ ਦਾ ਵਿਸਤਾਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਿਹਤ ਮੰਤਰੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਨਰਸਿੰਗ ਕਾਲਜ ਨਾ ਸਿਰਫ਼ ਖੇਤਰ ਵਿੱਚ ਸਿਹਤ ਦੇ ਮਿਆਰਾਂ ਨੂੰ ਉੱਚਾ ਚੁੱਕੇਗਾ, ਸਗੋਂ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹ ਕੇ ਪੂਰੇ ਇਲਾਕੇ ਦੇ ਸਮਾਜਿਕ ਆਰਥਿਕ ਦ੍ਰਿਸ਼ਟੀਕੋਣ ਵਿੱਚ ਇੱਕ ਸਕਾਰਾਤਮਕ ਬਦਲਾਅ ਲਿਆਵੇਗਾ।

## ਸੱਭਿਆਚਾਰਕ ਮੰਤਰਾਲੇ ਦੀ ਕੌਮੀ ਆਨਲਾਈਨ ਕੁਇਜ਼ ਮੁਕਾਬਲਾ ਸ਼ੁਰੂ, ਨੌਜਵਾਨ ਅਤੇ ਵਿਦਿਆਰਥੀ ਵੱਧ-ਚੜ੍ਹ ਕੇ ਲੈਣ ਹਿੱਸਾ

**ਚੰਡੀਗੜ੍ਹ, 4 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੱਭਿਆਚਾਰਕ ਮੰਤਰਾਲੇ, ਭਾਰਤ ਸਰਕਾਰ ਵੱਲੋਂ “ਵਿਭਾਜਨ ਵਿਭੀਸ਼ਿਕਾ ਸਿਮ੍ਰਤੀ ਦਿਵਸ” ਦੇ ਮੌਕੇ ਵਿੱਚ ਆਯੋਜਿਤ ਰਾਸ਼ਟਰੀ ਆਨਲਾਈਨ ਕੁਇਜ਼ ਮੁਕਾਬਲਾ ਸ਼ੁਰੂ ਹੋ ਗਿਆ ਹੈ। mygov.in ਦੇ ਸਹਿਯੋਗ ਨਾਲ ਆਯੋਜਿਤ ਇਹ ਰਾਸ਼ਟਰਵਿਆਪੀ ਮੁਕਾਬਲਾ ਆਉਣ ਵਾਲੀ 15 ਸਤੰਬਰ, 2026 ਤੱਕ ਚੱਲੇਗਾ।

ਇੱਕ ਸਰਕਾਰੀ ਬੁਲਾਰੇ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੌਮੀ ਆਨਲਾਈਨ ਕੁਇਜ਼ ਮੁਕਾਬਲੇ ਵਿੱਚ ਨੌਜਵਾਨ, ਸਕੂਲ ਅਤੇ ਕਾਲਜ ਦੇ ਵਿਦਿਆਰਥੀ ਅਤੇ ਆਮ ਨਾਗਰਿਕ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈ ਸਕਦੇ ਹਨ। ਇਹ ਮੁਕਾਬਲਾ ਸਿਰਫ਼ ਇੱਕ ਆਨਲਾਈਨ ਕੁਇਜ਼ ਨਹੀਂ, ਸਗੋਂ ਦੇਸ਼ ਦੇ ਇਤਿਹਾਸ ਦੇ ਮਹੱਤਵਪੂਰਨ ਅਧਿਆਏ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਸਾਰਥਕ ਯਤਨ ਹੈ।

ਉਨ੍ਹਾਂ ਕਿਹਾ ਕਿ ਭਾਰਤ ਵੰਡ ਦੌਰਾਨ ਲੱਖਾਂ ਲੋਕਾਂ ਨੇ ਜਿਨ੍ਹਾਂ ਔਖੇ ਹਾਲਾਤਾਂ ਦਾ ਸਾਹਮਣਾ ਕੀਤਾ, ਉਨ੍ਹਾਂ ਦੇ ਸੰਘਰਸ਼, ਕੁਰਬਾਨੀ ਅਤੇ ਰਾਸ਼ਟਰੀ ਏਕਤਾ ਦੇ ਮਹੱਤਵ ਨੂੰ ਸਮਝਣਾ ਅੱਜ ਦੀ ਨੌਜਵਾਨ ਪੀੜ੍ਹੀ ਲਈ ਜ਼ਰੂਰੀ ਹੈ। ਇਸ ਤਰ੍ਹਾਂ ਦੀ ਪਹਿਲ ਨੌਜਵਾਨਾਂ ਵਿੱਚ ਇਤਿਹਾਸ ਪ੍ਰਤੀ ਜਾਗਰੂਕਤਾ, ਸੰਵੇਦਨਸ਼ੀਲਤਾ ਅਤੇ ਰਾਸ਼ਟਰ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੇਗੀ।

ਉਨ੍ਹਾਂ ਦੱਸਿਆ ਕਿ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ, ਕਾਲਜਾਂ ਅਤੇ ਉੱਚ ਸਿੱਖਿਆ ਸੰਸਥਾਵਾਂ ਦੇ ਅਧਿਆਪਕ ਸਾਹਿਬਾਨ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਵਿੱਚ ਸਹਿਯੋਗ ਕਰਨ।

ਬੁਲਾਰੇ ਨੇ ਦੱਸਿਆ ਕਿ ਮੁਕਾਬਲਾ ਪੂਰੀ ਤਰ੍ਹਾਂ ਮੁਫ਼ਤ ਹੈ ਅਤੇ ਇਸ ਵਿੱਚ ਸਾਰੇ ਭਾਰਤੀ ਨਾਗਰਿਕ ਹਿੱਸਾ ਲੈ ਸਕਦੇ ਹਨ। ਇਹ ਇੱਕ ਸਮਾਂਬੱਧ ਆਨਲਾਈਨ ਕੁਇਜ਼ ਹੋਵੇਗੀ, ਜਿਸ ਵਿੱਚ ਸਫਲਤਾਪੂਰਵਕ ਹਿੱਸਾ ਲੈਣ ਵਾਲੇ ਹਰ ਪ੍ਰਤੀਭਾਗੀ ਨੂੰ MyGov ਵੱਲੋਂ ਡਿਜੀਟਲ ਈ-ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ। ਇੱਛੁਕ ਭਾਗੀਦਾਰ quiz.mygov.in ਪੋਰਟਲ ’ਤੇ ਜਾ ਕੇ ਆਨਲਾਈਨ ਰਜਿਸਟ੍ਰੇਸ਼ਨ ਕਰਕੇ ਮੁਕਾਬਲੇ ਵਿੱਚ ਹਿੱਸਾ ਲੈ ਸਕਦੇ ਹਨ।

## 7 ਸੋਨੇ, 2 ਚਾਂਦੀ ਅਤੇ 2 ਕਾਂਸੀ ਦੇ ਤ.ਗਮੇ ਜਿੱਤ ਕੇ ਖਿਡਾਰੀਆਂ ਨੇ ਫਿਰ ਕੀਤਾ ਸਾਬਤ, ਹਰਿਆਣਾ ਵਿੱਚ ਪ੍ਰਤਿਭਾਵਾਂ ਦੀ ਕੋਈ ਕਮੀ ਨਹੀਂ




**ਚੰਡੀਗੜ੍ਹ, 4 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਾਮਨਵੈਲਥ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 7 ਸੋਨੇ, 2 ਚਾਂਦੀ ਅਤੇ 2 ਕਾਂਸੀ ਸਮੇਤ ਕੁੱਲ 11 ਤਗਮੇ ਜਿੱਤ ਕੇ ਸੂਬੇ ਦਾ ਮਾਣ ਵਧਾਉਣ ਵਾਲੇ ਸਾਰੇ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਹਾਰਦਿਕ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਖਿਡਾਰੀਆਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦੇ ਦਮ ’ਤੇ ਇੱਕ ਵਾਰ ਫਿਰ ਵਿਸ਼ਵ ਪੱਧਰ ’ਤੇ ਸੂਬੇ ਦਾ ਨਾਂ ਰੌਸ਼ਨ ਕੀਤਾ ਹੈ। ਖਿਡਾਰੀਆਂ ਦੀ ਇਹ ਇਤਿਹਾਸਕ ਪ੍ਰਾਪਤੀ ਪੂਰੇ ਸੂਬੇ ਲਈ ਮਾਣ ਅਤੇ ਪ੍ਰੇਰਨਾ ਦਾ ਵਿਸ਼ਾ ਹੈ।

ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਸੱਤ ਸੋਨ ਤਗ਼ਮਿਆਂ ਸਮੇਤ ਗਿਆਰਾਂ ਤਗ਼ਮੇ ਜਿੱਤਣਾ ਹਰਿਆਣਾ ਲਈ ਮਾਣ ਵਾਲੀ ਗੱਲ ਹੈ। ਖਿਡਾਰੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਹਰਿਆਣਾ ਦੀ ਧਰਤੀ ’ਤੇ ਪ੍ਰਤਿਭਾਵਾਂ ਦੀ ਕੋਈ ਕਮੀ ਨਹੀਂ ਹੈ। ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਦੇ ਬਲਬੂਤੇ ਸੂਬੇ ਦੇ ਖਿਡਾਰੀਆਂ ਨੇ ਦੁਨੀਆ ਦੇ ਵੱਡੇ ਖੇਡ ਮੰਚ ’ਤੇ ਦੇਸ਼ ਅਤੇ ਹਰਿਆਣਾ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਵਿੱਚ ਹਰਿਆਣਾ ਦੀਆਂ ਧੀਆਂ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ। ਮਹਿਲਾ ਖਿਡਾਰੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਨਾ ਸਿਰਫ਼ ਤਗ਼ਮੇ ਜਿੱਤੇ, ਸਗੋਂ ਸੂਬੇ ਦੀਆਂ ਧੀਆਂ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਦੀ ਸਫਲਤਾ ਇਹ ਸੰਦੇਸ਼ ਦਿੰਦੀ ਹੈ ਕਿ ਧੀਆਂ ਨੂੰ ਮੌਕਾ ਅਤੇ ਸਹੀ ਮੰਚ ਮਿਲੇ ਤਾਂ ਉਹ ਹਰ ਖੇਤਰ ਵਿੱਚ ਦੇਸ਼ ਦਾ ਮਾਣ ਵਧਾ ਸਕਦੀਆਂ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਖੇਡਾਂ ਪ੍ਰਤੀ ਸਕਾਰਾਤਮਕ ਮਾਹੌਲ ਤਿਆਰ ਹੋਇਆ ਹੈ। ਖੇਡੋ ਇੰਡੀਆ ਵਰਗੀਆਂ ਪਹਿਲਕਦਮੀਆਂ ਅਤੇ ਖਿਡਾਰੀਆਂ ਨੂੰ ਮਿਲ ਰਹੇ ਉਤਸ਼ਾਹ ਨਾਲ ਦੇਸ਼ ਦੀਆਂ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਣ ਦਾ ਮੌਕਾ ਮਿਲ ਰਿਹਾ ਹੈ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਅਤੇ ਪ੍ਰੋਤਸਾਹਨ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਖਿਡਾਰੀਆਂ ਦੀ ਇਹ ਪ੍ਰਾਪਤੀ ਸਿਰਫ਼ ਤਗ਼ਮਿਆਂ ਦੀ ਗਿਣਤੀ ਨਹੀਂ ਹੈ, ਸਗੋਂ ਇਹ ਸੂਬੇ ਦੀ ਖੇਡ ਪ੍ਰਤਿਭਾ, ਮਿਹਨਤ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਮਾਣ ਹੈ। ਪਿੰਡਾਂ ਅਤੇ ਛੋਟੇ ਸ਼ਹਿਰਾਂ ਵਿੱਚੋਂ ਨਿਕਲ ਕੇ ਖਿਡਾਰੀ ਅੱਜ ਅੰਤਰਰਾਸ਼ਟਰੀ ਮੰਚ ’ਤੇ ਤਿਰੰਗੇ ਦੀ ਸ਼ਾਨ ਵਧਾ ਰਹੇ ਹਨ। ਮੰਤਰੀ ਨੇ ਕਿਹਾ ਕਿ ਸਰਕਾਰ ਦਾ ਯਤਨ ਹੈ ਕਿ ਸੂਬੇ ਦੇ ਹਰ ਪ੍ਰਤਿਭਾਸ਼ਾਲੀ ਨੌਜਵਾਨ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਬਿਹਤਰ ਸਿਖਲਾਈ, ਸਹੂਲਤਾਂ ਅਤੇ ਮੌਕੇ ਮਿਲਣ। ਉਨ੍ਹਾਂ ਉਮੀਦ ਜਤਾਈ ਕਿ ਹਰਿਆਣਾ ਦੇ ਖਿਡਾਰੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇਸ਼ ਦਾ ਤਿਰੰਗਾ ਉੱਚਾ ਕਰਦੇ ਹੋਏ ਪ੍ਰਦੇਸ਼ ਦਾ ਨਾਂ ਰੌਸ਼ਨ ਕਰਦੇ ਰਹਿਣਗੇ।

## ਕਾਂਗਰਸ ਦੀ ਰਾਜਨੀਤੀ ਨੌਜਵਾਨਾਂ, ਦਲਿਤਾਂ ਅਤੇ ਪਛੜਿਆਂ ਦੇ ਹਿੱਤ ਵਿੱਚ ਨਹੀਂ, ਸਿਰ.ਫ ਵੋਟ ਬੈਂਕ ਲਈ ਰਹੀ ਹੈ : ਨਾਇਬ ਸਿੰਘ ਸੈਣੀ

**ਚੰਡੀਗੜ੍ਹ 4 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਕਾਂਗਰਸ ਨੇ ਹਮੇਸ਼ਾ ਵੋਟ ਬੈਂਕ ਦੀ ਰਾਜਨੀਤੀ ਕੀਤੀ ਹੈ ਅਤੇ ਗ਼ਰੀਬ, ਪਛੜੇ ਅਤੇ ਅਨੁਸੂਚਿਤ ਜਾਤੀ ਸਮਾਜ ਦੇ ਨਾਂ ’ਤੇ ਸਿਰਫ਼ ਰਾਜਨੀਤਕ ਲਾਹਾ ਲਿਆ ਹੈ। ਜਿਸ ਚਰਨਜੀਤ ਸਿੰਘ ਚੰਨੀ ਨੇ ਪੰਜਾਬ ਕਾਂਗਰਸ ਦਾ ਔਖੇ ਹਾਲਾਤ ਵਿੱਚ ਸਾਥ ਦਿੱਤਾ, ਅੱਜ ਉਨ੍ਹਾਂ ਨੂੰ ਪਾਸੇ ਕੀਤਾ ਜਾ ਰਿਹਾ ਹੈ। ਇੱਕ ਤਰ੍ਹਾਂ ਨਾਲ ਕਾਂਗਰਸ ਨੇ ਦਲਿਤਾਂ ਅਤੇ ਪਛੜਿਆਂ ਦਾ ਅਪਮਾਨ ਕਰਨ ਦਾ ਕੰਮ ਕੀਤਾ ਹੈ, ਜੋ ਕਿ ਮੰਦਭਾਗਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਹਰਿਆਣਾ ਨਿਵਾਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੀਟ ਪੇਪਰ ਮਾਮਲੇ ’ਤੇ ਕੇਂਦਰ ਸਰਕਾਰ ਵੱਲੋਂ ਕੀਤੀ ਗਈ ਕਾਰਵਾਈ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਂਗਰਸ ਅਤੇ ਇੰਡੀ ਗਠਜੋੜ ਨੇ ਹਮੇਸ਼ਾ ਨੌਜਵਾਨਾਂ ਨੂੰ ਗੁੰਮਰਾਹ ਕਰਨ ਦਾ ਕੰਮ ਕੀਤਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸੰਪੂਰਨ ਜੀਵਨ ਦੇਸ਼ ਦੇ ਹਰ ਵਰਗ ਦੇ ਭਲੇ ਲਈ ਸਮਰਪਿਤ ਹੈ।



ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇਸ਼ ਦੀ ਸੇਵਾ ਵਿੱਚ ਲਗਾਤਾਰ ਕੰਮ ਕਰ ਰਹੇ ਹਨ ਅਤੇ ਨੌਜਵਾਨਾਂ ਦੇ ਭਵਿੱਖ ਦੀ ਸੁਰੱਖਿਆ ਉਨ੍ਹਾਂ ਦੀ ਸਰਵਉੱਚ ਤਰਜੀਹਾਂ ਵਿੱਚ ਸ਼ਾਮਲ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੇਪਰ ਲੀਕ ਵਰਗੇ ਮਾਮਲਿਆਂ ’ਤੇ ਕੇਂਦਰ ਸਰਕਾਰ ਨੇ ਸਖ਼ਤ ਕਾਨੂੰਨ ਬਣਾਏ, ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਅਤੇ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਇਆ।

ਮੁੱਖ ਮੰਤਰੀ ਨੇ ਕਿਹਾ ਕਿ ਪੇਪਰ ਲੀਕ ਮਾਮਲੇ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਬਹੁਤ ਗੰਭੀਰਤਾ ਨਾਲ ਲਿਆ ਅਤੇ ਸਪੱਸ਼ਟ ਸੁਨੇਹਾ ਦਿੱਤਾ ਕਿ ਦੇਸ਼ ਦੇ ਕਿਸੇ ਵੀ ਨੌਜਵਾਨ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਨੌਜਵਾਨਾਂ ਦੇ ਸੁਪਨਿਆਂ ਅਤੇ ਉਨ੍ਹਾਂ ਦੇ ਭਵਿੱਖ ਨਾਲ ਖੇਡਣ ਦਾ ਕੋਈ ਹੱਕ ਨਹੀਂ ਹੈ।

**ਨਵੀਂ ਪੀੜ੍ਹੀ ਨਹੀਂ ਜਾਣਦੀ ਕਾਂਗਰਸ ਦਾ ਵਤੀਰਾ**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੇ ਕਾਂਗਰਸ ਦੇ ਸ਼ਾਸਨਕਾਲ ਦੇ ਹਾਲਾਤ ਨੂੰ ਨਹੀਂ ਦੇਖਿਆ ਹੈ। ਉਸ ਸਮੇਂ ਭਰਤੀ ਪ੍ਰਕਿਰਿਆਵਾਂ ਵਿੱਚ ਪਾਰਦਰਸ਼ਤਾ ਦੀ ਤਾਂ ਘਾਟ ਸੀ ਹੀ, ਨਾਲ ਹੀ ਪੇਪਰ ਦੇਣ ਤੱਕ ਲਈ ਬੱਸਾਂ ਦੀਆਂ ਛੱਤਾਂ ’ਤੇ ਲਟਕ ਕੇ ਜਾਣਾ ਪੈਂਦਾ ਸੀ।

ਪੇਪਰ ਲੀਕ ਹੋਣ ’ਤੇ ਤਾਂ ਕੋਈ ਸੁਣਵਾਈ ਤੱਕ ਨਹੀਂ ਕੀਤੀ ਜਾਂਦੀ ਸੀ, ਨੌਜਵਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਕਾਂਗਰਸ ਨੇ ਸਾਲਾਂ ਤੱਕ ਵੋਟ ਬੈਂਕ ਦੀ ਰਾਜਨੀਤੀ ਲਈ ਨੌਜਵਾਨਾਂ ਦੇ ਭਵਿੱਖ ਦੀ ਅਣਦੇਖੀ ਕੀਤੀ। ਦੇਸ਼ ਦੀ ਜਨਤਾ ਹੁਣ ਕਾਂਗਰਸ ਅਤੇ ਇੰਡੀ ਗਠਜੋੜ ਦੀ ਰਾਜਨੀਤੀ ਨੂੰ ਸਮਝ ਚੁੱਕੀ ਹੈ, ਜਨਤਾ ਇਨ੍ਹਾਂ ਦੇ ਝਾਂਸੇ ਵਿੱਚ ਆਉਣ ਵਾਲੀ ਨਹੀਂ ਹੈ।

ਪੰਜਾਬ ਵਿਧਾਨ ਸਭਾ ਵਿੱਚ ਪੇਪਰ ਲੀਕ ’ਤੇ ਪਾਸ ਕੀਤੇ ਗਏ ਨਿੰਦਾ ਮਤੇ ਨਾਲ ਸਬੰਧਤ ਇੱਕ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੀ ਪੰਜਾਬ ਸਰਕਾਰ ਨੇ ਆਪਣੇ ਰਾਜ ਵਿੱਚ ਫ਼ਾਰਮੇਸੀ ਦੇ ਪੇਪਰ ਲੀਕ ਨੂੰ ਲੈ ਕੇ ਵੀ ਕੋਈ ਨਿੰਦਾ ਮਤਾ ਪਾਸ ਕੀਤਾ ਹੈ ? ਉਨ੍ਹਾਂ ਪੰਜਾਬ ਦਾ ਜ਼ਿਕਰ ਕਰਦਿਆਂ ਕਿਹਾ ਕਿ ਉੱਥੇ ਹਾਲ ਹੀ ਵਿੱਚ ਭਰਤੀ ਪ੍ਰੀਖਿਆ ਦੇ ਨਤੀਜੇ ਵਿੱਚ ਜਿਸ ਤਰ੍ਹਾਂ ਦੇ ਨਾਵਾਂ ਵਾਲੇ ਉਮੀਦਵਾਰ ਪਾਸ ਹੋਏ ਹਨ, ਉਹ ਉੱਥੇ ਦੇ ਨੌਜਵਾਨਾਂ ਨਾਲ ਹੋ ਰਹੇ ਧੋਖੇ ਨੂੰ ਖ਼ੁਦ ਬਿਆਨ ਕਰ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨਾਲ ਜੁੜੇ ਮੁੱਦਿਆਂ ’ਤੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਜਵਾਬ ਦੇਣਾ ਚਾਹੀਦਾ ਹੈ। ਆਮ ਆਦਮੀ ਪਾਰਟੀ ਦੇ ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਸੀ ਕਿ ਜੇਕਰ ਪੰਜਾਬ ਵਿੱਚ ਪੇਪਰ ਲੀਕ ਹੋਵੇਗਾ ਤਾਂ ਸਿੱਖਿਆ ਮੰਤਰੀ ਦਾ ਅਸਤੀਫ਼ਾ ਲਿਆ ਜਾਵੇਗਾ। ਹੁਣ ਅਜਿਹੀਆਂ ਘਟਨਾਵਾਂ ’ਤੇ ਉਨ੍ਹਾਂ ਦੀ ਚੁੱਪ ਦੱਸਦੀ ਹੈ ਕਿ ਉਨ੍ਹਾਂ ਦੀ ਕਥਨੀ ਅਤੇ ਕਰਨੀ ਵਿੱਚ ਕਿੰਨਾ ਫ਼ਰਕ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੂੰ ਪਹਿਲਾਂ ਇਹ ਦੱਸਣਾ ਚਾਹੀਦਾ ਹੈ ਕਿ ਕਾਂਗਰਸ ਨੇ ਆਪਣੇ ਸ਼ਾਸਨਕਾਲ ਵਿੱਚ ਨੌਜਵਾਨਾਂ ਲਈ ਕੀ ਕੀਤਾ।

**ਭਰਤੀ ਰੋਕੋ ਗੈਂਗ ’ਤੇ ਵੀ ਸਾਧਿਆ ਨਿਸ਼ਾਨਾ**

ਉਨ੍ਹਾਂ ਕਿਹਾ ਕਿ ਹਰਿਆਣਾ ਦੀ ਮੌਜੂਦਾ ਡਬਲ ਇੰਜਣ ਸਰਕਾਰ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਹਨ ਅਤੇ ਭਰਤੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਮੈਰਿਟ ਆਧਾਰਿਤ ਬਣਾਇਆ ਹੈ। ਅੱਜ ਯੋਗ ਨੌਜਵਾਨਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਮੌਕੇ ਮਿਲ ਰਹੇ ਹਨ।

ਮੁੱਖ ਮੰਤਰੀ ਨੇ ਭਰਤੀ ਨਾਲ ਸਬੰਧਤ ਪ੍ਰਕਿਰਿਆ ਵਿੱਚ ਲੱਗਣ ਵਾਲੇ ਸਮੇਂ ਬਾਰੇ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਹਰਿਆਣਾ ਵਿੱਚ ਕੁਝ ਅਜਿਹੇ ਅਨਸਰ ਸਰਗਰਮ ਹਨ, ਜੋ ਭਰਤੀ ਰੋਕੋ ਗੈਂਗ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਲੋਕ ਪਾਰਦਰਸ਼ੀ ਭਰਤੀ ਪ੍ਰਕਿਰਿਆ ਨੂੰ ਅੜਿੱਕਾ ਡਾਹੁਣ ਦਾ ਯਤਨ ਕਰਦੇ ਹਨ, ਪਰ ਸਰਕਾਰ ਕਿਸੇ ਵੀ ਸਾਜ਼ਿਸ਼ ਨੂੰ ਸਫ਼ਲ ਨਹੀਂ ਹੋਣ ਦੇਵੇਗੀ।

## ਠੇਕਾ ਕਰਮਚਾਰੀਆਂ ਨੂੰ ਸੇਵਾ ਸੁਰੱਖਿਆ ਕਾਨੂੰਨ ਦੇ ਦਾਇਰੇ ਵਿੱਚ ਲਿਆਉਣ ਲਈ ਕਮੇਟੀ ਦਾ ਗਠਨ

**ਚੰਡੀਗੜ੍ਹ, 4 ਅਗਸਤ**
**-ਹਰਮਨਪ੍ਰੀਤ ਕੌਰ-**

ਹਰਿਆਣਾ ਸਰਕਾਰ ਨੇ ਹਰਿਆਣਾ ਠੇਕਾ ਕਰਮਚਾਰੀ (ਸੇਵਾ ਸੁਰੱਖਿਆ) ਐਕਟ, 2024 ਅਤੇ ਨਿਯਮ, 2025 ਦੇ ਤਹਿਤ ਵੱਖ-ਵੱਖ ਸੰਗਠਨਾਂ ਨੂੰ ਸੇਵਾ ਸੁਰੱਖਿਆ ਪੋਰਟਲ ਦੇ ਦਾਇਰੇ ਵਿੱਚ ਸ਼ਾਮਲ ਕਰਨ ਲਈ ਵਿੱਤ ਅਤੇ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਦੀ ਪ੍ਰਧਾਨਗੀ ਹੇਠ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਹੈ। ਇਸ ਦੇ ਨਾਲ ਹੀ, ਵੱਖ-ਵੱਖ ਸ਼੍ਰੇਣੀਆਂ ਦੇ ਠੇਕਾ ਕਰਮਚਾਰੀਆਂ ਲਈ ਸੇਵਾ ਸੁਰੱਖਿਆ ਵੈੱਬ ਪੋਰਟਲ ’ਤੇ ਰਜਿਸਟ੍ਰੇਸ਼ਨ ਅਤੇ ਤਸਦੀਕ ਦੀ ਸਮਾਂ-ਸੀਮਾ ਵੀ ਵਧਾ ਦਿੱਤੀ ਗਈ ਹੈ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਦੁਆਰਾ ਜਾਰੀ ਹੁਕਮਾਂ ਅਨੁਸਾਰ ਸੰਬੰਧਿਤ ਸੰਗਠਨ ਦੇ ਪ੍ਰਸ਼ਾਸਕੀ ਸਕੱਤਰ ਅਤੇ ਮਨੁੱਖੀ ਸਰੋਤ ਵਿਭਾਗ ਦੇ ਵਿਸ਼ੇਸ਼ ਸਕੱਤਰ ਇਸ ਕਮੇਟੀ ਦੇ ਮੈਂਬਰ ਹੋਣਗੇ। ਇਸ ਤੋਂ ਇਲਾਵਾ, ਹਰਿਆਣਾ ਦੇ ਐਡਵੋਕੇਟ ਜਨਰਲ ਦੇ ਪ੍ਰਤੀਨਿਧੀ (ਵਧੀਕ ਐਡਵੋਕੇਟ ਜਨਰਲ ਦੇ ਰੈਂਕ ਤੋਂ ਘੱਟ ਨਹੀਂ) ਨੂੰ ਕਾਨੂੰਨੀ ਸਲਾਹਕਾਰ ਵਜੋਂ ਸ਼ਾਮਲ ਕੀਤਾ ਗਿਆ ਹੈ।

ਇਹ ਕਮੇਟੀ ਐਕਟ ਵਿੱਚ ਪਰਿਭਾਸ਼ਿਤ ਅਥਾਰਟੀ ਦੀ ਸ਼੍ਰੇਣੀ ਵਿੱਚ ਆਉਣ ਵਾਲੀਆਂ ਸੰਸਥਾਵਾਂ ਸੰਬੰਧੀ ਪ੍ਰਾਪਤ ਪ੍ਰਸਤਾਵਾਂ ਦੀ ਜਾਂਚ ਕਰਕੇ ਯੋਗ ਸੰਸਥਾਵਾਂ ਦੀ ਪ੍ਰਮਾਣਿਤ ਸੂਚੀ ਤਿਆਰ ਕਰੇਗੀ। ਇਸ ਤੋਂ ਇਲਾਵਾ, ਵੱਖ-ਵੱਖ ਸੰਗਠਨਾਂ ਦੁਆਰਾ ਆਪਣੇ ਸੰਬੰਧਿਤ ਪ੍ਰਸ਼ਾਸਕੀ ਸਕੱਤਰਾਂ ਰਾਹੀਂ ਏਜੰਡਾ ਨੋਟ ਸਮੇਤ ਭੇਜੇ ਜਾਣ ਵਾਲੇ ਪ੍ਰਸਤਾਵਾਂ ਦਾ ਮੁਲਾਂਕਣ ਕਰੇਗੀ। ਕਮੇਟੀ ਹਰਿਆਣਾ ਅਨੁਬੰਧ ਕਰਮਚਾਰੀ (ਸੇਵਾ ਸੁਰੱਖਿਆ) ਐਕਟ, 2024 ਦੀ ਧਾਰਾ 2(ਐੱਫ) ਵਿੱਚ ਵਰਣਿਤ ਅਥਾਰਟੀ ਦੀ ਪਰਿਭਾਸ਼ਾ ਦੇ ਅਨੁਸਾਰ ਸੰਸਥਾਵਾਂ ਨੂੰ ਸ਼ਾਮਲ ਕਰਨ ਲਈ ਖਾਸ ਅਤੇ ਉਦੇਸ਼ਪੂਰਨ ਮਾਪਦੰਡ ਵੀ ਤੈਅ ਕਰੇਗੀ।

ਇਸੇ ਲੜੀ ਵਿੱਚ ਸੂਬਾ ਸਰਕਾਰ ਨੇ www.securedemployees.cs haryana.gov.in ਪੋਰਟਲ ’ਤੇ ਵੱਖ-ਵੱਖ ਪੜਾਵਾਂ ਦੀ ਸਮਾਂ-ਸੀਮਾ ਵਧਾਉਣ ਦਾ ਵੀ ਫ਼ੈਸਲਾ ਕੀਤਾ ਹੈ। ਇਹ ਵਾਧਾ ਚਾਰ ਸ਼੍ਰੇਣੀਆਂ ਦੇ ਅਨੁਬੰਧਕ ਕਰਮਚਾਰੀਆਂ - ਸਕੂਲ ਸਿੱਖਿਆ ਵਿਭਾਗ ਦੇ ਕੰਪਿਊਟਰ ਫੈਕਲਟੀ, ਕੰਪਿਊਟਰ ਲੈਬ ਅਟੈਂਡੈਂਟ, ਡੀ.ਆਈ.ਟੀ.ਐੱਸ. (ਹਰਟ੍ਰੋਨ ਨੂੰ ਛੱਡ ਕੇ) ਰਾਹੀਂ ਨਿਯੁਕਤ ਠੇਕਾ ਕਰਮਚਾਰੀਆਂ ਅਤੇ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਦੇ ਠੇਕਾ ਕਰਮਚਾਰੀਆਂ ਲਈ ਲਾਗੂ ਹੋਵੇਗਾ।

ਸੋਧੇ ਹੋਏ ਪ੍ਰੋਗਰਾਮ ਅਨੁਸਾਰ ਯੋਗ ਕਰਮਚਾਰੀ 7 ਅਗਸਤ ਤੱਕ ਪੋਰਟਲ ’ਤੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਣਗੇ। ਇਸ ਤੋਂ ਬਾਅਦ ਸੰਬੰਧਿਤ ਡੀ.ਡੀ.ਓ. ਦੁਆਰਾ ਅਰਜ਼ੀਆਂ ਦੀ ਤਸਦੀਕ 14 ਅਗਸਤ ਤੱਕ ਅਤੇ ਸੰਬੰਧਿਤ ਵਿਭਾਗ ਦੇ ਮੁਖੀ ਵੱਲੋਂ ਤਸਦੀਕ 21 ਅਗਸਤ, 2026 ਤੱਕ ਕੀਤੀ ਜਾਵੇਗੀ।

ਮੁੱਖ ਸਕੱਤਰ ਨੇ ਸਾਰੇ ਸੰਬੰਧਿਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਤੈਅ ਸਮਾਂ-ਸੀਮਾ ਦੇ ਅੰਦਰ ਸਾਰੀਆਂ ਪ੍ਰਕਿਰਿਆਵਾਂ ਨੂੰ ਪੂਰਾ ਕਰਨਾ ਯਕੀਨੀ ਬਣਾਉਣ। ਇਸ ਦੇ ਨਾਲ ਹੀ, ਸਮਾਂ-ਸੀਮਾ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਪ੍ਰਕਿਰਿਆ ਵਿੱਚ ਕਿਸੇ ਵੀ ਕਿਸਮ ਦੀ ਦੇਰੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।

## ਮੁੱਖ ਸਕੱਤਰ ਨੇ ਵੱਖ-ਵੱਖ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਕੀਤੀ ਸਮੀਖਿਆ

**ਚੰਡੀਗੜ੍ਹ 4 ਅਗਸਤ**
**-ਛਤਰਪਾਲ ਸਿੰਘ-**

ਹਰਿਆਣਾ ਵਿੱਚ ਡਰੋਨ ਤਕਨਾਲੋਜੀ ਸੁਸ਼ਾਸਨ ਦਾ ਅਭਿੰਨ ਅੰਗ ਬਣਨ ਜਾ ਰਹੀ ਹੈ। ਸੂਬੇ ਵਿੱਚ ਗੈਰ-ਕਾਨੂੰਨੀ ਨਿਰਮਾਣ, ਗੈਰ-ਕਾਨੂੰਨੀ ਖਣਨ, ਨਾਗਰਿਕ ਬੁਨਿਆਦੀ ਢਾਂਚੇ, ਲਿਗੇਸੀ ਵੇਸਟ ਵਾਲੀਆਂ ਥਾਵਾਂ ਅਤੇ ਪ੍ਰਦੂਸ਼ਣ ਦੀ ਪ੍ਰਭਾਵੀ ਨਿਗਰਾਨੀ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਿਤ ਨਿਗਰਾਨੀ ਅਤੇ ਉੱਚ-ਰੈਜ਼ੋਲੂਸ਼ਨ ਭੂ-ਸਥਾਨਕ (ਜਿਓਸਪੈਸ਼ਲ) ਮੈਪਿੰਗ ਦੀ ਵਰਤੋਂ ਕੀਤੀ ਜਾਵੇਗੀ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਅੱਜ ਇੱਥੇ ਡਰੋਨ ਇਮੇਜਿੰਗ ਐਂਡ ਇਨਫਰਮੇਸ਼ਨ ਸਰਵਿਸਿਜ਼ ਆਫ ਹਰਿਆਣਾ (ਦ੍ਰਿਸ਼ਿਆ) ਦੇ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਵੱਖ-ਵੱਖ ਤਕਨੀਕੀ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਇਨ੍ਹਾਂ ਨੂੰ ਜਲਦੀ ਲਾਗੂ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਸਬੂਤ-ਆਧਾਰਿਤ ਸੁਸ਼ਾਸਨ, ਰੈਗੂਲੇਟਰੀ ਲਾਗੂਕਰਨ ਅਤੇ ਜਨਤਕ ਸੇਵਾ ਵੰਡ ਨੂੰ ਹੋਰ ਪ੍ਰਭਾਵੀ ਬਣਾਇਆ ਜਾ ਸਕੇ।

ਮੀਟਿੰਗ ਵਿੱਚ ਏ.ਆਈ. ਆਧਾਰਿਤ ਚੇਂਜ ਡਿਟੈਕਸ਼ਨ ਐਪਲੀਕੇਸ਼ਨ ਦੀ ਪ੍ਰਗਤੀ ਦੀ ਸਮੀਖਿਆ ਵੀ ਕੀਤੀ ਗਈ। ਇਸ ਐਪਲੀਕੇਸ਼ਨ ਨੂੰ ਉੱਚ-ਰੈਜ਼ੋਲੂਸ਼ਨ ਡਰੋਨ ਇਮੇਜਰੀ ਰਾਹੀਂ ਗੈਰ-ਕਾਨੂੰਨੀ ਨਿਰਮਾਣ ਅਤੇ ਕਬਜ਼ਿਆਂ ਦੀ ਆਪਣੇ-ਆਪ ਪਛਾਣ ਕਰਨ ਲਈ ਵਿਕਸਤ ਕੀਤਾ ਗਿਆ ਹੈ। ਇਸ ਤਹਿਤ ਫ਼ਰੀਦਾਬਾਦ, ਹਿਸਾਰ, ਕਰਨਾਲ, ਪਾਣੀਪਤ ਅਤੇ ਯਮੁਨਾਨਗਰ ਵਿੱਚ ਲਗਭਗ 800 ਵਰਗ ਕਿਲੋਮੀਟਰ ਖੇਤਰ ਦਾ ਡਿਜੀਟਲ ਨਕਸ਼ਾ ਤਿਆਰ ਕੀਤਾ ਜਾ ਚੁੱਕਾ ਹੈ, ਜਿਸ ਨਾਲ ਸ਼ਹਿਰੀ ਯੋਜਨਾਬੰਦੀ, ਨਿਗਰਾਨੀ ਅਤੇ ਕਾਨੂੰਨ ਲਾਗੂ ਕਰਨ ਲਈ ਰਾਜ ਦਾ ਸਭ ਤੋਂ ਵੱਡਾ ਭੂ-ਸਥਾਨਕ ਡਾਟਾਬੇਸ ਤਿਆਰ ਹੋ ਰਿਹਾ ਹੈ। ਮੁੱਖ ਸਕੱਤਰ ਨੇ ਗੁਰੂਗ੍ਰਾਮ ਵਿੱਚ ‘ਦ੍ਰਿਸ਼ਿਆ’ ਵੱਲੋਂ ਕੀਤੇ ਜਾ ਰਹੇ ਨਗਰ ਨਿਗਮ ਜਾਇਦਾਦਾਂ ਦੇ ਡਿਜੀਟਲ ਮੈਪਿੰਗ ਕਾਰਜ ਦੀ ਵੀ ਸਮੀਖਿਆ ਕੀਤੀ।



ਕ੍ਰਿਡ ਦੇ ਕਮਿਸ਼ਨਰ ਅਤੇ ਸਕੱਤਰ ਸ਼੍ਰੀ ਜੇ. ਗਣੇਸ਼ਨ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਸੜਕਾਂ ਦੇ ਨੈਟਵਰਕ, ਫੁੱਟਪਾਥ, ਸੈਂਟਰਲ ਵਰਜ ਅਤੇ ਬਰਮ ਦਾ ਡਿਜੀਟਲੀਕਰਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਲਗਭਗ 60 ਹਜ਼ਾਰ ਮੈਨਹੋਲ ਅਤੇ ਗਲੀ ਟਰੈਪਾਂ ਦਾ ਸੈਂਟੀਮੀਟਰ ਪੱਧਰ ਦੀ ਸ਼ੁੱਧਤਾ ਨਾਲ ਜਿਓ-ਰੈਫਰੈਂਸਿੰਗ ਕੀਤਾ ਜਾ ਰਿਹਾ ਹੈ। ਇਸ ਨਾਲ ਸ਼ਹਿਰੀ ਬੁਨਿਆਦੀ ਢਾਂਚੇ ਦੇ ਪ੍ਰਬੰਧਨ, ਰੱਖ-ਰਖਾਅ ਦੀ ਯੋਜਨਾਬੰਦੀ ਅਤੇ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇਗਾ।

ਮੀਟਿੰਗ ਵਿੱਚ ਖਾਨਕ ਸਟੋਨ ਮਾਈਨਜ਼ ਵਿੱਚ ਡਰੋਨ ਆਧਾਰਿਤ ਮਾਸਿਕ ਨਿਗਰਾਨੀ ਦੀ ਵੀ ਸਮੀਖਿਆ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਹੁਣ ਤੱਕ ਡਰੋਨ ਸਰਵੇਖਣ ਦੇ ਅੱਠ ਪੜਾਅ ਪੂਰੇ ਹੋ ਚੁੱਕੇ ਹਨ ਅਤੇ ਛੇ ਪੜਾਵਾਂ ਦੀ ਵੋਲਿਊਮੈਟ੍ਰਿਕ ਅਸੈਸਮੈਂਟ ਰਿਪੋਰਟ ਤਿਆਰ ਕਰ ਲਈ ਗਈ ਹੈ। ਇਸ ਪਹਿਲਕਦਮੀ ਨਾਲ ਉੱਨਤ ਭੂ-ਸਥਾਨਕ ਵਿਸ਼ਲੇਸ਼ਣ ਰਾਹੀਂ ਖਣਨ ਗਤੀਵਿਧੀਆਂ ਦੀ ਵਿਗਿਆਨਕ ਨਿਗਰਾਨੀ ਅਤੇ ਖੁਦਾਈ ਦੀ ਅਸਲ ਮਾਤਰਾ ਦਾ ਸਹੀ ਅੰਦਾਜ਼ਾ ਲਗਾਉਣਾ ਸੰਭਵ ਹੋ ਸਕਿਆ ਹੈ। ਇਸ ਤੋਂ ਇਲਾਵਾ ਸਵੱਛ ਭਾਰਤ ਮਿਸ਼ਨ-ਸ਼ਹਿਰੀ 2.0 ਤਹਿਤ ਲਿਗੇਸੀ ਵੇਸਟ ਵਾਲੀਆਂ ਥਾਵਾਂ ਦੇ ਡਰੋਨ ਆਧਾਰਿਤ ਵੋਲਿਊਮੈਟ੍ਰਿਕ ਮੁਲਾਂਕਣ ਦੀ ਵੀ ਸਮੀਖਿਆ ਕੀਤੀ ਗਈ।

ਸ੍ਰੀ ਜੇ. ਗਣੇਸ਼ਨ ਨੇ ਦੱਸਿਆ ਕਿ ਰਾਜ ਦੇ 16 ਨਗਰ ਪ੍ਰੀਸ਼ਦਾਂ ਵਿੱਚ ਸਰਵੇਖਣ ਪੂਰਾ ਕਰਕੇ ਸਬੰਧਤ ਅਧਿਕਾਰੀਆਂ ਨੂੰ ਰਿਪੋਰਟ ਸੌਂਪ ਦਿੱਤੀ ਗਈ ਹੈ, ਜਿਸ ਨਾਲ ਪੁਰਾਣੇ ਕੂੜੇ ਦੇ ਸਥਾਨਾਂ ਦੇ ਵਿਗਿਆਨਕ ਇਲਾਜ ਅਤੇ ਲੈਂਡਫਿਲ ਪ੍ਰਬੰਧਨ ਨੂੰ ਬਿਹਤਰ ਬਣਾਇਆ ਜਾ ਸਕੇਗਾ।

ਮੀਟਿੰਗ ਵਿੱਚ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਲਈ ਪ੍ਰਮੁੱਖ ਨਾਲਿਆਂ ਦੇ ਡਰੋਨ ਸਰਵੇਖਣ, ਥਰਮਲ ਇਮੇਜਿੰਗ ਅਤੇ ਵੀਡੀਓਗ੍ਰਾਫੀ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਇਸ ਪ੍ਰੋਜੈਕਟ ਦਾ ਉਦੇਸ਼ ਗੈਰ-ਕਾਨੂੰਨੀ ਗੰਦੇ ਪਾਣੀ ਦੀ ਨਿਕਾਸੀ ਵਾਲੇ ਬਿੰਦੂਆਂ ਦੀ ਪਛਾਣ ਕਰਨਾ, ਪ੍ਰਦੂਸ਼ਣ ਵਾਲੇ ਸੰਵੇਦਨਸ਼ੀਲ ਖੇਤਰਾਂ ’ਤੇ ਨਿਗਰਾਨੀ ਰੱਖਣਾ ਅਤੇ ਵਾਤਾਵਰਣ ਸੰਬੰਧੀ ਉਲੰਘਣਾਵਾਂ ’ਤੇ ਪ੍ਰਭਾਵੀ ਕਾਰਵਾਈ ਯਕੀਨੀ ਬਣਾਉਣਾ ਹੈ। ਕਈ ਪ੍ਰਮੁੱਖ ਨਾਲਿਆਂ ਦਾ ਸਰਵੇਖਣ ਪੂਰਾ ਹੋ ਚੁੱਕਾ ਹੈ, ਜਦੋਂ ਕਿ ਬਾਕੀ ਖੇਤਰਾਂ ਵਿੱਚ ਕੰਮ ਜਾਰੀ ਹੈ।

ਸ੍ਰੀ ਜੇ. ਗਣੇਸ਼ਨ ਨੇ ਦੱਸਿਆ ਕਿ ਇਨ੍ਹਾਂ ਸਾਰੇ ਪ੍ਰੋਜੈਕਟਾਂ ਵਿੱਚ ਡਿਫਰੈਂਸ਼ੀਅਲ ਗਲੋਬਲ ਪੋਜੀਸ਼ਨਿੰਗ ਸਿਸਟਮ (ਡੀ.ਜੀ.ਪੀ.ਐਸ.), ਭਾਰਤੀ ਸਰਵੇਖਣ ਵਿਭਾਗ ਦੇ ਕੰਟੀਨਿਊਸਲੀ ਆਪਰੇਟਿੰਗ ਰੈਫਰੈਂਸ ਸਟੇਸ਼ਨ (ਸੀ.ਓ.ਆਰ.ਐਸ.) ਨੈੱਟਵਰਕ, ਉੱਚ ਰੈਜ਼ੋਲੂਸ਼ਨ ਆਰ.ਜੀ.ਬੀ. ਡਰੋਨ ਅਤੇ ਵਿਸ਼ੇਸ਼ ਭੂ-ਸਥਾਨਕ ਪ੍ਰੋਸੈਸਿੰਗ ਸਾਫਟਵੇਅਰ ਵਰਗੀਆਂ ਅਤਿ-ਆਧੁਨਿਕ ਤਕਨੀਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਨ੍ਹਾਂ ਤਕਨੀਕਾਂ ਨਾਲ ਸਰਕਾਰੀ ਪ੍ਰੋਜੈਕਟਾਂ ਲਈ ਸੈਂਟੀਮੀਟਰ ਪੱਧਰ ਦੀ ਸ਼ੁੱਧਤਾ ਪ੍ਰਾਪਤ ਹੋ ਰਹੀ ਹੈ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਕਿਹਾ ਕਿ ਸ਼ਾਸਨ ਪ੍ਰਣਾਲੀ ਵਿੱਚ ਡਰੋਨ ਅਤੇ ਭੂ-ਸਥਾਨਕ ਤਕਨਾਲੋਜੀ ਦੀ ਵਿਆਪਕ ਵਰਤੋਂ ਨਾਲ ਪਾਰਦਰਸ਼ਤਾ ਵਧੇਗੀ, ਰੈਗੂਲੇਟਰੀ ਨਿਗਰਾਨੀ ਵਧੇਰੇ ਪ੍ਰਭਾਵੀ ਹੋਵੇਗੀ ਅਤੇ ਡਾਟਾ-ਆਧਾਰਿਤ ਫੈਸਲੇ ਲੈਣ ਦੀ ਪ੍ਰਕਿਰਿਆ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ-ਸੀਮਾ ਵਿੱਚ ਪੂਰਾ ਕੀਤਾ ਜਾਵੇ, ਤਾਂ ਜੋ ਡਰੋਨ ਤੋਂ ਪ੍ਰਾਪਤ ਅੰਕੜਿਆਂ ਅਤੇ ਵਿਸ਼ਲੇਸ਼ਣ ਨੂੰ ਸ਼ਹਿਰੀ ਪ੍ਰਬੰਧਨ, ਵਾਤਾਵਰਣ ਨਿਗਰਾਨੀ ਅਤੇ ਪ੍ਰਸ਼ਾਸਨ ਦਾ ਅਨਿੱਖੜਵਾਂ ਅੰਗ ਬਣਾਇਆ ਜਾ ਸਕੇ। ਮੀਟਿੰਗ ਵਿੱਚ ‘ਦ੍ਰਿਸ਼ਿਆ’ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ਼੍ਰੀ ਫੂਲ ਕੁਮਾਰ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com




SEA DESIGN COMPANY

HOTEL SEA
SHAHEED-E-AZAM
24x7 SERVICES
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA

